ਅੱਸੂ (ਨਾਨਕਸ਼ਾਹੀ ਸੰਮਤ ੫੫੭)
ਸਤੰਬਰ 2025

2/- ਰੁਪਏ
PRGI No. 88, Vol. 69, Issue 9, September 2025

ਮਾਸਿਕ

ਗੁਰਦੁਆਰਾ ਗਜ਼ਟ



ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ (ਪਾਕਿਸਤਾਨ)

ਸ਼ਹੀਦੀ ਨਗਰ ਕੀਰਤਨ ਦੇ ਵੱਖ-ਵੱਖ ਪੜਾਵਾਂ ਦੀਆਂ ਤਸਵੀਰਾਂ

















ੴ ਵਾਹਿਗੁਰੂ ਜੀ ਕੀ ਫ਼ਤਹ॥

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਦਾ

ਮਾਸਿਕ ਪੱਤਰ

ਗੁਰਦੁਆਰਾ ਗਜ਼ਟ

ਸਥਾਪਤ ੧੯੨੯

ਅੱਸੂ	:	ਨਾਨਕਸ਼ਾਹੀ ਸੰਮਤ ੫੫੭
ਅੰਕ 9	:	ਜਿਲਦ 69
ਸਤੰਬਰ	:	2025

ਸੰਪਾਦਕ : ਪ੍ਰਤਾਪ ਸਿੰਘ
ਐਸੋਸੀਏਟ ਸੰਪਾਦਕ: ਡਾ. ਰਾਜਵਿੰਦਰ ਸਿੰਘ ਜੋਗਾ

ਚੰਦਾ

ਦੇਸ਼		ਵਿਦੇਸ਼
ਸਾਲਾਨਾ 20/-	:	ਸਾਲਾਨਾ 500/-
ਲਾਈਫ 200/-	:	(ਹਵਾਈ ਡਾਕ)

Website : www.sgpc.net
E-mail : gurdwaragazette@gmail.com
info@sgpc.net
Phone : 0183-255 3956-60, Ext. 254

ਸੂਚਨਾ

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦੇ ਮਾਸਿਕ ਪੱਤਰ ਗੁਰਦੁਆਰਾ ਗਜ਼ਟ ਦੀ ਸਥਾਪਤੀ ਦੇ ਸਮੇਂ ਤੋਂ ਚੱਲ ਰਹੇ ਜਿਲਦ ਨੰਬਰ ਦੀ ਲੜੀ ਅਨੁਸਾਰ ਸਾਲ ੨੦੨੦ ਵਿਚ ਜਿਲਦ ਨੰਬਰ ੯੨ ਛਪ ਰਿਹਾ ਸੀ। ਪਰੰਤੂ ਆਰ.ਐਨ.ਆਈ. ਵਿਭਾਗ ਭਾਰਤ ਸਰਕਾਰ ਪਾਸ ਪਰਚੇ ਦੀ ਰਜਿਸਟ੍ਰੇਸ਼ਨ ੧੯੫੭ ਵਿਚ ਹੋਈ ਸੀ, ਜਿਸ ਸਬੰਧੀ ਆਰ.ਐਨ.ਆਈ. ਵਿਭਾਗ ਵੱਲੋਂ ਪੁੱਜੇ ਪੱਤਰ ਦੀ ਰੌਸ਼ਨੀ ਵਿਚ ਅੰਤ੍ਰਿੰਗ ਕਮੇਟੀ ਦੇ ਮਤਾ ਨੰਬਰ ੫੨੪ ਮਿਤੀ ੫-੯-੨੦੨੦ ਰਾਹੀਂ ਸਤੰਬਰ ੨੦੨੦ ਦੇ ਅੰਕ ਤੋਂ ਜਿਲਦ ਨੰਬਰ ੯੨ ਦੀ ਜਗ੍ਹਾ ੬੪ ਕੀਤਾ ਗਿਆ।

ਕੇਂਦਰੀ ਲਾਇਬ੍ਰੇਰੀ ਕਮੇਟੀ ਅਤੇ ਸੰਚਾਲਕ ਲੋਕ ਸੰਪਰਕ ਵਿਭਾਗ ਚੰਡੀਗੜ੍ਹ ਦੀ ਚਿੱਠੀ ਨੰ: ਲ. ਸ. ਵ. (ਲਾਇਬ)-68/10258 ਮਿਤੀ 20-6-67 ਰਾਹੀਂ ਸਰਕਾਰੀ ਲਾਇਬ੍ਰੇਰੀਆਂ ਲਈ ਪ੍ਰਵਾਨ ਹੈ।

ਪ੍ਰਤੀ ਕਾਪੀ 2/-ਰੁਪਏ

ਤਤਕਰਾ

ਲੇਖ	ਪੰਨਾ
ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਦਰਬਾਰ ਸਾਹਿਬ ਦੀ ਪਵਿੱਤਰ ਮਰਯਾਦਾ	4
ਇਤਿਹਾਸਕ ਦਿਹਾੜੇ	5
ਗੁਰਬਾਣੀ ਵਿਚਾਰ	7
ਸੰਪਾਦਕੀ	8
ਭਾਈ ਘਨ੍ਹੱਈਆ ਜੀ ਦੀ ਸਿੱਖਿਆ ਤੇ ਸੰਦੇਸ਼ -ਪ੍ਰੋ. ਪਿਆਰਾ ਸਿੰਘ ਪਦਮ	11
ਸ਼੍ਰੋਮਣੀ ਕਮੇਟੀ ਖ਼ਬਰਨਾਮਾ	14
ਕਾਰਵਾਈ ਬਜਟ ਇਜਲਾਸ	55

English Section

Historical Events	128
Primary Sources of Sikh History: Basic Information -Dr. Hardev Singh	130
SGPC News	136

ਪਾਠਕ ਧਿਆਨ ਦੇਣ

ਸਮੂਹ ਸੰਗਤ ਨੂੰ ਸਤਿਕਾਰ ਸਹਿਤ ਬੇਨਤੀ ਹੈ ਕਿ 'ਗੁਰਦੁਆਰਾ ਗਜ਼ਟ' ਮੈਗਜ਼ੀਨ ਵਿਚ ਧਾਰਮਿਕ ਸਮੱਗਰੀ ਅਤੇ ਗਤੀਵਿਧੀਆਂ ਛਾਪੀਆਂ ਜਾਂਦੀਆਂ ਹਨ। ਇਸ ਲਈ ਹਰੇਕ ਪਾਠਕ ਲਈ ਇਸ ਮੈਗਜ਼ੀਨ ਨੂੰ ਪੂਰਨ ਸਤਿਕਾਰਤ ਰੂਪ ਵਿਚ ਸੰਭਾਲਣਾ ਜ਼ਰੂਰੀ ਹੈ। ਇਸ ਨੂੰ ਪੜ੍ਹ ਕੇ ਏਧਰ-ਓਧਰ ਸੁੱਟਣ ਦੀ ਬਜਾਇ ਕਿਸੇ ਹੋਰ ਧਾਰਮਿਕ ਰੁਚੀ ਵਾਲੇ ਪਾਠਕ ਨੂੰ ਦੇ ਦਿਓ ਜਾਂ ਆਪਣੇ ਨੇੜੇ ਦੀ ਕਿਸੇ ਲਾਇਬ੍ਰੇਰੀ ਵਿਚ ਜਮ੍ਹਾਂ ਕਰਵਾ ਦਿਓ ਜੀ। ਪਰੰਤੂ ਜਾਣੇ-ਅਣਜਾਣੇ ਇਸ ਧਾਰਮਿਕ ਰਸਾਲੇ ਨੂੰ ਰੱਦੀ ਵਿਚ ਦੇ ਕੇ ਬੇਅਦਬੀ ਨਾ ਕਰੋ ਜੀ। -ਸੰਪਾਦਕ

ੴ ਸਤਿਗੁਰ ਪ੍ਰਸਾਦਿ॥

ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਪਵਿੱਤਰ ਮਰਯਾਦਾ

ਮਹੀਨਾ ਅੱਸੂ

* ਕਿਵਾੜ ਖੁੱਲ੍ਹਣ ਦਾ ਸਮਾਂ ੨-੪੫ ਵਜੇ ਅੰਮ੍ਰਿਤ ਵੇਲੇ
* ਕੀਰਤਨ ਆਰੰਭ ੨-੪੫ ਵਜੇ ਅੰਮ੍ਰਿਤ ਵੇਲੇ
* ਆਸਾ ਦੀ ਵਾਰ ਦਾ ਕੀਰਤਨ ਆਰੰਭ ੩-੪੫ ਵਜੇ ਸਵੇਰੇ
* ਪਾਲਕੀ ਸਾਹਿਬ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਚੱਲਣ ਦਾ ਸਮਾਂ ੪-੪੫ ਵਜੇ ਸਵੇਰੇ
* ਪਹਿਲਾ ਹੁਕਮਨਾਮਾ ੫-੧੫ ਵਜੇ ਸਵੇਰੇ
* ਪਹਿਲੀ ਅਰਦਾਸ ੫-੪੫ ਵਜੇ ਸਵੇਰੇ
* ਸ੍ਰੀ ਆਸਾ ਜੀ ਦੀ ਵਾਰ ਦੀ ਸਮਾਪਤੀ ੬-੪੫ ਵਜੇ ਸਵੇਰੇ
* ਦੂਸਰੀ ਅਰਦਾਸ ਤੇ ਹੁਕਮਨਾਮਾ ੬-੪੫ ਤੋਂ ੭-੦੦ ਵਜੇ ਤੱਕ ਸਵੇਰੇ
* ਸ਼ਾਮ ਨੂੰ ਸੋਦਰੁ, ਰਹਰਾਸਿ ਸਾਹਿਬ ਦਾ ਪਾਠ ਸੂਰਜ ਛਿਪਣ ਉਪਰੰਤ ਸ਼ੁਰੂ ਹੁੰਦਾ ਹੈ।
* ਹੁਕਮਨਾਮਾ ਰਾਤ ਨੂੰ ਸਮਾਪਤੀ ਸਮੇਂ ੯-੪੫ ਵਜੇ ਰਾਤ
* ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੋਂ ਪਾਲਕੀ ਸਾਹਿਬ ਚੱਲਣ ਦਾ ਸਮਾਂ ੧੦-੦੦ ਵਜੇ ਰਾਤ
* ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪਹੁੰਚਣ ਦਾ ਸਮਾਂ ੧੦-੧੫ ਵਜੇ ਰਾਤ
* ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦੇ ਕਿਵਾੜ ਖੁੱਲ੍ਹਣ ਤੋਂ ਲੈ ਕੇ ਸਮਾਪਤੀ ਤਕ ਅਖੰਡ ਕੀਰਤਨ ਹੁੰਦਾ ਰਹਿੰਦਾ ਹੈ।
* ਰਾਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸਵਾਰੀ ਜਾਣ ਉਪਰੰਤ ਇਕ ਘੰਟਾ ਸੇਵਾ ਤੇ ਸਫਾਈ ਆਦਿ ਉਪਰੰਤ ਇਸ਼ਨਾਨ ਕਰਾਉਣ ਦੀ ਸੇਵਾ ਸ਼ਰਧਾਲੂ, ਸੇਵਾਦਾਰਾਂ ਦੇ ਸਹਿਯੋਗ ਨਾਲ ਕਰਦੇ ਹਨ।
* ਇਸ਼ਨਾਨ ਸਮੇਂ ਮਿਲ ਕੇ ਪ੍ਰੇਮੀ ਇਸ਼ਨਾਨ ਕਰਾਉਂਦੇ ਹਨ ਅਤੇ ਨਾਲ ਬੜੇ ਹੀ ਪ੍ਰੇਮ ਸਹਿਤ ਰਸ-ਭਿੰਨੀ ਸੁਰ ਵਿਚ ਗੁਰਬਾਣੀ ਦੇ ਸ਼ਬਦ ਗਾਇਨ ਕਰਦੇ ਹਨ। ਇਸ਼ਨਾਨ ਆਦਿ ਦੀ ਸੇਵਾ ਕਰਾਉਣ ਉਪਰੰਤ ਵਿਛਾਈਆਂ 'ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਸਿੰਘਾਸਨ ਸਜਾ ਕੇ ਅਰਦਾਸ ਹੁੰਦੀ ਹੈ ਤੇ ਕੜਾਹ ਪ੍ਰਸ਼ਾਦਿ ਦੀ ਦੇਗ ਵਰਤਦੀ ਹੈ।
* ਫਿਰ ਤਿੰਨ-ਪਹਿਰੇ ਦੀ ਚੌਂਕੀ ਦਾ ਕੀਰਤਨ ਆਰੰਭ ਹੁੰਦਾ ਹੈ।
* ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦੀ ਵਿਚਕਾਰਲੀ ਛੱਤ ਅਤੇ ਗੁੰਬਦ ਵਿਚ ਹਰ ਵਕਤ ਅਖੰਡ ਪਾਠ ਸਾਹਿਬ ਚੱਲਦੇ ਹਨ, ਜਿਨ੍ਹਾਂ ਦਾ ਵਾਰੀ ਨਾਲ ਰੋਜ਼ਾਨਾ ਇਕ ਅਖੰਡ ਪਾਠ ਸਾਹਿਬ ਦਾ ਭੋਗ ਪੈਂਦਾ ਹੈ।

ਪਾਠਕ/ਲੇਖਕ 'ਗੁਰਦੁਆਰਾ ਗਜ਼ਟ' ਲਈ ਰਚਨਾਵਾਂ, ਸਹਾਇਤਾ ਅਤੇ ਸੁਝਾਅ ਹੇਠ ਲਿਖੇ ਪਤੇ 'ਤੇ ਭੇਜਣ ਦੀ ਕ੍ਰਿਪਾਲਤਾ ਕਰਨ।

ਸਕੱਤਰ,

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ-੧੪੩੦੦੬

ਫੋਨ : ੦੦੬੧-੧੮੩-੨੫੫੩੬੫੭,੫੮,੫੯

16 ਸਤੰਬਰ ਤੋਂ 15 ਅਕਤੂਬਰ ਤਕ ਦੇ ਇਤਿਹਾਸਕ ਦਿਹਾੜੇ

੧੬ ਸਤੰਬਰ (ੳ) ਜੋਤੀ ਜੋਤਿ ਦਿਵਸ ਸ੍ਰੀ ਗੁਰੂ ਨਾਨਕ ਦੇਵ ਜੀ। (ਅੱਸੂ ਵਦੀ ੧੦)

(ਅ) ਸ. ਅਜੀਤ ਸਿੰਘ ਤੇ ਸ. ਲਹਿਣਾ ਸਿੰਘ ਸੰਧਾਵਾਲੀਆ ਦਾ ਕਤਲ ਕੀਤਾ ਗਿਆ। (੧੬-੯-੧੮੪੩)

(ੲ) ਖਾਲਸਾ ਕਾਲਜ ਅੰਮ੍ਰਿਤਸਰ ਦੇ ਵਿਦਿਆਰਥੀਆਂ ਵੱਲੋਂ ਚੰਦੋ ਕਲਾਂ (ਹਰਿਆਣਾ) ਵਿਖੇ ਪੁਲਿਸ ਵੱਲੋਂ ਕੀਤੀ ਵਧੀਕੀ ਦੇ ਵਿਰੁੱਧ ਰੋਸ ਮਾਰਚ ਕਰਨ 'ਤੇ ਪੁਲਿਸ ਨੇ ਕਾਲਜ ਦੇ ਅੰਦਰ ਦਾਖ਼ਲ ਹੋ ਕੇ ਵਿਦਿਆਰਥੀਆਂ 'ਤੇ ਹਮਲਾ ਕੀਤਾ ਜਿਸ ਕਾਰਨ ਕਈ ਵਿਦਿਆਰਥੀ ਫੱਟੜ ਹੋ ਗਏ ਤੇ ਕੁਝ ਪੁਲਿਸ ਨੇ ਗ੍ਰਿਫ਼ਤਾਰ ਕਰ ਲਏ। (੧੬-੯-੧੯੮੧)

੧੮ ਸਤੰਬਰ (ੳ) ਪਾਉਂਟਾ ਸਾਹਿਬ ਤੋਂ ੭-੮ ਮੀਲ ਦੀ ਦੂਰੀ 'ਤੇ ਭੰਗਾਣੀ ਦੇ ਸਥਾਨ 'ਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਪਹਾੜੀ ਰਾਜੇ ਫਤਹਿ ਸ਼ਾਹ ਨਾਲ ਪਹਿਲੀ ਜੰਗ ਹੋਈ। ਇਸ ਯੁੱਧ ਵਿਚ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੀ ਸਪੁੱਤਰੀ ਬੀਬੀ ਵੀਰੋ ਜੀ ਦੇ ਸਪੁੱਤਰ ਭਾਈ ਸੰਗੋਸ਼ਾਹ ਜੀ ਤੇ ਭਾਈ ਜੀਤ ਮੱਲ, ਭਾਈ ਮਨੀ ਸਿੰਘ ਜੀ ਦੇ ਭਰਾ ਭਾਈ ਹਰੀ ਦਾਸ, ਭਾਈ ਖੇਮਾ ਚੰਦਨੀਆ ਦੇ ਸਪੁੱਤਰ ਭਾਈ ਊਦਾ ਆਦਿ ਨੇ ਬੜੀ ਬੀਰਤਾ ਨਾਲ ਲੜਾਈ ਲੜੀ ਤੇ ਸ਼ਹੀਦੀ ਪ੍ਰਾਪਤ ਕੀਤੀ। (੧੮-੯-੧੬੮੮)

(ਅ) ਸਿੱਖ ਰਾਜ ਦੇ ਆਖਰੀ ਰਾਜੇ ਸ. ਦਲੀਪ ਸਿੰਘ ਨੂੰ ਰਾਜ ਤਿਲਕ ਲਾਇਆ ਗਿਆ। (੧੮-੯-੧੮੪੩)

੨੦ ਸਤੰਬਰ (ੳ) ਗੁਰਦੁਆਰਾ ਸਾਹਿਬਾਨ ਵਿਖੇ ਪੁਲਿਸ ਦਾਖ਼ਲੇ ਦੇ ਰੋਸ ਵਜੋਂ ਅਕਾਲੀ ਪਾਰਟੀ ਦੇ ਵਿਧਾਇਕਾਂ ਨੇ ਪੰਜਾਬ ਅਸੈਂਬਲੀ 'ਚੋਂ ਵਾਕ ਆਊਟ ਕੀਤਾ। (੨੦-੯-੧੯੬੧)

(ਅ) ਭਾਈ ਘਨੱਈਆ ਜੀ ਮਾਨਵ ਸੇਵਾ ਦਿਵਸ। (੫ ਅੱਸੂ)

੨੧ ਸਤੰਬਰ ਇਕ ਮਾਸੂਮ ਸਿੱਖ ਬੱਚੇ ਕਾਕਾ ਇੰਦਰਜੀਤ ਸਿੰਘ ਨੂੰ 'ਪੰਜਾਬੀ ਸੂਬੇ' ਦੇ ਨਾਅਰੇ ਲਗਾਉਣ 'ਤੇ ਕਰਨਾਲ ਵਿਚ ਪੁਲਿਸ ਨੇ ਜਾਨੋਂ ਮਾਰ ਦਿੱਤਾ ਤੇ ਉਸ ਦੀ ਲਾਸ਼ ਇਕ ਖੂਹ ਵਿਚ ਸੁੱਟ ਦਿੱਤੀ। (੨੧-੯-੧੯੬੦)

੨੩ ਸਤੰਬਰ ਪੰਜਾਬ ਸਬੰਧੀ ਅਤੇ ਹੋਰ ਮਸਲੇ ਵਿਚਾਰਨ ਲਈ ਭਾਰਤ ਸਰਕਾਰ ਨੇ ਇੰਦਰਾ ਗਾਂਧੀ, ਮਹਾਂਬੀਰ ਤਿਆਗੀ ਅਤੇ ਵਾਈ. ਬੀ. ਚਵਾਨ 'ਤੇ ਅਧਾਰਤ ਇਕ ਤਿੰਨ ਮੈਂਬਰੀ ਕੈਬਨਿਟ ਕਮੇਟੀ ਗਠਿਤ ਕੀਤੀ। (੨੩-੯-੧੯੬੫)

੨੪ ਸਤੰਬਰ ਸਿੰਘ ਸਭਾ ਲਹਿਰ ਦੇ ਮੋਢੀ, ਮਹਾਨ ਸਿੱਖ ਮਿਸ਼ਨਰੀ ਤੇ ਪ੍ਰਸਿੱਧ ਵਿਦਵਾਨ ਪ੍ਰੋਫੈਸਰ ਗੁਰਮੁਖ ਸਿੰਘ ਚਲਾਣਾ ਕਰ ਗਏ। (੨੪-੯-੧੯੬੮)

੨੫ ਸਤੰਬਰ (ੳ) ਭਾਰਤ ਸਰਕਾਰ ਨੇ ਕਿਰਪਾਨ ਪਹਿਨਣ 'ਤੇ ਲਾਈ ਪਾਬੰਦੀ ਵਾਪਸ ਲਈ। (੨੫-੯-੧੯੩੫)

(ਅ) ਚੰਡੀਗੜ੍ਹ ਵਿਖੇ ਇਕ ਸਰਬ ਪਾਰਟੀ ਕਾਨਫਰੰਸ ਹੋਈ ਜਿਸ ਵਿਚ ਚੰਡੀਗੜ੍ਹ ਪੰਜਾਬ ਨੂੰ ਦੇਣ ਦੀ ਮੰਗ ਕੀਤੀ। (੨੫-੯-੧੯੬੯)

੨੮ ਸਤੰਬਰ ਸ਼੍ਰੋਮਣੀ ਅਕਾਲੀ ਦਲ ਨੇ ਮਹਾਤਮਾ ਗਾਂਧੀ ਵੱਲੋਂ 'ਸਿੱਖ ਕਿਰਪਾਨ' ਸਬੰਧੀ ਆਖੇ ਲਫਜ਼ਾਂ ਦੀ ਨਿੰਦਾ ਕੀਤੀ। (੨੮-੯-੧੯੪੦)

੨੯ ਸਤੰਬਰ (ੳ) ਬਜਬਜ ਘਾਟ (ਕਲਕੱਤਾ) ਵਿਖੇ ਪੁਲਿਸ/ਫ਼ੌਜ ਦੀ ਫਾਇਰਿੰਗ ਨਾਲ ਕਾਮਾਗਾਟਾਮਾਰੂ ਜਹਾਜ਼ ਦੇ ਕਈ ਸਿੱਖ ਯਾਤਰੂ ਮਾਰੇ ਗਏ। (੨੯-੯-੧੯੧੪)

(ਅ) ਸਾਕਾ ਨੀਲਾ ਤਾਰਾ ਤੋਂ ਬਾਅਦ ਭਾਰਤੀ ਫ਼ੌਜ ਸ੍ਰੀ ਦਰਬਾਰ ਸਾਹਿਬ ਸਮੂਹ 'ਚੋਂ ਬਾਹਰ ਨਿਕਲੀ। (੨੯-੯-੧੯੮੪)

੩੦ ਸਤੰਬਰ (ੳ) ਭਾਰਤ ਸਰਕਾਰ ਨੇ ਭਾਰਤ ਦੀਆਂ ਅੰਦਰੂਨੀ ਹਵਾਈ ਉਡਾਨਾਂ ਵਿਚ ਵੀ 'ਕਿਰਪਾਨ' 'ਤੇ ਪਾਬੰਦੀ ਲਗਾ ਦਿੱਤੀ। (੩੦-੯-੧੯੮੧)

(ਅ) ਸ਼੍ਰੋਮਣੀ ਅਕਾਲੀ ਦਲ ਦੇ ਲੀਡਰਾਂ ਦੀ ਗ੍ਰਹਿ ਮੰਤਰੀ ਲਾਲ ਬਹਾਦਰ ਸ਼ਾਸਤਰੀ ਨਾਲ ਪੰਜਾਬੀ ਸੂਬੇ ਸਬੰਧੀ ਅਹਿਮ ਗੱਲਬਾਤ ਹੋਈ। (੩੦-੯-੧੯੬੧)

੧ ਅਕਤੂਬਰ (ੳ) ਸਿੰਘ ਸਭਾ ਲਹਿਰ ਦਾ ਸਥਾਪਨਾ ਦਿਵਸ। (੧ ਅਕਤੂਬਰ, ੧੮੭੩)

(ਅ) ਪੰਜਾਬੀ ਸੂਬੇ ਦੇ ਮਸਲੇ 'ਤੇ ਇਕ ਹਾਈ ਪਾਵਰ ਕਮਿਸ਼ਨ ਬਣਾਉਣ 'ਤੇ ਮਾਸਟਰ ਤਾਰਾ ਸਿੰਘ ਨੇ ਆਪਣੀ ਭੁੱਖ ਹੜਤਾਲ ਤੋੜ ਦਿੱਤੀ। (੧-੧੦-੧੯੬੧)

੩ ਅਕਤੂਬਰ ਸਿੱਖਾਂ ਨੇ ਬਾਬਾ ਬੰਦਾ ਸਿੰਘ ਬਹਾਦਰ ਦੀ ਅਗਵਾਈ ਵਿਚ ਰਾਹੋਂ 'ਤੇ ਕਬਜ਼ਾ ਕੀਤਾ। (੩-੧੦-੧੭੧੦)

੫ ਅਕਤੂਬਰ (ੳ) ਬਾਬਾ ਬੰਦਾ ਸਿੰਘ ਬਹਾਦਰ ਨੰਦੇੜ ਤੋਂ ਪੰਜਾਬ ਵੱਲ ਰਵਾਨਾ ਹੋਏ। (੫-੧੦-੧੭੦੮)

(ਅ) ਸਿੱਖਾਂ ਨੇ ਗੁ: ਬਾਬੇ ਦੀ ਬੇਰ, ਸਿਆਲਕੋਟ (ਪਾਕਿਸਤਾਨ) ਦਾ ਪ੍ਰਬੰਧ ਮਹੰਤ ਪਾਸੋਂ ਆਪਣੇ ਅਧੀਨ ਲਿਆ। (੫-੧੦-੧੯੨੦)

੭ ਅਕਤੂਬਰ ਜੋੜ ਮੇਲਾ ਬੀੜ ਬਾਬਾ ਬੁੱਢਾ ਜੀ, ਠੱਠਾ, ਤਰਨ ਤਾਰਨ। (੨੧-੨੨ ਅੱਸੂ)

੮ ਅਕਤੂਬਰ ਮਹਾਰਾਜਾ ਰਣਜੀਤ ਸਿੰਘ ਦੇ ਦੇਹਾਂਤ ਤੋਂ ਬਾਅਦ ਡੋਗਰਿਆਂ ਦੀ ਕਮੀਨੀ ਚਾਲ ਨਾਲ ਮਹਾਰਾਜਾ ਖੜਕ ਸਿੰਘ ਦੇ ਨਜ਼ਦੀਕੀ ਸਾਥੀ ਚੇਤ ਸਿੰਘ ਨੂੰ ਧਿਆਨ ਸਿੰਘ ਡੋਗਰੇ ਨੇ ਮਹਾਰਾਜਾ ਖੜਕ ਸਿੰਘ ਦੇ ਸਾਹਮਣੇ ਕਤਲ ਕੀਤਾ। (੮-੧੦-੧੮੩੯)

੯ ਅਕਤੂਬਰ (ੳ) ਜਨਮ ਭਾਈ ਤਾਰੂ ਸਿੰਘ ਜੀ। (੨੪ ਅੱਸੂ)

(ਅ) ਸ਼ਹੀਦੀ ਦਿਹਾੜਾ ਭਾਈ ਸੁਖਦੇਵ ਸਿੰਘ ਸੁੱਖਾ ਅਤੇ ਭਾਈ ਹਰਜਿੰਦਰ ਸਿੰਘ ਜਿੰਦਾ। (੯-੧੦-੧੯੯੨)

੧੨ ਅਕਤੂਬਰ ਜਥੇਦਾਰ ਤੇਜਾ ਸਿੰਘ 'ਭੁੱਚਰ' ਦੀ ਜਥੇਦਾਰੀ ਹੇਠ ੨੫ ਸਿੰਘਾਂ ਦੇ ਜਥੇ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੀ ਪਹਿਲੀ ਸੇਵਾ ਸੰਭਾਲੀ। (੧੨-੧੦-੧੯੨੦)

੧੫ ਅਕਤੂਬਰ (ੳ) ਗੁਰਿਆਈ ਦਿਵਸ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ। (ਕੱਤਕ ਵਦੀ ੯)

(ਅ) ਜੋਤੀ-ਜੋਤਿ ਦਿਵਸ ਸ੍ਰੀ ਗੁਰੂ ਹਰਿਰਾਇ ਸਾਹਿਬ ਜੀ। (ਕੱਤਕ ਵਦੀ ੯)

ਗੁਰਬਾਣੀ ਵਿਚਾਰ:

ਅਸੁਨਿ ਪ੍ਰੇਮ ਉਮਾਹੜਾ...

ਅਸੁਨਿ ਪ੍ਰੇਮ ਉਮਾਹੜਾ ਕਿਉ ਮਿਲੀਐ ਹਰਿ ਜਾਇ॥
ਮਨਿ ਤਨਿ ਪਿਆਸ ਦਰਸਨ ਘਣੀ ਕੋਈ ਆਣਿ ਮਿਲਾਵੈ ਮਾਇ॥
ਸੰਤ ਸਹਾਈ ਪ੍ਰੇਮ ਕੇ ਹਉ ਤਿਨ ਕੈ ਲਾਗਾ ਪਾਇ॥
ਵਿਣੁ ਪ੍ਰਭ ਕਿਉ ਸੁਖੁ ਪਾਈਐ ਦੂਜੀ ਨਾਹੀ ਜਾਇ॥
ਜਿੰਨ੍ਹੀ ਚਾਖਿਆ ਪ੍ਰੇਮ ਰਸੁ ਸੇ ਤ੍ਰਿਪਤਿ ਰਹੇ ਆਘਾਇ॥
ਆਪੁ ਤਿਆਗਿ ਬਿਨਤੀ ਕਰਹਿ ਲੇਹੁ ਪ੍ਰਭੂ ਲੜਿ ਲਾਇ॥
ਜੋ ਹਰਿ ਕੰਤਿ ਮਿਲਾਈਆ ਸਿ ਵਿਛੁੜਿ ਕਤਹਿ ਨ ਜਾਇ॥
ਪ੍ਰਭ ਵਿਣੁ ਦੂਜਾ ਕੋ ਨਹੀ ਨਾਨਕ ਹਰਿ ਸਰਣਾਇ॥
ਅਸੂ ਸੁਖੀ ਵਸੰਦੀਆ ਜਿਨਾ ਮਇਆ ਹਰਿ ਰਾਇ॥੯॥

ਹੇ ਮਾਂ! (ਭਾਦਰੋਂ ਦੇ ਘੁੰਮੇ ਤੇ ਤ੍ਰਾਟਕੇ ਲੰਘਣ ਪਿੱਛੋਂ) ਅੱਸੂ (ਦੀ ਮਿੱਠੀ ਮਿੱਠੀ ਰੁੱਤ) ਵਿਚ (ਮੇਰੇ ਅੰਦਰ ਪ੍ਰਭੂ-ਪਤੀ ਦੇ) ਪਿਆਰ ਦਾ ਉਛਾਲਾ ਆ ਰਿਹਾ ਹੈ (ਮਨ ਤੜਫਦਾ ਹੈ ਕਿ) ਕਿਸੇ ਨਾ ਕਿਸੇ ਤਰ੍ਹਾਂ ਚੱਲ ਕੇ ਪ੍ਰਭੂ-ਪਤੀ ਨੂੰ ਮਿਲਾਂ। ਮੇਰੇ ਮਨ ਵਿਚ ਮੇਰੇ ਤਨ ਵਿਚ ਪ੍ਰਭੂ ਦੇ ਦਰਸ਼ਨ ਦੀ ਬੜੀ ਪਿਆਸ ਲੱਗੀ ਹੋਈ ਹੈ (ਚਿੱਤ ਲੋਚਦਾ ਹੈ ਕਿ) ਕੋਈ (ਉਸ ਪਤੀ ਨੂੰ) ਲਿਆ ਕੇ ਮੇਲ ਕਰਾ ਦੇਵੇ। (ਇਹ ਸੁਣ ਕੇ ਕਿ) ਸੰਤ ਜਨ ਪ੍ਰੇਮ ਵਧਾਣ ਵਿਚ ਸਹੈਤਾ ਕਰਿਆ ਕਰਦੇ ਹਨ, ਮੈਂ ਉਹਨਾਂ ਦੀ ਚਰਨੀਂ ਲੱਗੀ ਹਾਂ। (ਹੇ ਮਾਂ!) ਪ੍ਰਭੂ ਤੋਂ ਬਿਨਾ ਸੁਖ ਆਨੰਦ ਨਹੀਂ ਮਿਲ ਸਕਦਾ (ਕਿਉਂਕਿ ਸੁਖ-ਆਨੰਦ ਦੀ) ਹੋਰ ਕੋਈ ਥਾਂ ਹੀ ਨਹੀਂ।

ਜਿਨ੍ਹਾਂ (ਵਡ-ਭਾਗੀਆਂ) ਨੇ ਪ੍ਰਭੂ-ਪਿਆਰ ਦਾ ਸੁਆਦ (ਇਕ ਵਾਰੀ) ਚੱਖ ਲਿਆ ਹੈ (ਉਹਨਾਂ ਨੂੰ ਮਾਇਆ ਦੇ ਸੁਆਦ ਭੁੱਲ ਜਾਂਦੇ ਹਨ, ਮਾਇਆ ਵੱਲੋਂ) ਉਹ ਰੱਜ ਜਾਂਦੇ ਹਨ, ਆਪਾ ਭਾਵ ਛੱਡ ਕੇ ਉਹ ਸਦਾ ਅਰਦਾਸਾਂ ਕਰਦੇ ਰਹਿੰਦੇ ਹਨ—ਹੇ ਪ੍ਰਭੂ! ਸਾਨੂੰ ਆਪਣੇ ਲੜ ਲਾਈ ਰੱਖ।

ਜਿਸ ਜੀਵ-ਇਸਤ੍ਰੀ ਨੂੰ ਪ੍ਰਭੂ ਖਸਮ ਨੇ ਆਪਣੇ ਨਾਲ ਮਿਲਾ ਲਿਆ ਹੈ, ਉਹ (ਉਸ ਮਿਲਾਪ ਵਿਚੋਂ) ਵਿੱਛੁੜ ਕੇ ਹੋਰ ਕਿਸੇ ਥਾਂ ਨਹੀਂ ਜਾਂਦੀ, (ਕਿਉਂਕਿ) ਹੇ ਨਾਨਕ (ਉਸ ਨੂੰ ਨਿਸਚਾ ਆ ਜਾਂਦਾ ਹੈ ਕਿ ਸਦੀਵੀ ਸੁਖ ਵਾਸਤੇ) ਪ੍ਰਭੂ ਦੀ ਸਰਨ ਤੋਂ ਬਿਨਾ ਹੋਰ ਕੋਈ ਥਾਂ ਨਹੀਂ ਹੈ ਉਹ ਸਦਾ ਪ੍ਰਭੂ ਦੀ ਸਰਨ ਪਈ ਰਹਿੰਦੀ ਹੈ।

ਅੱਸੂ (ਦੀ ਮਿੱਠੀ ਮਿੱਠੀ ਰੁੱਤ) ਵਿਚ ਉਹ ਜੀਵ-ਇਸਤ੍ਰੀਆਂ ਸੁਖ ਵਿਚ ਵੱਸਦੀਆਂ ਹਨ, ਜਿਨ੍ਹਾਂ ਉੱਤੇ ਪਰਮਾਤਮਾ ਦੀ ਕਿਰਪਾ ਹੁੰਦੀ ਹੈ।੯।

ਸੰਪਾਦਕੀ...

ਆਓ! ਹੜ੍ਹ ਪੀੜਤ ਪਰਿਵਾਰਾਂ ਦੀ ਸਹਾਇਤਾ ਕਰੀਏ

ਅਕਾਲ ਪੁਰਖ ਵਾਹਿਗੁਰੂ, ਕਰਤਾ ਨੇ ਜਿਹੜੀ ਕੁਦਰਤ ਸਾਜੀ ਹੈ। ਗੁਰਬਾਣੀ ਅਨੁਸਾਰ ਉਹ ਉਸ ਦੇ ਭੈ-ਭਾਵ ਅਰਥਾਤ ਹੁਕਮ ਅਨੁਸਾਰ ਚੱਲ ਰਹੀ ਹੈ। ਪਰ ਇਸ ਵਿਚ ਵੀ ਕੋਈ ਸ਼ੱਕ ਨਹੀਂ ਕਿ ਮਨੁੱਖ ਨੇ ਆਪਣੀਆਂ ਦੁਨਿਆਵੀ ਲੋੜਾਂ ਤੇ ਸੁਖ-ਸਹੂਲਤਾਂ ਲਈ ਕੁਦਰਤੀ ਬਨਸਪਤੀ/ਵਸਤਾਂ/ਸੋਮਿਆਂ ਆਦਿ ਦਾ ਬਹੁਤ ਭਾਰੀ ਨੁਕਸਾਨ ਵੀ ਕਰ ਦਿੱਤਾ ਹੈ, ਜਿਹੜਾ ਕਿ ਉਸ ਦੇ ਹੁਕਮ ਵਿਚ ਚੱਲਣ ਵਾਲੇ ਵਰਤਾਰੇ ਨੂੰ ਪ੍ਰਭਾਵਿਤ ਕਰ ਰਿਹਾ ਹੈ। ਜਿਸ ਦੇ ਨਤੀਜੇ ਵਜੋਂ ਵਾਤਾਵਰਣ ਵਿਚ ਅਣਲੋੜੀ ਤਬਦੀਲੀ ਹੋ ਰਹੀ ਹੈ। ਇਸੇ ਕਰ ਕੇ ਸੰਸਾਰ ਅੰਦਰ ਕੁਦਰਤੀ ਆਫਤਾਂ, ਹੜ੍ਹ, ਤੂਫਾਨ ਤੇ ਭੂਚਾਲ ਆਦਿ ਆ ਰਹੇ ਹਨ। ਧਰਤੀ ਦੀਆਂ ਕੁਝ ਥਾਵਾਂ ਐਸੀਆਂ ਵੀ ਹਨ ਕਿ ਜਿੱਥੇ ਕੁਦਰਤੀ ਆਫਤਾਂ ਘੱਟ ਹੀ ਆਉਂਦੀਆਂ ਹਨ। ਦੁਨੀਆਂ ਦੇ ਨਕਸੇ ਵਿਚ ਭਾਰਤ ਦੇਸ਼ ਦੇ ਪੰਜਾਬ ਦੀ ਧਰਤੀ ਇਕ ਐਸੀ ਹੀ ਮਹਾਨ ਧਰਤੀ ਹੈ, ਜਿਸ ਨੂੰ ਗੁਰੂਆਂ/ਪੀਰਾਂ ਦੀ ਧਰਤੀ ਹੋਣ ਦਾ ਮਾਣ ਪ੍ਰਾਪਤ ਹੈ। ਇਸ ਦਾ ਵਾਤਾਵਰਣ ਬੜਾ ਹੀ ਸਮਤਲ ਤੇ ਸੁਹਾਵਨਾ ਹੈ। ਇੱਥੋਂ ਦਾ ਕੁਝ ਇਲਾਕਾ ਜਿੱਥੇ ਪਹਾੜੀ ਤੇ ਮੈਦਾਨੀ ਹੈ, ਉੱਥੇ ਕੁਝ ਰਸੀਲਾ (ਮਾਰੂ) ਤੇ ਦਰਿਆਈ ਵੀ ਹੈ। ਭਾਵ ਇੱਥੇ ਹਰ ਤਰ੍ਹਾਂ ਦੀ ਜ਼ਮੀਨ ਵਾਲਾ ਹੈ, ਜੋ ਕਿ ਹੈ ਸਾਰਾ ਹੀ ਉਪਜਾਊ, ਕਿਤੇ ਕੋਈ ਵਸਤੂ ਪੈਦਾ ਹੁੰਦੀ ਹੈ ਤੇ ਕਿਤੇ ਕੋਈ ਅਨਾਜ। ਇੱਥੇ ਗਰਮੀ-ਸਰਦੀ ਦੀਆਂ ਵੀ ਦੋਵੇਂ ਰੁੱਤਾਂ ਇਕ ਸਮਾਨ ਆਉਂਦੀਆਂ ਹਨ ਤੇ ਵਾਰਸ਼ ਵੀ ਲੋੜ ਅਨੁਸਾਰ ਮੌਸਮੀ ਹੁੰਦੀ ਹੈ। ਜਦੋਂ ਕਿ ਦੂਜੇ ਸੂਬਿਆਂ ਵਿਚ ਕਿਤੇ ਜ਼ਿਆਦਾ ਗਰਮੀ ਤੇ ਕਿਤੇ ਜ਼ਿਆਦਾ ਸਰਦੀ ਪੈਂਦੀ ਹੈ ਅਤੇ ਕਿਤੇ ਜ਼ਿਆਦਾ ਵਾਰਸ਼ ਤੇ ਕਿਤੇ ਘੱਟ, ਭਾਵ ਸੋਕਾ ਤਕ ਪੈ ਜਾਂਦਾ ਹੈ। ਕਹਿਣ ਤੋਂ ਭਾਵ ਪੰਜਾਬ ਦੀ ਧਰਤੀ ਇਨ੍ਹਾਂ ਦੂਜੇ ਸੂਬਿਆਂ ਦੇ ਮੁਕਾਬਲੇ ਵਧੀਆ ਮੰਨੀ ਜਾਂਦੀ ਹੈ। ਇਸ ਧਰਤੀ ਨੇ ਕਿੰਨੇ ਹੀ ਭਗਤ, ਸੂਰਮੇ, ਯੋਧੇ ਤੇ ਦਾਨੀ ਪੈਦਾ ਕੀਤੇ ਹਨ। ਇੱਥੇ ਵੱਸਣ ਵਾਲੇ ਲੋਕ ਜਿੱਥੇ ਬਹੁਤ ਮਿਹਨਤੀ, ਕਿਰਤੀ ਤੇ ਕਮਾਊ ਹਨ, ਉੱਥੇ ਸਿਰੜ੍ਹੀ, ਧਰਮੀ, ਦਾਨੀ ਤੇ ਬਹੁਤ ਹੀ ਦਰਿਆਦਿਲ ਵਾਲੇ ਹਨ, ਕਿਉਂਕਿ ਇਨ੍ਹਾਂ ਨੂੰ ਗੁਰੂ ਸਾਹਿਬ ਦੁਆਰਾ 'ਨਾਨਕ ਨਾਮੁ ਚੜ੍ਹਦੀਕਲਾ ਤੇਰੇ ਭਾਣੇ ਸਰਬਤ ਦਾ ਭਲਾ' ਦੀ ਸਿੱਖਿਆ ਮਿਲੀ ਹੋਈ ਹੈ। ਇਸ ਵਿਚ ਜਿੱਥੇ ਚੜ੍ਹਦੀਕਲਾ ਦਾ ਸੰਕਲਪ ਹੈ, ਉੱਥੇ ਸਰਬੱਤ ਦੇ ਭਲੇ ਦੀ ਅਰਦਾਸ ਵਿਚ ਮਿੱਤਰ ਕੀ ਤੇ ਦੁਸ਼ਮਣ ਕੀ, ਸਾਰੇ ਹੀ ਇਕੋ ਕਲਾਵੇ ਵਿਚ ਲੈ ਲਏ ਜਾਂਦੇ ਹਨ।

'ਪੰਜਾਬ ਦੇ ਜੰਮਿਆਂ ਨੂੰ ਨਿੱਤ ਮੁਹਿੰਮਾ' ਇਤਿਹਾਸ ਇਸ ਗੱਲ ਦਾ ਗਵਾਹ ਹੈ ਕਿ ਗੁਰੂ-ਕਾਲ ਤੋਂ ਹੀ ਪੰਜਾਬ ਖੇਤਰ ਸੰਘਰਸ਼ ਦਾ ਹਿੱਸਾ ਰਿਹਾ ਹੈ। ਮੁਗ਼ਲ ਕਾਲ ਮੌਕੇ ਪੰਜਾਬ ਨੂੰ ਬਹੁਤ ਵੰਗਾਰਾਂ ਸਨ। ਉਸ ਸਮੇਂ ਬਾਬਰ ਨੂੰ ਜ਼ਾਬਰ ਕਹਿਣ ਵਾਲੇ ਸਿੱਖ ਧਰਮ ਦੇ ਬਾਨੀ ਗੁਰੂ ਨਾਨਕ ਪਾਤਸ਼ਾਹ ਜੀ ਇਸੇ ਖੇਤਰ ਵਿਚੋਂ ਸਨ। ਸੰਨ ੧੯੪੭ ਵਿਚ ਪੰਜਾਬ ਦੇ ਲੋਕਾਂ ਨੇ ਪਹਿਲਾ ਉਜਾੜਾ ਵੇਖਿਆ, ਫਿਰ ੧੯੮੪ ਵਿਚ ਖਾਸ ਕਰ ਕੇ ਸਿੱਖਾਂ ਦਾ ਹੀ ਕਤਲੇਆਮ ਕੀਤਾ ਗਿਆ। ੧੯੮੮ ਵਿਚ ਆਏ (ਜਾਂ ਹੁਣ ਨਸਰ ਹੋ ਰਹੀਆਂ ਖ਼ਬਰਾਂ ਦੇ ਅਧਾਰਿਤ ਲਿਆਂਦੇ ਗਏ) ਹੜ੍ਹਾਂ ਨੇ ਪੰਜਾਬ ਦਾ ਬਹੁਤ ਵੱਡਾ ਨੁਕਸਾਨ ਕੀਤਾ। ਹੁਣ ਅਗਸਤ ੨੦੨੫ ਨੂੰ ਹੜ੍ਹਾਂ ਨੇ ਅਜਿਹੀ ਤਰਥੱਲੀ ਮਚਾ ਦਿੱਤੀ ਹੈ ਕਿ ਹੜ੍ਹ ਪ੍ਰਭਾਵਿਤ ਖੇਤਰਾਂ ਦੇ ਲੋਕਾਂ ਦੀਆਂ ਜ਼ਿੰਦਗੀ ਭਰ ਦੀਆਂ ਕਮਾਈਆਂ ਕੁਝ ਹੀ ਪਲਾਂ ਵਿਚ ਉਨ੍ਹਾਂ ਦੀਆਂ ਅੱਖਾਂ ਦੇ ਸਾਹਮਣੇ ਪਾਣੀ ਦੇ ਬੁਲਬੁਲੇ ਵਾਂਗ ਖ਼ਤਮ ਹੋ ਗਈਆਂ ਹਨ। ਮਿਹਨਤਕਸ਼ ਵਿਅਕਤੀ ਜ਼ਿੰਦਗੀ ਵਿਚ ਇਕ ਵਾਰ

ਹੀ ਆਪਣਾ ਚੰਗਾ ਜਾਂ ਰਹਿਣਯੋਗ ਘਰ-ਬਾਰ ਬਣਾ ਸਕਦਾ ਹੈ ਤੇ ਇਸੇ ਤਰ੍ਹਾਂ ਖੇਤੀ-ਬਾੜੀ ਜਾਂ ਆਪਣੇ ਕਾਰੋਬਾਰ ਕਰਨ ਲਈ ਕੋਈ ਸਾਧਨ ਮੁਹੱਈਆ ਕਰ ਸਕਦਾ ਹੈ। ਪਰ ਜਦੋਂ ਅਜਿਹਾ ਭਾਣਾ ਵਾਪਰ ਜਾਂਦਾ ਹੈ ਤਾਂ ਉਸ ਨੂੰ ਫਿਰ ਤੋਂ ਨਵੇਂ ਸਿਰਿਓਂ ਸ਼ੁਰੂਆਤ ਕਰਨੀ ਪੈਂਦੀ ਹੈ। ਉਸ ਦੀ ਜ਼ਿੰਦਗੀ ਲਗਪਗ ੨੫-੩੦ ਸਾਲ ਪਿੱਛੇ ਚਲੀ ਜਾਂਦੀ ਹੈ। ਸ਼ੁਕਰ ਹੈ, ਵਾਹਿਗੁਰੂ ਜੀ ਦਾ ਕਿ ਇਨ੍ਹਾਂ ਸਿੱਖਾਂ/ਪੰਜਾਬੀਆਂ ਨੂੰ ਗੁਰੂ ਸਾਹਿਬ ਨੇ ਐਸੀ ਮੱਤ ਤੇ ਹਿੰਮਤ ਬਖ਼ਸ਼ੀ ਹੈ ਕਿ ਉਹ ਅਰਸ਼ ਤੋਂ ਫਰਸ਼ 'ਤੇ ਆ ਕੇ ਵੀ ਦੁਬਾਰਾ ਅਰਸ਼ 'ਤੇ ਜਾਣ ਦੀ ਸਮਰੱਥਾ ਰੱਖਦੇ ਹਨ। ਜਿਵੇਂ ਹੜ੍ਹਾਂ ਵਿਚ ਘਿਰੇ ਪਰਿਵਾਰਾਂ ਦੀਆਂ ਵੀਡੀਓਜ਼ ਸਾਹਮਣੇ ਆ ਰਹੀਆਂ ਹਨ ਕਿ ਉਹ ਸੇਵਾ ਕਰਨ ਵਾਲੇ ਵਿਅਕਤੀਆਂ ਨੂੰ ਕਹਿੰਦੇ ਦਿਖਾਈ ਦਿੰਦੇ ਹਨ ਕਿ ਭਾਈ ਜਲ ਪਾਣੀ/ਚਾਹ ਛਕ ਕੇ ਜਾਇਓ, ਜਦੋਂ ਕਿ ਉਨ੍ਹਾਂ ਦਾ ਸਾਰਾ ਕੁਝ ਹੜ੍ਹ ਦੇ ਪਾਣੀਆਂ ਵਿਚ ਰੁੜ ਗਿਆ ਹੈ ਪਰ ਉਹ ਫਿਰ ਵੀ ਗੁਰੂ ਦੀ ਰਜ਼ਾ ਵਿਚ ਰਾਜ਼ੀ ਹਨ। ਗੁਰਮਤਿ ਵਿਚ ਇਸੇ ਨੂੰ 'ਚੜ੍ਹਦੀਕਲਾ' ਕਿਹਾ ਜਾਂਦਾ ਹੈ।

'ਨਾ ਕੋ ਬੈਰੀ ਨਹੀ ਬਿਗਾਨਾ...' ਤੇ 'ਹਥਹੁ ਦੇ ਕੈ ਭਲਾ ਮਨਾਏ' ਅਨੁਸਾਰ ਗੁਰਮਤਿ ਦੀ ਰੌਸ਼ਨੀ ਵਿਚ ਪੰਜਾਬ ਦੇ ਹੀ ਦੂਜੇ ਨਗਰਾਂ ਦੇ ਲੋਕਾਂ ਨੇ ਇਨ੍ਹਾਂ ਦੁਖਿਆਰੇ ਭਰਾਵਾਂ ਦੀ ਮੱਦਦ ਲਈ ਆਪਣੇ ਬੂਹੇ ਖੋਲ੍ਹ ਦਿੱਤੇ ਹਨ। ਉਹ ਬਿਨਾਂ ਕਿਸੇ ਭੇਦ-ਭਾਵ ਦੇ ਹੜ੍ਹ ਪੀੜਤਾਂ ਦੀ ਮੱਦਦ ਲਈ ਅੱਗੇ ਆ ਰਹੇ ਹਨ। ਉਕਤ ਅਨੁਸਾਰ ਵਾਪਰੀਆਂ ਘਟਨਾਵਾਂ ਇਸ ਗੱਲ ਦੀ ਗਵਾਹੀ ਭਰਦੀਆਂ ਹਨ, ਕਿ ਜਦੋਂ ਵੀ ਪੰਜਾਬ 'ਤੇ ਕੋਈ ਵੀ ਆਫਤ ਆਈ ਤਾਂ ਉਸ ਨੂੰ ਉਸ ਆਫਤ ਦਾ ਸਾਹਮਣਾਂ ਆਪਣੇ ਜਤਨਾਂ ਤੇ ਆਪਣੇ ਦਮ 'ਤੇ ਹੀ ਕਰਨਾ ਪਿਆ ਹੈ। ਕੇਂਦਰ ਵਿਚ ਕਿਸੇ ਵੀ ਪਾਰਟੀ ਦੀ ਸਰਕਾਰ ਰਹੀ ਹੋਵੇ ਉਸ ਨੇ ਹਮੇਸਾ ਹੀ ਪੰਜਾਬ ਨਾਲ ਮਤਰੇਈ ਮਾਂ ਵਾਲਾ ਵਿਵਹਾਰ ਕੀਤਾ। ਪ੍ਰਤੱਖ ਨੂੰ ਪਰਮਾਣ ਦੀ ਲੋੜ ਨਹੀਂ ਮੌਜੂਦਾ ਸਮੇਂ ਪੰਜਾਬ ਦੇ ਪੰਦਰ੍ਹਾਂ ਸੌਂ ਤੋਂ ਵੱਧ ਨਗਰਾਂ ਵਿਚ ਹੜ੍ਹਾਂ ਨੇ ਤਰਥੱਲੀ ਮਚਾ ਰੱਖੀ ਹੈ। ਪਰ ਕੇਂਦਰ ਸਰਕਾਰ ਦੇ ਕਿਸੇ ਵੀ ਨੁਮਾਇੰਦੇ ਨੇ ਕੁਝ ਦੇਣ ਜਾਂ ਸਹਾਇਤਾ ਕਰਨ ਬਾਰੇ ਤਾਂ ਛੱਡੋ, ਬਲਕਿ ਕਿੰਨੇ ਦਿਨ ਹੋ ਗਏ ਕਿਸੇ ਨੇ ਕੋਈ ਹਾ-ਦਾ-ਨਾਹਰਾ ਵੀ ਨਹੀਂ ਮਾਰਿਆ। ਜੇਕਰ ਗੱਲ ਕਰੀਏ ਸੂਬਾ ਸਰਕਾਰ ਦੀ ਤਾਂ ਉਸ ਦੀ ਵੀ ਨਲਾਇਕੀ ਸਹਾਮਣੇ ਆ ਰਹੀ ਹੈ, ਜਦੋਂ ਕਿ ਉਸ ਦਾ ਫਰਜ਼ ਬਣਦਾ ਸੀ ਕਿ ਉਹ ਆਪਣੇ ਸਾਧਨਾਂ ਰਾਹੀਂ ਪਹਿਲਾਂ ਹੀ ਅਜਿਹੇ ਪੁਖਤਾ ਪ੍ਰਬੰਧ ਕਰਦੀ, ਜਦੋਂਕਿ ਮੌਸਮੀ ਵਿਭਾਗ ਦੀਆਂ ਖ਼ਬਰਾਂ ਪਹਿਲਾਂ ਹੀ ਆ ਰਹੀਆਂ ਸਨ ਕਿ ਇਸ ਵਾਰ ਬਹੁਤ ਜ਼ਿਆਦਾ ਵਾਰਸਾਂ ਹੋਣੀਆਂ ਹਨ। ਪਰ ਨਹੀਂ, ਮੌਜੂਦਾ ਸੂਬਾ ਸਰਕਾਰ ਦੇ ਮੰਤਰੀਆਂ ਦੇ ਤਾਂ ਭਾਰੀ ਵਾਰਸ਼ ਹੋਣ ਤਕ ਵੀ ਇਹੀ ਬਿਆਨ ਆਉਂਦੇ ਰਹੇ ਕਿ ਸਥਿਤੀ ਸਾਡੇ ਧਿਆਨ ਵਿਚ ਹੈ, ਅਸੀਂ ਪੂਰੇ ਪ੍ਰਬੰਧ ਕਰ ਰੱਖੇ ਹਨ। ਜਦੋਂ ਕਿ ਅਸਲੀਅਤ ਸਾਡੇ ਸਾਹਮਣੇ ਆ ਚੁੱਕੀ ਹੈ। ਉਕਤ ਅਨੁਸਾਰ ਕੇਂਦਰੀ ਜਾਂ ਸੂਬਾ ਸਰਕਾਰਾਂ ਤੋਂ ਕਿਸੇ ਪ੍ਰਕਾਰ ਦੀ ਆਸ ਨਾ ਰੱਖਦੇ ਹੋਏ ਸਿੱਖ ਸੰਸਥਾਵਾਂ, ਸਮਾਜ ਸੇਵੀ ਸੰਸਥਾਵਾਂ, ਐਨ.ਜੀ.ਓ., ਫਾਊਂਡੇਸ਼ਨਾਂ ਆਦਿ ਤੇ ਹੋਰ ਗ਼ੈਰ-ਸਿੱਖ ਤੇ ਗ਼ੈਰ ਪੰਜਾਬੀ ਲੋਕ ਜੋ ਇਨਸਾਨੀਅਤ ਦਾ ਦਰਦ ਰੱਖਦੇ ਹਨ, ਇਨ੍ਹਾਂ ਹੜ੍ਹ ਪੀੜਤਾਂ ਦੀ ਮੱਦਦ ਲਈ ਮੈਦਾਨ ਵਿਚ ਆ ਉਤਰੇ ਹਨ।

ਕੁਝ ਨਿੰਦਕ ਲੋਕਾਂ ਦਾ ਤਾਂ ਸੁਭਾਅ ਹੀ ਐਸਾ ਬਣਿਆ ਹੋਇਆ ਹੈ ਕਿ ਚੰਗਾ ਕਰਨ ਵਾਲਿਆਂ ਨੂੰ ਵੀ ਨਿੰਦਣ ਤੋਂ ਸੰਕੋਚ ਨਹੀਂ ਕਰਦੇ। ਐਸਾ ਹੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਬਾਰੇ ਕੁਝ ਸ਼ਰਾਰਤੀ ਅਨਸਰ ਕਰਦੇ ਹਨ। ਜਦੋਂ ਕਿ ਅਸਲੀਅਤ ਸਭ ਦੇ ਸਾਹਮਣੇ ਹੈ। ਇਕੱਲੇ ਪੰਜਾਬ ਵਿਚ ਹੀ ਨਹੀਂ, ਬਲਕਿ ਦੇਸ਼ ਦੇ ਕਿਸੇ ਵੀ ਕੋਨੇ ਵਿਚ ਕੋਈ ਆਫਤ, ਭੂਚਾਲ, ਸੁਨਾਮੀ ਜਾਂ ਭਿਆਨਕ ਬਿਮਾਰੀ ਆਈ ਹੋਵੇ ਸ਼੍ਰੋਮਣੀ ਕਮੇਟੀ ਲੋੜਵੰਦਾਂ ਦੀ ਮੱਦਦ ਕਰਨ ਵਿਚ ਸਭ ਤੋਂ ਪਹਿਲੀ ਕਤਾਰ ਵਿਚ ਹੁੰਦੀ ਹੈ। ਕਰੋਨਾ ਕਾਲ ਮੌਕੇ ਸਭ ਤੋਂ ਪਹਿਲਾਂ ਸ਼੍ਰੋਮਣੀ ਕਮੇਟੀ ਨੇ ਹਰ ਤਰ੍ਹਾਂ ਨਾਲ ਪੀੜਤ ਪਰਿਵਾਰਾਂ ਦੀ ਮੱਦਦ

ਕੀਤੀ ਸੀ। ਹੁਣ ਵੀ ਜਦੋਂ ਪੰਜਾਬ ਦੇ ਕੁਝ ਜ਼ਿਲ੍ਹਿਆਂ ਵਿਚ ਹੜ੍ਹਾਂ ਦੀ ਸਥਿਤੀ ਬਣੀ ਤਾਂ ਇਸ ਦੇ ਮੱਦੇਨਜ਼ਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਜੀ ਦੇ ਨਿਰਦੇਸ਼ਾਂ ਅਨੁਸਾਰ ਸ਼੍ਰੋਮਣੀ ਕਮੇਟੀ ਵੱਲੋਂ ਪ੍ਰਭਾਵਿਤ ਲੋਕਾਂ ਦੀ ਸਹਾਇਤਾ ਲਈ ਵੱਖ-ਵੱਖ ਗੁਰਦੁਆਰਾ ਸਾਹਿਬਾਨ ਅੰਦਰ ਸਹਾਇਤਾ ਕੇਂਦਰ ਸਥਾਪਤ ਕੀਤੇ ਗਏ, ਤਾਂ ਜੋ ਹੜ੍ਹ ਪੀੜਤਾਂ ਦੀ ਹਰ ਸੰਭਵ ਮੱਦਦ ਕੀਤੀ ਜਾ ਸਕੇ। ਇੱਥੇ ਹੀ ਬੱਸ ਨਹੀਂ ਬਲਕਿ ਪ੍ਰਧਾਨ ਜੀ ਆਪ ਤੇ ਆਪਣੇ ਨਾਲ ਅਹੁਦੇਦਾਰ ਤੇ ਸ਼੍ਰੋਮਣੀ ਕਮੇਟੀ ਦੇ ਉੱਚ ਅਧਿਆਕੀਆਂ ਸਮੇਤ ਹੜ੍ਹ ਪ੍ਰਭਾਵਿਤ ਖੇਤਰਾਂ ਵਿਚ ਜਾ ਪਹੁੰਚੇ ਤੇ ਉੱਥੇ ਦੀਆਂ ਮੁਸ਼ਕਿਲਾਂ ਦੇ ਹੱਲ ਕਰਨ ਲਈ ਯਤਨਸ਼ੀਲ ਹੋਏ। ਜਿੱਥੇ ਸ਼੍ਰੋਮਣੀ ਕਮੇਟੀ ਦੇ ਮੁਲਾਜ਼ਮ ਹੜ੍ਹ ਪ੍ਰਭਾਵਿਤ ਖੇਤਰਾਂ ਵਿਚ ਜਾ ਕੇ ਸੇਵਾ ਕਰ ਰਹੇ ਹਨ, ਉੱਥੇ ਸ਼੍ਰੋਮਣੀ ਕਮੇਟੀ ਤੇ ਇਸ ਨਾਲ ਸੰਬੰਧਤ ਸਕੂਲਾਂ, ਕਾਲਜਾਂ ਦੇ ਸਮੂਹ ਮੁਲਾਜ਼ਮਾਂ ਨੇ ਆਪਣੀ ਇਕ-ਇਕ ਦਿਨ ਦੀ ਤਨਖਾਹ ਇਸ ਸੇਵਾ ਵਿਚ ਪਾਉਣ ਦੀ ਪਹਿਲਕਦਮੀ ਕੀਤੀ ਹੈ। ਇੱਥੇ ਹੀ ਬੱਸ ਨਹੀਂ ਸ਼੍ਰੋਮਣੀ ਕਮੇਟੀ ਨੇ ਤਾਂ ਹੜ੍ਹ ਪ੍ਰਭਾਵਿਤ ਇਲਾਕਿਆਂ ਵਿਚ ਆਪਣੇ ਪ੍ਰਬੰਧ ਅਧੀਨ ਗੁਰਦੁਆਰਾ ਸਾਹਿਬਾਨ ਅਤੇ ਸਕੂਲਾਂ, ਕਾਲਜਾਂ ਵਿਚ ਵੀ ਲੋੜਵੰਦਾਂ ਲਈ ਲੰਗਰ ਤੇ ਰਿਹਾਇਸ਼ ਦੇ ਪੁਖਤਾ ਪ੍ਰਬੰਧ ਕਰ ਦਿੱਤੇ ਹਨ ਤਾਂ ਕਿ ਕਿਸੇ ਵੀ ਪ੍ਰਾਣੀ ਨੂੰ ਕਿਸੇ ਪ੍ਰਕਾਰ ਦੀ ਕੋਈ ਮੁਸ਼ਕਲ ਨਾ ਆਵੇ। ਸੰਗਤਾਂ ਨੂੰ ਵੀ ਅਪੀਲ ਹੈ ਕਿ ਉਹ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੁਆਰਾ ਕੀਤੇ ਜਾਂਦੇ ਅਜਿਹੇ ਕਾਰਜਾਂ ਵਿਚ ਵੱਧ-ਚੜ੍ਹ ਕੇ ਰਸਤਾਂ-ਵਸਤਾਂ ਤੇ ਮਾਇਆ ਭੇਜ ਕੇ ਸਹਿਯੋਗੀ ਬਣਨ।

ਇਨ੍ਹਾਂ ਹੜ੍ਹਾਂ ਨਾਲ ਪਿੰਡਾਂ, ਨਗਰਾਂ, ਕਸਬਿਆਂ ਖੇਤਾਂ ਵਿਚ ਬਣੇ ਡੇਰਿਆਂ ਵਿਚ ਰਹਿਣ ਵਾਲੇ ਕਿਸ਼ਾਨ, ਮਜ਼ਦੂਰ, ਕਾਰੀਗਰ ਤੇ ਛੋਟੇ ਦੁਕਾਨਦਾਰ ਆਦਿ ਭਾਵ ਹਰ ਵਰਗ ਦੇ ਪ੍ਰਾਣੀ ਦਾ ਨੁਕਸਾਨ ਹੋਇਆ ਹੈ। ਇਸ ਲਈ ਲੋੜ ਹੈ ਸਾਰੇ ਵਰਗਾਂ ਦੀਆਂ ਲੋੜਾਂ ਅਨੁਸਾਰ ਉਨ੍ਹਾਂ ਦੀ ਮੱਦਦ ਕਰਨ ਦੀ। ਐਨ.ਆਰ.ਆਈ ਭਰਾਵਾਂ ਨੂੰ ਵੀ ਬੇਨਤੀ ਹੈ ਕਿ ਜਿਹੜੇ ਆਪਣੇ ਨਗਰਾਂ ਵਿਚ ਹਰ ਸਾਲ ਸਾਲਾਨਾ ਖੇਡ ਮੇਲੇ ਜਾਂ ਕੋਈ ਹੋਰ ਸਮਾਗਮ ਕਰਵਾਉਂਦੇ ਹਨ, ਉਹ ਇਸ ਵਾਰ ਇਨ੍ਹਾਂ ਮੇਲਿਆਂ ਜਾਂ ਸਮਾਗਮਾਂ ਨੂੰ ਕਰਵਾਉਣ ਤੋਂ ਸੰਕੋਚ ਕਰਨ ਜਾਂ ਇਨ੍ਹਾਂ ਉਪਰ ਹੋਣ ਵਾਲੇ ਖਰਚ ਨੂੰ ਸੰਕੋਚਦੇ ਹੋਏ ਹੜ੍ਹ ਪ੍ਰਭਾਵਿਤ ਖੇਤਰਾਂ ਦੇ ਲੋਕਾਂ, ਜਿਨ੍ਹਾਂ ਪਰਿਵਾਰਾਂ ਦੇ ਸਿਰਾਂ ਦੀਆਂ ਛੱਤਾਂ ਚੱਲੀਆਂ ਗਈਆਂ ਭਾਵ ਘਰ ਢਹਿ ਗਏ, ਉਨ੍ਹਾਂ ਦੇ ਘਰ ਬਣਾਉਣ ਲਈ ਮਾਇਆ ਭੇਜ ਕੇ ਆਪਣੇ ਸਿੱਖ/ਪੰਜਾਬੀ ਭਰਾਵਾਂ ਨੂੰ ਜ਼ਿੰਦਗੀ ਦੀ ਨਵੀਂ ਸ਼ੁਰੂਆਤ ਕਰਨ ਵਿਚ ਸਹਾਈ ਹੋਣ।

ਸੇਵਾ

ਸੇਵਾ ਸਿੱਖ ਧਰਮ ਦਾ ਇਕ ਉੱਘਾ ਅੰਗ ਹੈ। ਇਸ ਨੂੰ ਨਮੂਨੇ ਮਾਤ੍ਰ ਸਿਖਾਉਣ ਲਈ ਗੁਰਦੁਆਰਿਆਂ 'ਚ ਹੀ ਪ੍ਰਬੰਧ ਕੀਤਾ ਹੁੰਦਾ ਹੈ। ਸਾਧਾਰਨ ਰੂਪ ਇਸ ਦੇ ਇਹ ਹਨ- ਗੁਰਦੁਆਰੇ ਦਾ ਝਾੜੂ, ਲੇਪਣ, ਸੰਗਤਾਂ ਦੀ ਪਾਣੀ ਪੱਖੇ ਦੀ ਸੇਵਾ, ਲੰਗਰ ਦੀ ਸੇਵਾ, ਜੋੜੇ ਝਾੜਨਾ ਆਦਿ।

(ੳ) ਗੁਰੂ ਕਾ ਲੰਗਰ - ਇਸ ਦੇ ਦੋ ਭਾਵ ਹਨ : ਇਕ ਸਿੱਖਾਂ ਨੂੰ ਸੇਵਾ ਸਿਖਾਉਣਾ, ਦੂਜਾ, ਊਚ-ਨੀਚ, ਛੂਤ-ਛਾਤ ਦਾ ਭਰਮ ਮਿਟਾਉਣਾ।

(ਅ) ਗੁਰੂ ਕੇ ਲੰਗਰ ਵਿਚ ਬੈਠ ਕੇ ਊਚ-ਨੀਚ, ਕਿਸੇ ਜ਼ਾਤ ਜਾਂ ਵਰਣ ਦਾ ਪ੍ਰਾਣੀ ਪ੍ਰਸ਼ਾਦ ਛਕ ਸਕਦਾ ਹੈ। ਪੰਗਤ ਵਿਚ ਬਿਠਾਣ ਲੱਗਿਆਂ ਕਿਸੇ ਦੇਸ਼, ਵਰਣ, ਜ਼ਾਤ ਜਾਂ ਮਜ਼ਹਬ ਦਾ ਵਿਤਕਰਾ ਨਹੀਂ ਕਰਨਾ। ਹਾਂ, ਇਕ ਥਾਲੀ ਵਿਚ ਕੇਵਲ ਅੰਮ੍ਰਿਤਧਾਰੀ ਸਿੱਖ ਹੀ ਛਕ ਸਕਦੇ ਹਨ।

(ਸਿੱਖ ਰਹਿਤ ਮਰਯਾਦਾ, ਪੰਨਾ 26)

ਭਾਈ ਘਨ੍ਹੱਈਆ ਜੀ ਦੀ ਸਿੱਖਿਆ ਤੇ ਸੰਦੇਸ਼

*-ਪ੍ਰੋ. ਪਿਆਰਾ ਸਿੰਘ ਪਦਮ**

ਉਂਜ ਤਾਂ ਭਾਈ ਘਨ੍ਹੱਈਆ ਜੀ ਦੀ ਹਰਮਨ ਪਿਆਰੀ ਸ਼ਖ਼ਸੀਅਤ ਉਨ੍ਹਾਂ ਦੀ ਕਰਣੀ ਤੋਂ ਭਲੀਭਾਂਤ ਪ੍ਰਗਟ ਹੈ, ਪਰ ਜਿੱਥੇ ਕਿਤੇ ਉਨ੍ਹਾਂ ਆਪਣੇ ਪ੍ਰੇਮੀਆਂ ਨੂੰ ਬਚਨ-ਬਿਲਾਸ ਕਰਦਿਆਂ ਸਿੱਖਿਆ ਦਿੱਤੀ ਹੈ, ਉਹ ਬੜੀ ਅਰਥ-ਭਰਪੂਰ ਹੈ। ਭਾਰਤੀ ਧਾਰਮਿਕ ਪਰੰਪਰਾ ਵਿਚ ਹਰ ਸਾਧੂ ਲਈ ਆਤਮਿਕ ਆਨੰਦ ਖ਼ਾਤਰ ਬਨਵਾਸ ਲੈਣਾ ਜ਼ਰੂਰੀ ਹੈ, ਕੀ ਸਨਾਤਨ ਮੱਤ, ਕੀ ਬੋਧੀ ਤੇ ਜੈਨੀ ਮੱਤ ਦੇ ਅਨੁਸਾਰ ਇਸੇ ਮਾਰਗ ਦੀ ਪੈਰਵੀ ਕਰਦੇ ਰਹੇ ਹਨ, ਪਰ ਗੁਰਮਤਿ ਨੂੰ ਇਹ ਪਰਵਾਨ ਨਹੀ। ਇਸ ਕਰਕੇ ਭਾਈ ਘਨ੍ਹੱਈਆ ਜੀ ਆਪਣੇ ਸੇਵਕਾਂ ਨੂੰ ਤਾਕੀਦ ਕਰਦੇ ਹਨ ਕਿ ਇਸ ਸ੍ਰਿਸ਼ਟੀ ਵਿਚ ਵਸਦਿਆਂ-ਰਸਦਿਆਂ ਹੀ ਰੱਬੀ-ਤਲਾਸ਼ ਕਰਨਾ ਯੋਗ ਹੈ:

"ਸੋ ਗੋਬਿੰਦ ਕਾ ਮੇਲਾ ਗੋਬਿੰਦ ਲੋਕਾਂ ਕਉ ਮਿਲ ਕਰ ਹੋਵੇਗਾ। ਸੋ ਗੋਬਿੰਦ ਲੋਕ ਨਗਰੋਂ ਔਰ ਮਨੁਖੋ ਮੈਂ ਹੋਤੇ ਹੈ। ਸੋ ਤੁਮਾਰਾ ਇਹ ਸੁਭਾਉ ਹੂਆ ਹੈ ਜੋ ਲੋਕੋ ਅਰ ਨਗਰੋਂ ਤੇ ਕਿਨਾਰਾ ਲਈ ਫਿਰਤੋ ਹੈ ਸੋ ਸੰਤੋ ਤੇ ਭੀ ਕਿਨਾਰਾ ਹੂਆ। ਜੈਸੇ ਸੁਨਾਰੇ ਕੀ ਰਾਖ ਸਿਉ ਸੋਨਾ ਨਿਕਸਤਾ ਹੈ, ਜਬ ਰਾਖ ਦਾ ਤਿਆਗ ਕੀਆ ਤਬ ਸੋਨਾ ਕਾ ਤਿਆਗ ਭੀ ਸਾਥ ਹੋਇ ਗਇਆ। ਤਾਂ ਤੇ ਤੁਮ ਨਗਰੋਂ ਔਰ ਮਨੁੱਖੋ ਬੀਚ ਸੰਤਾਂ ਕਢ ਖੋਜਉ ਜਹਾਂ ਮਨ ਮਾਨੀਐ ਤਹਾਂ ਅਪਨਾ ਆਪ ਸਮੂਹ ਦੇ ਕਰ ਪ੍ਰਸੰਨ ਕਰੋ।"

(ਪਰਚੀ ਭਾਈ ਘਨ੍ਹੱਈਆ ਜੀ, ਪੰਨਾ ੨੫)

ਇਸੇ ਤਰ੍ਹਾਂ ਇਕ ਵਾਰ ਸਵਾਲ ਉਠਾਇਆ ਗਿਆ ਕਿ ਸੇਵਾ ਕਿਸ ਦੀ ਕੀਤੀ ਜਾਵੇ ਤੇ ਇਸ ਦਾ ਵਧੀਆ ਤਰੀਕਾ ਕਿਹੜਾ ਹੈ? ਤਾਂ ਇਸ ਦੇ ਜਵਾਬ ਵਿਚ ਭਾਈ ਘਨ੍ਹੱਈਆ ਜੀ ਨੇ ਫੁਰਮਾਇਆ ਕਿ ਸੇਵਾ ਕੇਵਲ ਕਿਸੇ ਦੇਵੀ ਦੇਵਤਾ ਜਾਂ ਪੀਰ ਅਵਤਾਰ ਮਾਤਰ ਦੀ ਹੀ ਨਹੀ, ਸਗੋਂ ਪ੍ਰਾਣੀ ਮਾਤਰ ਦੀ ਸੇਵਾ ਕਰਨਾ ਹੀ ਜੀਵਨ ਆਦਰਸ਼ ਹੈ:-

"ਏਕ ਸਾਧ ਨੇ ਪ੍ਰਸ਼ਨ ਕੀਆ ਕਿ ਸੇਵਾ ਕਰਨੇ ਦੀ ਭਲੀ ਜੁਗਤਿ ਕਿਆ ਹੈ? ਤਬ ਭਾਈ ਘਨ੍ਹੱਈਆ ਜੀ ਨੇ ਇਸ ਪ੍ਰਕਾਰ ਬਚਨ ਕਹੇ, ਜੋ ਘਟ ਘਟ ਮਹਿਂ ਰਮਤ ਰਾਮ ਜਾਨ ਕਰ ਸੇਵਾ ਕਰਨੀ ਇਹੀ ਭਲੀ ਜੁਗਤਿ ਹੈ। ਜੁਗਤ ਕੇ ਲੋਗ ਤਊ ਚਉਬੀਸ ਅਵਤਾਰ ਹੂਏ ਮਾਨਤੇ ਹੈਂ। ਅਰ ਗੁਰਮੁਖਹੁ ਕੀ ਰਹਿਣੀ ਇਹ ਹੈ ਕਿ ਜੇਤੇ ਪ੍ਰਾਣੀ ਮਾਤਰ ਹੈਂ, ਸਭੀ ਹੀ ਅਵਤਾਰ ਦ੍ਰਿਸਟਿ ਦੇਖਤੇ ਹੈਂ। ਉਨ ਕਾ ਨਿਸ਼ਚਾ ਐਸਾ ਹੋ ਜਾਤਾ ਹੈ ਜੋ ਸਭ ਜੀਵ ਪਰਮਾਤਮਾ ਤੇ ਉਤਪਤਿ ਹੂਏ ਹੈਂ ਇਤਰ ਕੋਊ ਨਹੀਂ। ਜੈਸੇ ਕਨਕ ਤੇ ਭੂਸ਼ਣ ਅਰ ਜੈਸੇ ਮਾਟੀ ਤੇ ਅਨੇਕ ਪ੍ਰਕਾਰ ਕੇ ਭਾਂਜਨ, ਤੇਸੇ ਪਰਮਾਤਮਾ ਤੇ ਜਗਤ। ਤਾਂ ਤੇ ਜੀਵਹੁ ਕੀ ਸੇਵਾ ਪਰਮਾਤਮਾ ਕੀ ਹੀ ਸੇਵਾ ਹੈ।" (ਪਰਚੀ ਭਾਈ ਘਨ੍ਹੱਈਆ ਜੀ ਕੀ, ਪੰਨਾ ੪੬)

ਇਕ ਵਾਰ ਇਕ ਸਾਧੂ ਨੇ ਆਪ 'ਤੇ ਹੋਰ ਸਵਾਲ ਕੀਤਾ ਕਿ ਸੰਤਾਂ ਦੀ ਰਹਿਣੀ ਬਹਿਣੀ ਕੀ ਹੈ ਤੇ ਦੁਨੀਆ ਦੀ ਕੀ? ਇਨ੍ਹਾਂ ਵਿਚ ਫ਼ਰਕ ਕੀ ਹੈ?

"ਭਾਈ ਘਨ੍ਹੱਈਆ ਜੀ ਕਹਿਆ, ਸੰਸਾਰ ਕੀ ਰਹਿਤ ਏਹੁ ਹੈ ਕਿ ਜੋ ਚੇਤੰਨ ਰੂਪੀ ਬਿਰਛ ਕੀ ਛਾਇਆ ਸਿਉ ਪ੍ਰੀਤਿ ਕਰਤੇ ਹੈਂ ਅਰ ਸੰਤਹੁ ਕੀ ਏਹੁ ਰਹਿਤ ਹੈ, ਜੋ ਚੇਤੰਨ ਰੂਪ ਬਿਰਛ ਸਾਥ ਪ੍ਰੀਤਿ

ਗੁਰਪੁਰਵਾਸੀ

ਕਰਤੇ ਹਹਿਂ। ਜੈਸੇ ਏਕ ਪੋਥੀ ਕੀ ਛਾਇਆ ਹੈ, ਏਕ ਪੋਥੀ ਕਾ ਦੀਰਘ ਕਰਮ ਹੈ ਅਰ ਏਕ ਪੋਥੀ ਕਾ ਛੁਦ੍ਰ ਕਰਮ ਹੈ ਜੋ ਸਿਰਹਾਣਾ ਬਣਾਇ ਰਾਖਣਾ। ਇਸੀ ਛੁਦ੍ਰ ਕਰਮ ਕਾ ਨਾਮ ਪੋਥੀ ਕੀ ਛਾਇਆ ਕਹੀਤਾ ਹੈ। ਅਰ ਦੀਰਘ ਕਰਮ ਪੋਥੀ ਕਾ ਇਹੁ ਹੈ ਜੋ ਅਰਥ ਬਿਚਾਰਣੇ ਅਰੁ ਗੁਹਜ ਭੇਦ ਲਖਣੇ।"

(ਪਰਚੀ ਭਾਈ ਘਨ੍ਹੱਈਆ ਜੀ ਕੀ, ਪੰਨਾ ੯੯)

ਕਿਸੇ ਹੋਰ ਜਗਿਆਸੂ ਨੇ ਸਵਾਲ ਕੀਤਾ ਕਿ ਤੁਸੀਂ ਪਰਮਾਤਮਾ ਨੂੰ ਸਰਬ ਵਿਆਪਕ ਕਹਿੰਦੇ ਹੋ, ਇਹ ਕਿਵੇਂ ਹੋ ਸਕਦਾ ਹੈ ਜਦ ਕਿ ਹਰ ਜੀਵ ਦਾ ਰੂਪ, ਸੁਭਾ ਤੇ ਕਾਰ-ਵਿਹਾਰ ਵੱਖ-ਵੱਖ ਹੈ। ਇਸ ਦਾ ਉੱਤਰ ਭਾਈ ਘਨ੍ਹੱਈਆ ਜੀ ਨੇ ਇਹ ਦਿੱਤਾ ਕਿ:-

"ਬ੍ਰਹਮ ਤਾਂ ਅੰਬ ਦੇ ਬਿਰਛ ਦੇ ਸਮਾਨ ਹੈ, ਡਾਲਾਂ, ਪੱਤੇ, ਛਿੱਲ, ਜੜ੍ਹ ਸਭ ਮਿਲਕੇ ਹੀ ਅੰਬ ਅਖਵਾਉਂਦਾ ਹੈ ਪਰ ਅੰਬ ਦਾ ਰਸ ਤੇ ਸੁਗੰਧ ਉਸ ਦੇ ਫਲ ਵਿੱਚੋਂ ਹੀ ਮਿਲਦੀ ਹੈ; ਇਵੇਂ, ਜਿਵੇਂ ਸੰਤ ਭਗਵੰਤ ਦਾ ਰੂਪ ਹਨ, ਉਸ ਦੇ ਦੀਦਾਰ ਵਿਚੋਂ ਹੀ ਕਰਤਾਰ ਦਾ ਸਾਰ ਰੂਪ ਲੱਭਦਾ ਹੈ।"

(ਪਰਚੀ ਭਾਈ ਘਨ੍ਹੱਈਆ ਜੀ ਕੀ, ਪੰਨਾ ੭੯-੮੦)

ਇਹੋ ਜਿਹੇ ਸਿੱਖਿਆਦਾਇਕ ਨੁਕਤੇ ਆਪਦੇ ਸੰਵਾਦਾਂ ਵਿਚ ਆਮ ਮਿਲਦੇ ਹਨ, ਇਨ੍ਹਾਂ ਤੋਂ ਸਿੱਧ ਹੁੰਦਾ ਹੈ ਕਿ ਧਰਮ ਦੀ ਕ੍ਰਾਤਰੀ ਭਾਵਨਾ ਵਾਲੀ ਸਪ੍ਰਿਟ ਨੂੰ ਭਾਈ ਘਨ੍ਹੱਈਆ ਜੀ ਨੇ ਕਿਵੇਂ ਪੂਰੀ ਤਰ੍ਹਾਂ ਸਮਝਿਆ ਤੇ ਆਪਣੇ ਅੰਦਰ ਵਸਾਇਆ ਹੋਇਆ ਸੀ ਤੇ ਇਸੇ ਅਨੁਸਾਰ ਉਹ ਅਮਲ ਕਰਦੇ ਸਨ। ਇਸ ਪਰਉਪਕਾਰੀ ਜੀਵਨ ਦਾ ਹੀ ਪ੍ਰਭਾਵ ਸੀ ਕਿ ਆਪ ਦੀ ਸ਼ਖ਼ਸੀਅਤ ਨੇ ਆਪਣੇ ਆਲੇ-ਦੁਆਲੇ ਤੇ ਸ਼ਰਧਾਲੂਆਂ ਉੱਤੇ ਡੂੰਘੀ ਛਾਪ ਲਾਈ, ਜਿਸ ਨੂੰ ਇਨ੍ਹਾਂ ਦੀ ਸਾਹਿਤ ਰਚਨਾਵਾਂ ਵਿੱਚੋਂ ਭਲੀ ਭਾਂਤ ਦੇਖਿਆ ਜਾ ਸਕਦਾ ਹੈ। ਇਹ ਸਾਹਿਤ ਵਧੇਰੇ ਸਦਾਚਾਰਕ ਸਿੱਖਿਆ ਤੇ ਅਧਿਆਤਮਿਕ ਨਿਸ਼ਠਾ ਦ੍ਰਿੜ੍ਹਾਉਣ ਵਾਲਾ ਹੈ ਤੇ ਕਈ ਥਾਂ ਇਸ ਦਾ ਗਦ ਰੂਪ ਇਤਨਾ ਮਨੋਹਰ ਹੈ ਕਿ ਇਸ ਅੱਗੇ ਕਵਿਤਾ ਮਾਤ ਪੈ ਜਾਂਦੀ ਹੈ। ਇਸ ਦਾ ਵੱਡਾ ਕਾਰਨ ਇਹ ਸੀ ਕਿ ਲਿਖਣ ਵਾਲੇ ਦਰਵੇਸ਼ੀ ਜੀਵਨ ਬਿਤਾਉਣਹਾਰ, ਨਿਸ਼ਕਾਮ ਬਿਰਤੀ ਦੇ ਸਾਧੂ ਲੋਕ ਸਨ, ਉਨ੍ਹਾਂ ਦੀ ਕੋਈ ਪਦਾਰਥਕ ਕਾਮਨਾ ਨਹੀਂ ਸੀ, ਇਸ ਕਰਕੇ ਆਤਮਿਕ ਨਿਰਮਲਤਾ ਦਾ ਪ੍ਰਤਿਬਿੰਬ ਇਸ ਸਿੱਧੇ-ਸਾਦੇ ਸਾਹਿਤ ਵਿਚ ਹਰ ਥਾਂ ਛਲ੍ਹਕਦਾ ਮਿਲਦਾ ਹੈ। ਇਸ ਦਾ ਮੋਹਰੀ ਸੇਹਰਾ ਭਾਈ ਘਨ੍ਹੱਈਆ ਜੀ ਨੂੰ ਜਾਂਦਾ ਹੈ। ਭਾਈ ਸੇਵਾ ਰਾਮ, ਭਾਈ ਸਹਿਜ ਰਾਮ, ਭਾਈ ਅੱਡਣ ਸ਼ਾਹ, ਭਾਈ ਜਗਤਾ, ਭਾਈ ਦੁਖ ਭੰਜਨ, ਭਾਈ ਆਯਾ ਰਾਮ, ਭਾਈ ਦਯਾ ਰਾਮ, ਭਾਈ ਰੰਗ, ਭਾਈ ਧੰਨੂ, ਭਾਈ ਮਿਹਰਾ। ਭਾਈ ਹਜ਼ਾਰੀ, ਭਾਈ ਰਾਮ ਕਿਸ਼ਨ ਤੇ ਬਾਬਾ ਸ਼ਾਮ ਸਿੰਘ ਵਰਗੇ ਧਰਮਾਤਮਾ ਸਭੇ ਭਾਈ ਘਨ੍ਹੱਈਆ ਜੀ ਦੇ ਉੱਚੇ-ਸੁੱਚੇ ਜੀਵਨ ਤੋਂ ਵਰੋਸਾਏ ਹੋਏ ਸਨ ਤੇ ਸਭ ਦੇ ਦਿਲਾਂ ਅੰਦਰ ਉਨ੍ਹਾਂ ਦਾ ਡੂੰਘਾ ਮਾਣ-ਸਤਿਕਾਰ ਸੀ।

ਸੋ 'ਸੇਵਾ ਪੰਥੀ' ਸਾਧੂਆਂ ਦੀ ਕਵਿਤਾ ਤੇ ਗਦ ਰਚਨਾ ਵਿਚ ਭਾਈ ਘਨ੍ਹੱਈਆ ਜੀ ਦੀ ਸੁਗੰਧਤ ਸ਼ਖ਼ਸੀਅਤ, ਬਾਵਨ ਚੰਦਨ ਵਾਂਗ ਫੈਲੀ ਹੋਈ ਹੈ। ਇਸ ਤੋਂ ਕੋਈ ਇਨਕਾਰ ਨਹੀਂ ਕਰ ਸਕਦਾ। ਇਸੇ ਮਨੋਹਰ ਰਚਨਾ ਨੂੰ ਆਕਰਸ਼ਕ ਤੇ ਮਨਮੋਹਕ ਬਣਾਇਆ ਹੈ, 'ਪਰਚੀ ਭਾਈ ਘਨ੍ਹੱਈਆ ਜੀ', 'ਪਰਚੀ ਭਾਈ ਸੇਵਾਰਾਮ ਜੀ', 'ਪਰਚੀ ਭਾਈ ਅੱਡਣ ਸ਼ਾਹ ਜੀ', 'ਸਾਖੀਆਂ ਭਾਈ ਅੱਡਣ ਸ਼ਾਹ ਜੀ ਕੀਆਂ', 'ਪੋਥੀ ਆਸਾਵਰੀਆਂ', 'ਬਚਨ ਗੋਬਿੰਦ ਲੋਕਾਂ ਕੇ', 'ਬਚਨ ਸਾਈਂ ਲੋਕਾਂ ਦੇ', 'ਪਾਰਸਭਾਗ', 'ਸੰਤ ਰਤਨ ਮਾਲਾ', ਸਭੇ ਗ੍ਰੰਥ ਸ੍ਰੇਸ਼ਟਾਚਾਰ ਤੇ ਸਰਬੱਤ ਦੇ ਉਪਕਾਰ ਉੱਤੇ ਜ਼ੋਰ ਦਿੰਦੇ ਹੋਏ ਧਰਮ ਦੀ ਸੱਚੀ ਭਾਵਨਾ ਦ੍ਰਿੜਾ ਕੇ ਮਨੁੱਖੀ ਏਕਤਾ ਦਾ ਸਬਕ ਸਿਖਾਉਂਦੇ ਹਨ, ਜਿਸ ਦੀ ਜ਼ਿੰਦਗੀ ਨੂੰ ਸਦਾ ਸਦਾ ਲੋੜ ਹੈ।

ਮਾਨਸ ਕੀ ਜਾਤਿ ਇਕ ਹੈ, ਇਹ ਹਰ ਧਰਮ ਦੀ ਸਿੱਖਿਆ ਹੈ ਤੇ ਸਾਡਾ ਮੌਜੂਦਾ ਸੰਵਿਧਾਨ ਵੀ ਇਨਸਾਨੀ ਬਰਾਬਰੀ ਦਾ ਦਾਅਵਾ ਕਰਦਾ ਹੈ, ਪਰ ਅਫਸੋਸ ਇਹ ਹੈ ਜਿਵੇਂ ੧੯੪੭ ਈ. ਦੀ ਦੇਸ਼-

ਵੰਡ ਨੇ ਸਾਡੀ ਕੌਮਪ੍ਰਸਤੀ ਨੂੰ ਦੁਫਾੜ ਕਰ ਕੇ ਰੱਖ ਦਿੱਤਾ, ਤਿਵੇਂ ੧੯੮੪ ਈ. ਦੇ ਦੰਗਿਆਂ ਨੇ ਸਾਡੇ ਸੈਕੂਲਰਿਜ਼ਮ/ਧਰਮ ਨਿਰਪੇਖਤਾ ਤੇ ਕੌਮੀ ਪਿਆਰ ਨੂੰ ਸੂਲੀ ਟੰਗ ਕੇ ਰੱਖ ਦਿੱਤਾ। ਇਹ ਨਵੀਂ ਗੱਲ ਨਹੀਂ ਹੋਈ, ਇਤਿਹਾਸ ਇਸ ਕਿਸਮ ਦੀਆਂ ਮਿਸਾਲਾਂ ਆਮ ਪੇਸ਼ ਕਰਦਾ ਹੈ।

੧੭ਵੀਂ ਸਦੀ ਦੇ ਅੰਤ ਇਕ ਪਾਸੇ ਬਾਦਸ਼ਾਹ ਔਰੰਗਜ਼ੇਬ ਰਬੁੱਲਆਲਮੀਨ ਦੀ ਕਾਇਨਾਤ ਵਿੱਚੋਂ ਕਾਫ਼ਰਾਂ ਨੂੰ ਮਾਰ-ਮਾਰ ਮਨੁੱਖੀ ਸਮਾਨਤਾ ਤੇ ਏਕਤਾ ਦੇ ਸਿਧਾਂਤ ਦੀਆਂ ਧੱਜੀਆਂ ਉਡਾ ਰਿਹਾ ਸੀ ਤਾਂ ਦੂਜੇ ਪਾਸੇ ਗੁਰੂ ਦਾ ਸਿੱਖ ਭਾਈ ਘਨ੍ਹੱਈਆ ਸ਼ਤੱਰੂ ਮਿੱਤਰ ਨੂੰ ਇਕ ਸਮਾਨ ਸਮਝ ਕੇ ਰਣਤੱਤੇ ਵਿਚ ਸਭ ਨੂੰ ਠੰਢਾ ਜਲ ਪਿਆ ਰਿਹਾ ਸੀ। ਸੋ ਅਸੀਂ ਇਨ੍ਹਾਂ ਨੂੰ ਇੱਕ ਨਹੀਂ ਮੰਨ ਸਕਦੇ। ਦੇਵਤਾ ਤੇ ਦੈਂਤ ਅਤੇ ਭਗਵਾਨ ਤੇ ਸ਼ੈਤਾਨ ਵਿਚ ਭੇਦ ਪਛਾਣਨਾ ਹੋਵੇਗਾ।

ਅਧਿਆਤਮ ਵਿਸ਼ਵਾਸ ਤੋਂ ਇਨਕਾਰੀ ਅਜੋਕਾ ਐਟਮ ਯੁੱਗ ਇਕ ਮਿੰਟ ਪਿੱਛੇ ਲੱਖਾਂ ਡਾਲਰ ਦੇ ਮਾਰੂ ਹਥਿਆਰ ਬਣਾ ਰਿਹਾ ਹੈ, ਅੱਜ ਉਸ ਪਾਸ ਹਜ਼ਾਰਾਂ ਬੰਬ ਜਮ੍ਹਾਂ ਹਨ। ਇਸ ਸਭ ਕਾਸੇ ਦਾ ਨਤੀਜਾ ਮਨੁੱਖੀ ਸੱਭਿਅਤਾ ਦਾ ਸਰਬਨਾਸ਼ ਲਾਜ਼ਮੀ ਹੈ। ਇਸ ਆਪ ਸਹੇੜੀ ਕਿਆਮਤ ਤੋਂ ਬਚਣ ਦਾ ਇੱਕੋ ਇਕ ਉਪਾਉ ਭਾਈ ਘਨ੍ਹੱਈਆ ਜੀ ਜੈਸੇ ਮਹਾਂਪੁਰਸ਼ਾਂ ਦਾ ਪ੍ਰੇਮ ਸੰਦੇਸ਼ ਹੈ, ਜੋ ਗੁਰੂ ਦੀ ਬਾਣੀ ਵਿਚ ਪ੍ਰਾਪਤ ਹੈ:

ਬਿਸਰਿ ਗਈ ਸਭ ਤਾਤਿ ਪਰਾਈ॥
ਜਬ ਤੇ ਸਾਧਸੰਗਤਿ ਮੋਹਿ ਪਾਈ॥੧॥ਰਹਾਉ॥
ਨਾ ਕੋ ਬੈਰੀ ਨਹੀ ਬਿਗਾਨਾ ਸਗਲ ਸੰਗਿ ਹਮ ਕਉ ਬਨਿ ਆਈ॥ (ਪੰਨਾ ੧੨੯੯)

ਅੱਜ ਇਸ ਸਮੁੱਚੀ ਜੀਵਨ-ਜਾਚ ਨੂੰ ਮੁੜ ਅਪਣਾਉਣ ਦੀ ਲੋੜ ਹੈ, ਤਾਂ ਹੀ ਜ਼ਖਮੀ ਮਨੁੱਖਤਾ ਦੀ ਮਲ੍ਹਮ-ਪੱਟੀ ਕੀਤੀ ਜਾ ਸਕਦੀ ਹੈ।

ਧਾਰਮਿਕ ਪ੍ਰੀਖਿਆ

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਕੂਲਾਂ ਅਤੇ ਕਾਲਜਾਂ ਦੇ ਵਿਦਿਆਰਥੀਆਂ ਨੂੰ ਹਰ ਸਾਲ ਧਾਰਮਿਕ ਪ੍ਰੀਖਿਆ ਲੈ ਕੇ ਵਜ਼ੀਫੇ ਦਿੱਤੇ ਜਾਂਦੇ ਹਨ। ਇਹ ਪ੍ਰੀਖਿਆ ਹਰ ਸਾਲ ਨਵੰਬਰ-ਫਰਵਰੀ ਵਿਚ ਹੁੰਦੀ ਹੈ। ਇਸ ਪ੍ਰੀਖਿਆ ਵਿਚ ਸ਼ਾਮਲ ਹੋਣ ਦੇ ਚਾਹਵਾਨ ਵਿਦਿਆਰਥੀ ਆਪਣੇ ਸਕੂਲ/ ਕਾਲਜ ਦੇ ਪ੍ਰਿੰਸੀਪਲ ਰਾਹੀਂ ਧਾਰਮਿਕ ਪ੍ਰੀਖਿਆ ਬ੍ਰਾਂਚ, ਧਰਮ ਪ੍ਰਚਾਰ ਕਮੇਟੀ ਨਾਲ ਸੰਪਰਕ ਕਰਨ।

ਸ਼੍ਰੋਮਣੀ ਕਮੇਟੀ ਖ਼ਬਰਨਾਮਾ

ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਪ੍ਰਬੰਧਕ ਕਮੇਟੀ ਨੇ ਐਡਵੋਕੇਟ ਧਾਮੀ ਨਾਲ ਕੀਤੀ ਮੁਲਾਕਾਤ

350 ਸਾਲਾ ਸ਼ਹੀਦੀ ਸ਼ਤਾਬਦੀ ਸਬੰਧੀ ਤਖ਼ਤ ਸ੍ਰੀ ਪਟਨਾ ਸਾਹਿਬ ਤੋਂ ਸ੍ਰੀ ਅਨੰਦਪੁਰ ਸਾਹਿਬ ਤਕ ਸਜਾਇਆ ਜਾਵੇਗਾ ਨਗਰ ਕੀਰਤਨ

ਅੰਮ੍ਰਿਤਸਰ- ਬੀਤੇ ਕੱਲ੍ਹ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ. ਜਗਜੋਤ ਸਿੰਘ ਸੋਹੀ ਦੀ ਅਗਵਾਈ ਹੇਠ ਇਕ ਵਫ਼ਦ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨਾਲ ਮੁਲਾਕਾਤ ਕਰ ਕੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ੩੫੦ ਸਾਲਾ ਸ਼ਹੀਦੀ ਸ਼ਤਾਬਦੀ ਸੰਬੰਧੀ ਕੀਤੇ ਜਾਣ ਵਾਲੇ ਸਮਾਗਮਾਂ ਬਾਰੇ ਵਿਚਾਰ-ਚਰਚਾ ਕੀਤੀ। ਵਫ਼ਦ ਨੇ ਐਡਵੋਕੇਟ ਧਾਮੀ ਨੂੰ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਤਖ਼ਤ ਸ੍ਰੀ ਪਟਨਾ ਸਾਹਿਬ ਤੋਂ ੩੧ ਅਗਸਤ ਨੂੰ ਸਜਾਏ ਜਾ ਰਹੇ ਨਗਰ ਕੀਰਤਨ ਵਿਚ ਸ਼ਮੂਲੀਅਤ ਕਰਨ ਦਾ ਸੱਦਾ ਦਿੱਤਾ ਅਤੇ ਸਿੱਖ ਸੰਸਥਾ ਵੱਲੋਂ ਸਹਿਯੋਗ ਦੀ ਅਪੀਲ ਕੀਤੀ।

ਇਸ ਵਫ਼ਦ ਵਿਚ ਤਖ਼ਤ ਸ੍ਰੀ ਪਟਨਾ ਸਾਹਿਬ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ. ਜਗਜੋਤ ਸਿੰਘ ਸੋਹੀ, ਸਿੱਖ ਆਗੂ ਸ. ਜਸਬੀਰ ਸਿੰਘ ਧਾਮੀ ਮੁੰਬਈ, ਜਨਰਲ ਸਕੱਤਰ ਸ. ਇੰਦਰਜੀਤ ਸਿੰਘ ਅਤੇ ਮੀਤ ਪ੍ਰਧਾਨ ਸ. ਗੁਰਵਿੰਦਰ ਸਿੰਘ ਮੌਜੂਦ ਸਨ।

ਮੁਲਾਕਾਤ ਦੌਰਾਨ ਤਖ਼ਤ ਸ੍ਰੀ ਪਟਨਾ ਸਾਹਿਬ ਦੇ ਪ੍ਰਧਾਨ ਸ. ਜਗਜੋਤ ਸਿੰਘ ਸੋਹੀ ਨੇ ਦੱਸਿਆ ਕਿ ਨੌਵੇਂ ਪਾਤਸ਼ਾਹ ਜੀ ਦੀ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਸ੍ਰੀ ਪਟਨਾ ਸਾਹਿਬ ਤੋਂ ੩੧ ਅਗਸਤ ਨੂੰ ਵਿਸ਼ੇਸ਼ ਤੌਰ 'ਤੇ ਨਗਰ ਕੀਰਤਨ ਸਜਾਇਆ ਜਾ ਰਿਹਾ ਹੈ, ਜੋ ਝਾੜਖੰਡ, ਬੰਗਾਲ, ਕਲਕੱਤਾ, ਆਸਣਸੋਹਲ, ਉੜੀਸਾ, ਬਨਾਰਸ, ਕਾਨ੍ਹਪੁਰ, ਲਖਨਊ, ਉਤਰਾਖੰਡ, ਦਿੱਲੀ ਅਤੇ ਹਰਿਆਣਾ ਰਾਹੀਂ ਹੁੰਦਾ ਹੋਇਆ ਸ੍ਰੀ ਅਨੰਦਪੁਰ ਸਾਹਿਬ ਵਿਖੇ ਪਹੁੰਚੇਗਾ। ਉਨ੍ਹਾਂ ਕਿਹਾ ਕਿ ਅੱਜ ਉਹ ਸਿੱਖ ਪੰਥ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਨੂੰ ਜਿਥੇ ਸ਼ਮੂਲੀਅਤ ਲਈ ਬੇਨਤੀ ਕਰਨ ਆਏ ਹਨ, ਉਥੇ ਹੀ ਉਨ੍ਹਾਂ ਨੇ ਸਿੱਖ ਸੰਸਥਾ ਵੱਲੋਂ ਸਹਿਯੋਗ ਲਈ ਵੀ ਅਪੀਲ ਕੀਤੀ ਹੈ।

ਇਸ ਮੌਕੇ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸਿੱਖ ਕੌਮ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ੩੫੦ ਸਾਲਾ ਸ਼ਹੀਦੀ ਸ਼ਤਾਬਦੀ ਕੌਮੀ ਜਾਹੋ-ਜਲਾਲ ਨਾਲ ਮਨਾਈ ਜਾਵੇਗੀ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਤਖ਼ਤ ਸ੍ਰੀ ਪਟਨਾ ਸਾਹਿਬ ਤੋਂ ਸਜਾਏ ਜਾ ਰਹੇ ਨਗਰ ਕੀਰਤਨ ਲਈ ਹਰ ਤਰ੍ਹਾਂ ਸਹਿਯੋਗ ਦੇਵੇਗੀ। ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਪ੍ਰਬੰਧਕ ਕਮੇਟੀ ਦੇ ਆਗੂਆਂ ਨੂੰ ਸਨਮਾਨਿਤ ਵੀ ਕੀਤਾ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ

ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਅੰਤ੍ਰਿੰਗ ਮੈਂਬਰ ਸ. ਸੁਰਜੀਤ ਸਿੰਘ ਤੁਗਲਵਾਲ, ਮੈਂਬਰ ਸ. ਰਣਜੀਤ ਸਿੰਘ ਕਾਹਲੋਂ, ਸ. ਅੰਮ੍ਰਿਤਪਾਲ ਸਿੰਘ ਕੁਲਾਰ, ਓਐਸਡੀ ਸ. ਸਤਬੀਰ ਸਿੰਘ ਧਾਮੀ, ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ, ਸ. ਰਣਜੀਤ ਸਿੰਘ ਜਲੰਧਰ ਸਮੇਤ ਹੋਰ ਮੌਜੂਦ ਸਨ। ੬ ਅਗਸਤ

ਅਧਿਕਾਰੀਆਂ ਦੀ ਗ਼ਲਤੀ ਕਾਰਨ ਪੇਪਰ ਦੇਣ ਤੋਂ ਰਹਿ ਗਈ ਗੁਰਪ੍ਰੀਤ ਕੌਰ ਨੂੰ ਵਿਸ਼ੇਸ਼ ਮੌਕਾ ਦੇਵੇ ਸਰਕਾਰ- ਐਡਵੋਕੇਟ ਧਾਮੀ

ਐਡਵੋਕੇਟ ਧਾਮੀ ਨੇ ਗੁਰਪ੍ਰੀਤ ਕੌਰ ਨੂੰ ਸਿੱਖੀ ਜਜ਼ਬੇ ਵਿਚ ਪਰਪੱਕ ਰਹਿਣ ਕਰਕੇ ਕੀਤਾ ਸਨਾਮਨਿਤ

ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਬੀਤੇ ਕੱਲ੍ਹ ਗੁਰਸਿੱਖ ਲੜਕੀ ਗੁਰਪ੍ਰੀਤ ਕੌਰ ਨੂੰ ਉਸ ਵੱਲੋਂ ਦਰਸਾਏ ਸਿੱਖੀ ਜਜ਼ਬੇ ਕਰਕੇ ਸਨਮਾਨਿਤ ਕੀਤਾ ਗਿਆ। ਜ਼ਿਕਰਯੋਗ ਹੈ ਕਿ ਬੀਤੇ ਦਿਨੀਂ ਗੁਰਪ੍ਰੀਤ ਕੌਰ ਨੂੰ ਕਿਰਪਾਨ ਤੇ ਕੜਾ ਪਹਿਨੇ ਹੋਣ ਕਰਕੇ ਰਾਜਸਥਾਨ ਵਿਚ ਹੋਈ ਜੁਡੀਸ਼ੀਅਲ ਸਰਵਿਸ ਦੀ ਪ੍ਰੀਖਿਆ ਵਿੱਚ ਦਾਖ਼ਲੇ ਲਈ ਕਕਾਰ ਉਤਾਰਨ ਲਈ ਕਿਹਾ ਗਿਆ ਸੀ, ਪ੍ਰੰਤੂ ਗੁਰਪ੍ਰੀਤ ਕੌਰ ਨੇ ਸਿੱਖ ਮਰਿਆਦਾ ਦਾ ਹਵਾਲਾ ਦਿੰਦਿਆਂ ਕਕਾਰ ਉਤਾਰਨ ਤੋਂ ਮਨ੍ਹਾ ਕਰ ਦਿੱਤਾ ਸੀ।

ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਭਾਰਤ ਦੇ ਸੰਵਿਧਾਨ ਅਨੁਸਾਰ ਸਿੱਖਾਂ ਨੂੰ ਕਿਰਪਾਨ ਪਹਿਨਣ ਦਾ ਪੂਰਾ ਅਧਿਕਾਰ ਹੈ ਅਤੇ ਸਿੱਖ ਰਹਿਤ ਮਰਯਾਦਾ ਅਨੁਸਾਰ ਕੋਈ ਵੀ ਅੰਮ੍ਰਿਤਧਾਰੀ ਸਿੱਖ ਆਪਣੇ ਸਰੀਰ ਨਾਲੋਂ ਪੰਜ ਕਕਾਰ ਵੱਖ ਨਹੀਂ ਕਰ ਸਕਦਾ। ਉਨ੍ਹਾਂ ਕਿਹਾ ਕਿ ਅਧਿਕਾਰੀਆਂ ਨੇ ਗੁਰਸਿੱਖ ਲੜਕੀ ਨੂੰ ਧਾਰਮਿਕ ਚਿੰਨ੍ਹ ਕਕਾਰ ਉਤਾਰਣ ਲਈ ਮਜ਼ਬੂਰ ਕੀਤਾ ਅਤੇ ਵਿਰੋਧ ਕਰਨ ਉੱਤੇ ਪ੍ਰੀਖਿਆ ਵਿੱਚ ਦਾਖ਼ਲਾ ਨਹੀਂ ਦਿੱਤਾ ਗਿਆ, ਜੋ ਇਕ ਵਿਦਿਆਰਥੀ ਦੇ ਭਵਿੱਖ ਨਾਲ ਖਿਲਵਾੜ ਹੈ। ਉਨ੍ਹਾਂ ਰਾਜਿਸਥਾਨ ਦੇ ਮੁੱਖ ਮੰਤਰੀ ਨੂੰ ਅਪੀਲ ਕੀਤੀ ਕਿ ਅਧਿਕਾਰੀਆਂ ਦੇ ਗ਼ਲਤ ਵਤੀਰੇ ਕਾਰਨ ਪੇਪਰ ਦੇਣ ਤੋਂ ਵਾਂਝੀ ਰਹਿ ਗਈ ਸਿੱਖ ਉਮੀਦਵਾਰ ਨੂੰ ਵਿਸ਼ੇਸ਼ ਤੌਰ 'ਤੇ ਇੱਕ ਮੌਕਾ ਦਿੰਦਿਆਂ ਉਸ ਦੀ ਪ੍ਰੀਖਿਆ ਕਰਵਾਈ ਜਾਵੇ। ਇਸ ਮੌਕੇ ਗੁਰਪ੍ਰੀਤ ਕੌਰ ਨੇ ਮਿਲੇ ਸਹਿਯੋਗ ਅਤੇ ਸਨਮਾਨ ਲਈ ਸਿੱਖ ਸੰਸਥਾ ਦਾ ਧੰਨਵਾਦ ਕੀਤਾ।

ਗੁਰਪ੍ਰੀਤ ਕੌਰ ਨੂੰ ਸਨਮਾਨਿਤ ਕਰਨ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਸ. ਸ਼ੇਰ ਸਿੰਘ ਮੰਡਵਾਲਾ, ਅੰਤ੍ਰਿੰਗ ਮੈਂਬਰ ਸ. ਸੁਖਹਰਪ੍ਰੀਤ ਸਿੰਘ ਰੋਡੇ, ਮੈਂਬਰ ਸ. ਸੁਖਵਰਸ਼ ਸਿੰਘ ਪੰਨੂ, ਸ. ਖੁਸ਼ਵਿੰਦਰ ਸਿੰਘ ਭਾਟੀਆ, ਸ. ਗੁਰਨਾਮ ਸਿੰਘ ਜੱਸਲ, ਸ. ਮੋਹਨ ਸਿੰਘ ਬੰਗੀ, ਜਥੇਦਾਰ ਕੌਰ ਸਿੰਘ, ਬੀਬੀ ਹਰਜਿੰਦਰ ਕੌਰ, ਬੀਬੀ ਜੋਗਿੰਦਰ ਕੌਰ, ਸ. ਚਰਨ ਸਿੰਘ ਆਲਮਗੀਰ, ਸਕੱਤਰ ਸ. ਪ੍ਰਤਾਪ ਸਿੰਘ ਅਤੇ ਗੁਰਪ੍ਰੀਤ ਕੌਰ ਦੇ ਪਰਿਵਾਰਕ ਮੈਂਬਰ ਵੀ ਮੌਜੂਦ ਸਨ। ੬ ਅਗਸਤ

ਸ. ਜਸਬੀਰ ਸਿੰਘ ਘੁੰਮਣ ਨੇ ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਨੂੰ ਸਾਜ਼ਿਸ਼ਨ ਬਦਨਾਮ ਕਰਨ ਦੀ ਕੋਸ਼ਿਸ਼ ਕੀਤੀ- ਮੈਨੇਜਰ

ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਤੇ ਮਰਿਆਦਾ ਨੂੰ ਨੀਤੀਗਤ ਤੌਰ

'ਤੇ ਬਦਨਾਮ ਕਰਨ ਦੀ ਕੋਸ਼ਿਸ਼ਾਂ ਕਰ ਰਹੇ ਸ. ਜਸਬੀਰ ਸਿੰਘ ਘੁੰਮਣ ਵੱਲੋਂ ਲਗਾਏ ਗਏ ਦੋਸ਼ਾਂ ਦਾ ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ ਨੇ ਪੂਰਨ ਤੌਰ 'ਤੇ ਖੰਡਨ ਕੀਤਾ ਹੈ। ਸ. ਧੰਗੇੜਾ ਨੇ ਸਪੱਸ਼ਟ ਕੀਤਾ ਕਿ ਬੀਬੀ ਸਤਵੰਤ ਕੌਰ ਦੀ ਮੰਗ ਅਨੁਸਾਰ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਸਕੱਤਰੇਤ ਦੇ ਪੱਤਰ ਦੇ ਅਧਾਰ 'ਤੇ ਭਾਈ ਗੁਰਦਾਸ ਹਾਲ ਦੀ ਉਨ੍ਹਾਂ ਨੂੰ ਲਿਖਤੀ ਤੌਰ ਉੱਤੇ ਪੇਸ਼ਕਸ਼ ਕੀਤੀ ਗਈ ਸੀ। ਮੰਗ ਕਰਨ ਵਾਲੇ ਵੱਲੋਂ ਸਹਿਮਤੀ ਦੇਣ ਤੋਂ ਬਾਅਦ ਇਸ ਹਾਲ ਦੀ ਸਾਫ-ਸਫ਼ਾਈ ਦਾ ਪ੍ਰਬੰਧ ਕੀਤਾ ਜਾ ਰਿਹਾ ਸੀ, ਜਿਸ ਦੌਰਾਨ ਸ. ਜਸਬੀਰ ਸਿੰਘ ਘੁੰਮਣ, ਸ. ਬਲਵਿੰਦਰ ਸਿੰਘ ਜੋੜਾ ਅਤੇ ਸ. ਰਘਬੀਰ ਸਿੰਘ ਕਈ ਵਾਰ ਹਾਲ ਵਿੱਚ ਆਏ। ਇਸ ਦੌਰਾਨ ਹੀ ਇਨ੍ਹਾਂ ਨੂੰ ਸਪੱਸ਼ਟ ਕੀਤਾ ਗਿਆ ਕਿ ਸ਼੍ਰੋਮਣੀ ਕਮੇਟੀ ਦੀ ਜਿੰਮੇਵਾਰੀ ਹਾਲ ਉਪਲਬਧ ਕਰਵਾਉਣ ਤਕ ਸੀਮਿਤ ਹੈ, ਜਦਕਿ ਸਮਾਗਮ ਦੇ ਪ੍ਰਬੰਧ ਦੀ ਜ਼ਿੰਮੇਵਾਰੀ ਆਯੋਜਕਾਂ ਦੀ ਹੁੰਦੀ ਹੈ। ਮਰਿਆਦਾ ਨੂੰ ਮੁੱਖ ਰੱਖਦਿਆਂ ਸ੍ਰੀ ਦਰਬਾਰ ਸਾਹਿਬ ਵਲੋਂ ਰਾਜਸੀ ਸਮਾਗਮਾਂ ਵਿਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪ੍ਰਕਾਸ਼ ਕਰਨਾ ਉਚਿਤ ਨਹੀਂ ਹੈ। ਪਰੰਤੂ, ਇਸ ਸਿੱਧੀ ਗੱਲ ਨੂੰ ਸਵੀਕਾਰ ਕਰਨ ਦੀ ਬਜਾਏ ਉਨ੍ਹਾਂ ਨੇ ਹੰਕਾਰੀ ਲਹਿਜ਼ੇ ਵਿੱਚ ਸਿੱਖ ਸੰਸਥਾ ਦੀ ਸ਼ਾਨ ਵਿਰੁੱਧ ਟਿੱਪਣੀਆਂ ਕਰਨੀਆਂ ਸ਼ੁਰੂ ਕਰ ਦਿੱਤੀਆਂ।

ਸ. ਧੰਗੇੜਾ ਨੇ ਕਿਹਾ ਕਿ ਇਹ ਸਾਰੀ ਕਾਰਵਾਈ ਪੂਰੀ ਤਰ੍ਹਾਂ ਜਾਣਬੁੱਝ ਕੇ ਸ਼੍ਰੋਮਣੀ ਕਮੇਟੀ ਦੀ ਛਵੀ ਨੂੰ ਖ਼ਰਾਬ ਕਰਨ ਦੀ ਕੋਸ਼ਿਸ਼ ਹੈ। ਸ਼੍ਰੋਮਣੀ ਕਮੇਟੀ ਹਮੇਸ਼ਾ ਗੁਰਮਰਿਆਦਾ ਅਤੇ ਸੇਵਾ ਦੇ ਨਿਸ਼ਕਾਮ ਸਿਧਾਂਤਾਂ 'ਤੇ ਅਡਿੱਗ ਰਹੀ ਹੈ ਅਤੇ ਰਹੇਗੀ।੯ ਅਗਸਤ

ਭਾਈ ਸੁੱਖਾ ਸਿੰਘ ਤੇ ਭਾਈ ਮਹਿਤਾਬ ਸਿੰਘ ਵੱਲੋਂ ਮੱਸੇ ਰੰਘੜ ਨੂੰ ਸੋਧਣ ਦੀ ਯਾਦ 'ਚ ਸਮਾਗਮ

ਅੰਮ੍ਰਿਤਸਰ-ਭਾਈ ਸੁੱਖਾ ਸਿੰਘ ਮਾੜੀ ਕੰਬੋਕੀ ਅਤੇ ਭਾਈ ਮਹਿਤਾਬ ਸਿੰਘ ਮੀਰਾਂਕੋਟ ਵੱਲੋਂ ਮੱਸੇ ਰੰਘੜ ਨੂੰ ਸੋਧਣ ਦੀ ਯਾਦ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸ਼ਹੀਦ ਬਾਬਾ ਗੁਰਬਖ਼ਸ਼ ਸਿੰਘ ਜੀ ਵਿਖੇ ਗੁਰਮਤਿ ਸਮਾਗਮ ਕਰਵਾਇਆ ਗਿਆ। ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਭਾਈ ਸੁਖਜੀਤ ਸਿੰਘ ਦੇ ਰਾਗੀ ਜਥੇ ਨੇ ਗੁਰਬਾਣੀ ਕੀਰਤਨ ਕੀਤਾ। ਅਰਦਾਸ ਭਾਈ ਪ੍ਰੇਮ ਸਿੰਘ ਨੇ ਕੀਤੀ ਅਤੇ ਸੰਗਤ ਨੂੰ ਪਾਵਨ ਹੁਕਮਨਾਮਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ ਨੇ ਸਰਵਣ ਕਰਵਾਇਆ।

ਇਸ ਮੌਕੇ ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ ਨੇ ਸੰਗਤ ਨਾਲ ਇਤਿਹਾਸ ਦੀ ਵਿਚਾਰ ਕਰਦਿਆਂ ਕਿਹਾ ਕਿ ਸਿੱਖ ਕੌਮ ਦੇ ਕੇਂਦਰੀ ਅਸਥਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨੂੰ ਨੁਕਸਾਨ ਪਹੁੰਚਾਉਣ ਦੇ ਸਮੇਂ ਦੀਆਂ ਹਕੂਮਤਾਂ ਨੇ ਕਈ ਵਾਰ ਯਤਨ ਕੀਤੇ। ਜਕਰੀਆ ਖਾਨ ਦੀ ਹਕੂਮਤ ਸਮੇਂ ਮੱਸੇ ਰੰਘੜ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਬੇਅਦਬੀ ਕੀਤੀ, ਜਿਸ ਦਾ ਬਦਲਾ ਭਾਈ ਸੁੱਖਾ ਸਿੰਘ ਤੇ ਭਾਈ ਮਹਿਤਾਬ ਸਿੰਘ ਨੇ ਮੱਸੇ ਰੰਘੜ ਨੂੰ ਸੋਧ ਕੇ ਲਿਆ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਇਸ ਦਿਨ ਦੀ ਯਾਦ ਮਨਾਉਣਾ ਸ਼ਲਾਘਾਯੋਗ ਉਪਰਾਲਾ ਹੈ, ਜਿਸ ਨਾਲ ਸੰਗਤਾਂ ਵਿਚ ਇਤਿਹਾਸ ਪ੍ਰਤੀ ਜਾਗਰਤਾ ਪੈਦਾ ਹੋਵੇਗੀ।

ਸਮਾਗਮ ਮੌਕੇ ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਵਧੀਕ ਮੈਨੇਜਰ ਸ. ਜਸਪਾਲ ਸਿੰਘ, ਸ. ਬਿਕਰਮਜੀਤ ਸਿੰਘ ਝੰਗੀ, ਮੀਤ ਮੈਨੇਜਰ ਸ. ਰਵਿੰਦਰਜੀਤ ਸਿੰਘ, ਸ. ਸਤਨਾਮ ਸਿੰਘ ਤੇ ਹੋਰ ਮੌਜੂਦ ਸਨ। ੧੧ ਅਗਸਤ

ਨੌਵੇਂ ਪਾਤਸ਼ਾਹ ਜੀ ਦੀ ਸ਼ਹੀਦੀ ਸ਼ਤਾਬਦੀ ਸੰਬੰਧੀ ਨਗਰ ਕੀਰਤਨ ਆਸਾਮ ਤੋਂ ਆਰੰਭ ਹੋ ਕੇ 20 ਸੂਬਿਆਂ 'ਚੋਂ ਹੁੰਦਾ ਹੋਇਆ ਸ੍ਰੀ ਅਨੰਦਪੁਰ ਸਾਹਿਬ ਪੁੱਜੇਗਾ ਇਹ ਇਤਿਹਾਸਕ ਨਗਰ ਕੀਰਤਨ- ਐਡਵੋਕੇਟ ਧਾਮੀ

ਅੰਮ੍ਰਿਤਸਰ-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ੩੫੦ ਸਾਲਾ ਸ਼ਹੀਦੀ ਸ਼ਤਾਬਦੀ ਸੰਬੰਧੀ ਸਮਾਗਮਾਂ ਦੀ ਤਫ਼ਸੀਲ ਜਾਰੀ ਕਰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਦੱਸਿਆ ਕਿ ਗੁਰੂ ਸਾਹਿਬ ਦੀ ਚਰਨਛੋਹ ਪ੍ਰਾਪਤ ਪਾਵਨ ਅਸਥਾਨ ਗੁਰਦੁਆਰਾ ਧੋਬੜੀ ਸਾਹਿਬ ਆਸਾਮ ਤੋਂ ਵਿਸ਼ਾਲ ਕੌਮੀ ਨਗਰ ਕੀਰਤਨ ੨੧ ਅਗਸਤ ਨੂੰ ਆਰੰਭ ਹੋਵੇਗਾ। ਅੱਜ ਇੱਥੇ ਮੀਡੀਆ ਨਾਲ ਗੱਲਬਾਤ ਕਰਦਿਆਂ ਐਡਵੋਕੇਟ ਧਾਮੀ ਨੇ ਕਿਹਾ ਕਿ ਇਹ ਸ਼ਹੀਦੀ ਨਗਰ ਕੀਰਤਨ "ਧਰਮ ਹੇਤ ਸਾਕਾ ਜਿਨਿ ਕੀਆ" ਦੇ ਸਿਰਲੇਖ ਹੇਠ ਭਾਰਤ ਦੇ ੨੦ ਸੂਬਿਆਂ ਵਿਚ ਦੀ ਹੁੰਦਾ ਹੋਇਆ ੨੩ ਨਵੰਬਰ ਨੂੰ ਸ੍ਰੀ ਅਨੰਦਪੁਰ ਸਾਹਿਬ ਵਿਖੇ ਸੰਪੰਨ ਹੋਵੇਗਾ। ਉਨ੍ਹਾਂ ਕਿਹਾ ਕਿ ੩੫੦ ਸਾਲਾ ਸ਼ਹੀਦੀ ਸ਼ਤਾਬਦੀ ਸ਼੍ਰੋਮਣੀ ਕਮੇਟੀ ਵੱਲੋਂ ਸਿੱਖ ਸੰਗਤਾਂ ਦੇ ਸਹਿਯੋਗ ਨਾਲ ਖ਼ਾਲਸਾਈ ਪ੍ਰੰਪਰਾਵਾਂ ਅਨੁਸਾਰ ਮਨਾਈ ਜਾ ਰਹੀ ਹੈ। ਇਸ ਸੰਬੰਧ ਵਿਚ ਜਿੱਥੇ ਦੇਸ਼ ਭਰ ਅੰਦਰ ਵੱਡੇ ਸ਼ਹਿਰਾਂ ਵਿਚ ਗੁਰਮਤਿ ਸਮਾਗਮ ਕੀਤੇ ਜਾਣਗੇ, ਉੱਥੇ ਹੀ ਵਿਸ਼ੇਸ਼ ਤੌਰ 'ਤੇ ਸ਼ਹੀਦੀ ਨਗਰ ਕੀਰਤਨ ਵੀ ਸਜਾਏ ਜਾ ਰਹੇ ਹਨ। ਇਸ ਤਹਿਤ ਪਹਿਲਾ ਨਗਰ ਕੀਰਤਨ ੨੧ ਅਗਸਤ ਨੂੰ ਗੁਰਦੁਆਰਾ ਧੋਬੜੀ ਸਾਹਿਬ ਆਸਾਮ ਤੋਂ ਆਰੰਭ ਹੋਵੇਗਾ। ਪਹਿਲੇ ੧੦ ਦਿਨ ਦੇ ਵੇਰਵੇ ਸਾਂਝੇ ਕਰਦਿਆਂ ਐਡਵੋਕੇਟ ਧਾਮੀ ਨੇ ਦੱਸਿਆ ਕਿ ਇਹ ਨਗਰ ਕੀਰਤਨ ੨੧ ਅਗਸਤ ਨੂੰ ਗੁਰਦੁਆਰਾ ਧੋਬੜੀ ਸਾਹਿਬ ਤੋਂ ਚੱਲ ਕੇ ਗੁਰਦੁਆਰਾ ਸਿੰਘ ਸਭਾ ਸਿਲੀਗੁੜੀ ਪਹੁੰਚੇਗਾ। ੨੨ ਅਗਸਤ ਨੂੰ ਸਿਲੀਗੁੜੀ ਤੋਂ ਮਾਲਦਾ, ੨੩ ਅਗਸਤ ਨੂੰ ਮਾਲਦਾ ਤੋਂ ਕਲਕੱਤਾ ਪੁੱਜੇਗਾ। ਕਲਕੱਤਾ ਵਿਖੇ ਦੋ ਦਿਨ ਵੱਖ-ਵੱਖ ਇਲਾਕਿਆਂ ਵਿਚ ਨਗਰ ਕੀਰਤਨ ਸਜਾਇਆ ਜਾਵੇਗਾ, ਜਿੱਥੋਂ ੨੫ ਅਗਸਤ ਨੂੰ ਗੁਰਦੁਆਰਾ ਗੁਰੂ ਨਾਨਕ ਆਸਨਸੋਲ ਬੰਗਾਲ ਪਹੁੰਚੇਗਾ। ੨੬ ਅਗਸਤ ਨੂੰ ਆਸਨਸੋਲ ਤੋਂ ਚੱਲ ਕੇ ਜਮਸ਼ੇਦਪੁਰ ਟਾਟਾ ਨਗਰ, ੨੭ ਨੂੰ ਜਮਸ਼ੇਦਪੁਰ ਤੋਂ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਰਾਂਚੀ ਝਾਰਖੰਡ, ੨੮ ਅਗਸਤ ਨੂੰ ਰਾਂਚੀ ਤੋਂ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਬਿਹਾਰ ਵਿਖੇ ਪੁੱਜੇਗਾ। ੨੯ ਅਗਸਤ ਨੂੰ ਤਖ਼ਤ ਸ੍ਰੀ ਪਟਨਾ ਸਾਹਿਬ ਤੋਂ ਸਾਸਾਰਾਮ, ੩੦ ਅਗਸਤ ਨੂੰ ਸਾਸਾਰਾਮ ਤੋਂ ਬਨਾਰਸ ਯੂਪੀ ਅਤੇ ੩੧ ਅਗਸਤ ਬਨਾਰਸ ਤੋਂ ਅਗਲੇ ਪੜਾਅ ਲਈ ਰਵਾਨਾ ਹੋਵੇਗਾ। ਇਸੇ ਤਰ੍ਹਾਂ ਇਹ ਨਗਰ ਕੀਰਤਨ ਕਰੀਬ ਤਿੰਨ ਮਹੀਨੇ ਪੜਾਅ-ਦਰ-ਪੜਾਅ ਚੱਲਦਾ ਹੋਇਆ ਸ੍ਰੀ ਅਨੰਦਪੁਰ ਸਾਹਿਬ ਵਿਖੇ ਪਹੁੰਚੇਗਾ।

ਉਨ੍ਹਾਂ ਦੱਸਿਆ ਕਿ ਇਸੇ ਤਰ੍ਹਾਂ ਦੂਜਾ ਨਗਰ ਕੀਰਤਨ ਗੁਰਦੁਆਰਾ ਸ੍ਰੀ ਮਟਨ ਸਾਹਿਬ ਜੰਮੂ ਕਸ਼ਮੀਰ ਤੋਂ ੫ ਅਕਤੂਬਰ ਨੂੰ ਸਜਾਇਆ ਜਾਵੇਗਾ, ਜੋ ਵੱਖ-ਵੱਖ ਅਸਥਾਨਾਂ ਤੋਂ ਹੁੰਦਾ ਹੋਇਆ ਸ੍ਰੀ ਅਨੰਦਪੁਰ ਸਾਹਿਬ ਵਿਖੇ ਸੰਪੂਰਨ ਹੋਵੇਗਾ। ਤੀਜਾ ਨਗਰ ਕੀਰਤਨ ੨੫ ਨਵੰਬਰ ਨੂੰ ਗੁਰਦੁਆਰਾ ਸੀਸਗੰਜ ਸਾਹਿਬ ਦਿੱਲੀ ਤੋਂ ਆਰੰਭ ਹੋਵੇਗਾ, ਜੋ ੨੯ ਨਵੰਬਰ ਨੂੰ ਸ੍ਰੀ ਅਨੰਦਪੁਰ ਸਾਹਿਬ ਵਿਖੇ ਸੰਪੰਨ ਹੋਵੇਗਾ।

ਉਨ੍ਹਾਂ ਹੋਰ ਸਮਾਗਮਾਂ ਸੰਬੰਧੀ ਦੱਸਿਆ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ੩੫੦ ਸਾਲਾ ਗੁਰਤਾਗੱਦੀ ਦਿਵਸ ਮੌਕੇ ੨੩ ਨਵੰਬਰ ਨੂੰ ਸ੍ਰੀ ਅਨੰਦਪੁਰ ਸਾਹਿਬ ਵਿਖੇ ਗੁਰਮਤਿ ਸਮਾਗਮ ਹੋਣਗੇ। ਇਸ ਤੋਂ ਇਲਾਵਾ ਨੌਵੇਂ ਪਾਤਸ਼ਾਹ ਦੀ ਸ਼ਹੀਦੀ ਸ਼ਤਾਬਦੀ ਸੰਬੰਧੀ ੨੪ ਨਵੰਬਰ ਨੂੰ ਸਕੂਲਾਂ ਕਾਲਜਾਂ ਦੇ ਵਿਦਿਆਰਥੀਆਂ ਦਾ ਗੁਰਮਤਿ ਸਮਾਗਮ ਹੋਵੇਗਾ ਅਤੇ ੨੫ ਨਵੰਬਰ ਨੂੰ ਸ਼ਹੀਦੀ ਸ਼ਤਾਬਦੀ ਦਾ ਮੁੱਖ ਸਮਾਗਮ ਗੁਰਦੁਆਰਾ ਸੀਸਗੰਜ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਵਿਖੇ ਕੀਤਾ ਜਾਵੇਗਾ। ੨੬ ਨਵੰਬਰ ਨੂੰ ਸ੍ਰੀ ਅਨੰਦਪੁਰ ਸਾਹਿਬ

ਵਿਖੇ ਭਾਈ ਲੱਖੀ ਸ਼ਾਹ ਵਣਜਾਰਾ ਦੀ ਯਾਦ ਵਿਚ ਮਹਾਨ ਗੁਰਮਤਿ ਸਮਾਗਮ ਹੋਵੇਗਾ। ੨੭ ਨਵੰਬਰ ਨੂੰ ਸ਼ਤਾਬਦੀ ਨੂੰ ਸਮਰਪਿਤ ਇਕ ਵੱਡਾ ਕਵੀ ਦਰਬਾਰ ਕਰਵਾਇਆ ਜਾਵੇਗਾ ਅਤੇ ੨੯ ਨਵੰਬਰ ਨੂੰ ਵੀ ਗੁਰਮਤਿ ਸਮਾਗਮ ਜਾਰੀ ਰਹਿਣਗੇ। ਉਨ੍ਹਾਂ ਦੱਸਿਆ ਕਿ ੨੯ ਨਵੰਬਰ ਨੂੰ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸੀਸ ਸਸਕਾਰ ਦੇ ਰੂਪ ਵਿਚ ਵੱਡਾ ਗੁਰਮਤਿ ਸਮਾਗਮ ਹੋਵੇਗਾ। ਇਸ ਤੋਂ ਇਲਾਵਾ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿਚ ਵੀ ਵੱਡੇ ਗੁਰਮਤਿ ਸਮਾਗਮ ਕਰਵਾਏ ਜਾਣਗੇ, ਜਿਸ ਤਹਿਤ ੧੪ ਸਤੰਬਰ ਨੂੰ ਕਲਕੱਤਾ ਵਿਖੇ ਵਿਸ਼ਾਲ ਗੁਰਮਤਿ ਸਮਾਗਮ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸਾਰੇ ਸ਼ਤਾਬਦੀ ਸਮਾਗਮਾਂ ਲਈ ਦੇਸ਼ ਦੀਆਂ ਵੱਖ-ਵੱਖ ਸ਼ਖ਼ਸੀਅਤਾਂ ਨੂੰ ਸੱਦਾ ਦਿੱਤਾ ਜਾਵੇਗਾ ਅਤੇ ਵੱਖ-ਵੱਖ ਧਰਮਾਂ ਦੇ ਆਗੂ ਵੀ ਬੁਲਾਏ ਜਾਣਗੇ।

ਦਿੱਲੀ ਕਮੇਟੀ ਦੇ ਪ੍ਰਧਾਨ ਸ. ਹਰਮੀਤ ਸਿੰਘ ਕਾਲਕਾ ਵੱਲੋਂ ਸ਼੍ਰੋਮਣੀ ਕਮੇਟੀ ਦੀ ਅਗਵਾਈ ਵਿਚ ਦਿੱਲੀ ਵਿਖੇ ਸ਼ਹੀਦੀ ਸ਼ਤਾਬਦੀ ਦੇ ਸਮਾਗਮ ਕਰਨ ਲਈ ਕੀਤੀ ਪੇਸ਼ਕਸ਼ ਦੇ ਸੰਬੰਧ ਵਿਚ ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਸ. ਕਾਲਕਾ ਨੂੰ ਸਵਾਲ ਕੀਤਾ ਕਿ ਉਨ੍ਹਾਂ ਦੀ ਇਹ ਪੇਸ਼ਕਸ਼ ਕੇਵਲ ਇਕ ਚਿੱਠੀ ਤਕ ਹੀ ਸੀਮਤ ਸੀ, ਜਦਕਿ ਉਹ ਆਪਣੇ ਤੌਰ 'ਤੇ ਸਮਾਗਮ ਉਲੀਕ ਕੇ ਵੱਖ-ਵੱਖ ਜਥੇਬੰਦੀਆਂ ਨਾਲ ਮੀਟਿੰਗਾਂ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਦਿੱਲੀ ਕਮੇਟੀ ਪ੍ਰਧਾਨ ਨੂੰ ਕਾਹਲੀ ਵਿਚ ਆਪਣੇ ਪ੍ਰੋਗਰਾਮ ਐਲਾਨ ਨਹੀਂ ਕਰਨੇ ਚਾਹੀਦੇ, ਸਗੋਂ ਸ਼੍ਰੋਮਣੀ ਕਮੇਟੀ ਨਾਲ ਮਿਲ ਬੈਠਣਾ ਚਾਹੀਦਾ ਸੀ।

ਇਕ ਸਵਾਲ ਦੇ ਜਵਾਬ ਵਿਚ ਐਡਵੋਕੇਟ ਧਾਮੀ ਨੇ ਸਾਬਕਾ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਵੱਲੋਂ ਸ਼੍ਰੋਮਣੀ ਕਮੇਟੀ ਨੂੰ ਖੋਹਣ ਦੇ ਬਿਆਨ ਦੀ ਕਰੜੀ ਆਲੋਚਨਾ ਕਰਦਿਆਂ ਕਿਹਾ ਕਿ ਇਹ ਸਿੱਖ ਸੰਸਥਾ ਦੇ ਮਾਣ-ਮਰਯਾਦਾ ਅਤੇ ਇਹਿਤਾਸ ਨੂੰ ਖੰਡਤ ਕਰਨ ਵਾਲੀ ਗੱਲ ਹੈ। ਸ਼੍ਰੋਮਣੀ ਕਮੇਟੀ ਕੌਮ ਦੀ ਉਹ ਸੰਸਥਾ ਹੈ, ਜਿਸ ਲਈ ਸੰਗਤ ਵੱਲੋਂ ਦਿੱਤੀ ਅਗਵਾਈ ਨਾਲ ਹੀ ਸੇਵਾ ਨਿਭਾਈ ਜਾਂਦੀ ਹੈ। ਉਨ੍ਹਾਂ ਕਿਹਾ ਕਿ ਸਿੱਖ ਸੰਸਥਾ ਨੂੰ ਹਥਿਆਉਣ ਦੀਆਂ ਗੱਲਾਂ ਉਸ ਦੀ ਮਨਸ਼ਾ ਨੂੰ ਸਿੱਧ ਕਰਦੀਆਂ ਹਨ ਕਿ ਉਹ ਕਿਸੇ ਦੇ ਚਲਾਏ ਚੱਲ ਰਹੇ ਹਨ। ਐਡਵੋਕੇਟ ਧਾਮੀ ਨੇ ਕਿਹਾ ਕਿ ਸੰਵਿਧਾਨਕ ਤੌਰ 'ਤੇ ਚੋਣਾਂ ਜਿੱਤ ਕੇ ਕੋਈ ਵੀ ਇਸ ਸੰਸਥਾ ਦੀ ਸੇਵਾ ਕਰ ਸਕਦਾ ਹੈ, ਪਰ ਗ਼ੈਰ ਇਖ਼ਲਾਕੀ ਗੱਲਾਂ ਠੀਕ ਨਹੀਂ ਹਨ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਪੰਥ ਦੀ ਵਾਹਦ ਉਹ ਜਮਾਤ ਹੈ, ਜੋ ਕੇਵਲ ਇਕ ਹੀ ਹੈ ਅਤੇ ਇਹ ਜਿਸ ਪਾਸ ਨਿਸ਼ਾਨ ਹੈ, ਉਹ ਹੀ ਇਸ ਦਾ ਅਸਲ ਵਾਰਸ ਹੈ। ਉਨ੍ਹਾਂ ਕਿਹਾ ਕਿ ਇਸ ਪੰਥ ਦੀ ਜਮਾਤ ਨੂੰ ਢਾਹ ਲਗਾਉਣ ਦੇ ਰਾਹ ਨਹੀਂ ਚੱਲਣਾ ਚਾਹੀਦਾ, ਸਗੋਂ ਇਕਜੁਟਤਾ ਵੱਲ ਵਧਣਾ ਚਾਹੀਦਾ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਅੱਜ ਕੌਮ ਨੂੰ ਬਹੁਤ ਚੁਣੌਤੀਆਂ ਹਨ, ਜਿਸ ਪ੍ਰਤੀ ਸੰਜੀਦਾ ਹੋਣਾ ਚਾਹੀਦਾ ਹੈ ਅਤੇ ਕੌਮ ਦੀਆਂ ਜਥੇਬੰਦੀਆਂ ਅਤੇ ਸੰਸਥਾਵਾਂ ਨੂੰ ਹਥਿਆਉਣ ਵਰਗੇ ਬਿਆਨ ਦੇ ਕੇ ਕੌਮ ਅੰਦਰ ਦੁਬਿਧਾ ਪੈਦਾ ਨਹੀਂ ਕਰਨੀ ਚਾਹੀਦੀ।

ਇਸ ਮੌਕੇ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਨੌਵੇਂ ਪਾਤਸ਼ਾਹ ਜੀ ਦਾ ਜੀਵਨ ਅਤੇ ਉਨ੍ਹਾਂ ਦੀ ਦੇਣ ਸੰਬੰਧੀ ਪੰਜਾਬੀ, ਹਿੰਦੀ ਅਤੇ ਅੰਗਰੇਜ਼ੀ ਵਿਚ ਕਿਤਾਬਚੇ ਵੀ ਜਾਰੀ ਕੀਤੇ ਗਏ। ਐਡਵੋਕੇਟ ਧਾਮੀ ਨੇ ਇਹ ਵੀ ਕਿਹਾ ਕਿ ਇਹ ਹੋਰਨਾਂ ਭਾਸ਼ਾਵਾਂ ਵਿਚ ਵੀ ਉਲਥਾ ਕਰ ਕੇ ਛਾਪੇ ਜਾਣਗੇ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਜਨਰਲ ਸਕੱਤਰ ਸ. ਸ਼ੇਰ ਸਿੰਘ ਮੰਡਵਾਲਾ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਅੰਤ੍ਰਿੰਗ ਮੈਂਬਰ ਸ. ਬਲਦੇਵ ਸਿੰਘ ਕਾਇਮਪੁਰ, ਮੈਂਬਰ ਭਾਈ ਅਜੈਬ ਸਿੰਘ ਅਭਿਆਸੀ, ਓਐਸਡੀ ਸ. ਸਤਬੀਰ ਸਿੰਘ ਧਾਮੀ, ਸਕੱਤਰ ਸ. ਪ੍ਰਤਾਪ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ, ਵਧੀਕ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਬਿਜੈ ਸਿੰਘ, ਜਨਰਲ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਇੰਚਾਰਜ ਸ. ਬਲਦੇਵ ਸਿੰਘ, ਸਹਾਇਕ ਸੁਪ੍ਰਿੰਟੈਂਡੈਂਟ ਸ. ਸੁਰਜੀਤ ਸਿੰਘ ਰਾਣਾ, ਹੈੱਡ ਪ੍ਰਚਾਰਕ ਭਾਈ ਜਗਦੇਵ ਸਿੰਘ, ਭਾਈ ਬਲਦੇਵ ਸਿੰਘ ਓਗਰਾ ਆਦਿ ਹਾਜ਼ਰ ਸਨ। ੧੨ ਅਗਸਤ



ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ ਨਾਲ ਮੁਲਾਕਾਤ ਕਰਨ ਪੁੱਜੇ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ. ਜਗਜੋਤ ਸਿੰਘ ਸੋਹੀ, ਸਿੱਖ ਆਗੂ ਸ. ਜਸਬੀਰ ਸਿੰਘ ਧਾਮੀ ਮੁੰਬਈ, ਜਨਰਲ ਸਕੱਤਰ ਸ. ਇੰਦਰਜੀਤ ਸਿੰਘ ਅਤੇ ਮੀਤ ਪ੍ਰਧਾਨ ਸ. ਗੁਰਵਿੰਦਰ ਸਿੰਘ, ਨਾਲ ਹਨ ਸ਼੍ਰੋਮਣੀ ਕਮੇਟੀ ਦੇ ਸੀਨੀ. ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਅੰਤ੍ਰਿੰਗ ਮੈਂਬਰ ਸ. ਸੁਰਜੀਤ ਸਿੰਘ ਤੁਗਲਵਾਲ, ਮੈਂਬਰ ਸ. ਰਣਜੀਤ ਸਿੰਘ ਕਾਹਲੋਂ, ਸ. ਅੰਮ੍ਰਿਤਪਾਲ ਸਿੰਘ ਕੁਲਾਰ, ਓਐਸਡੀ ਸ. ਸਤਬੀਰ ਸਿੰਘ ਧਾਮੀ ਤੇ ਹੋਰ। (6 ਅਗਸਤ)



ਰਾਜਸਥਾਨ ਵਿਖੇ ਜੱਜ ਦਾ ਪੇਪਰ ਦੇਣ ਤੋਂ ਰੋਕੀ ਗਈ ਬੀਬੀ ਗੁਰਪ੍ਰੀਤ ਕੌਰ ਨੂੰ ਸਿੱਖੀ ਜਜ਼ਬੇ ਵਿਚ ਪਰਪੱਕ ਰਹਿਣ ਕਰਕੇ ਸਨਮਾਨਿਤ ਕਰਦੇ ਹੋਏ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ, ਜਨਰਲ ਸਕੱਤਰ ਸ. ਸ਼ੇਰ ਸਿੰਘ ਮੰਡਵਾਲਾ, ਅੰਤ੍ਰਿਗ ਮੈਂਬਰ ਸ. ਸੁਖਰਾਜ ਸਿੰਘ ਰੋਡੇ, ਮੈਂਬਰ ਸ. ਸੁਖਵਰਸ਼ ਸਿੰਘ ਪੰਨੂ, ਸ. ਖੁਸ਼ਵਿੰਦਰ ਸਿੰਘ ਭਾਟੀਆ, ਸ. ਗੁਰਨਾਮ ਸਿੰਘ ਜੱਸਲ, ਸ. ਮੋਹਨ ਸਿੰਘ ਬੰਗੀ, ਜਥੇਦਾਰ ਕੌਰ ਸਿੰਘ, ਬੀਬੀ ਹਰਜਿੰਦਰ ਕੌਰ, ਬੀਬੀ ਜੋਗਿੰਦਰ ਕੌਰ, ਸ. ਚਰਨ ਸਿੰਘ ਆਲਮਗੀਰ, ਸਕੱਤਰ ਸ. ਪ੍ਰਤਾਪ ਸਿੰਘ ਅਤੇ ਬੀਬੀ ਗੁਰਪ੍ਰੀਤ ਕੌਰ ਦੇ ਪਰਿਵਾਰਕ ਮੈਂਬਰ। (6 ਅਗਸਤ)



ਗੁਰਦੁਆਰਾ ਸ਼ਹੀਦ ਬਾਬਾ ਗੁਰਬਖ਼ਸ਼ ਸਿੰਘ ਜੀ ਵਿਖੇ ਭਾਈ ਸੁੱਖਾ ਸਿੰਘ ਤੇ ਭਾਈ ਮਹਿਤਾਬ ਸਿੰਘ ਵੱਲੋਂ ਮੱਸੇ ਰੰਘੜ ਨੂੰ ਸੋਧਣ ਦੀ ਯਾਦ 'ਚ ਕਰਵਾਏ ਗਏ ਸ਼ਮਾਗਮ ਸਮੇਂ ਅਰਦਾਸ ਵਿਚ ਸ਼ਾਮਲ
ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਸ, ਭਗਵੰਤ ਸਿੰਘ ਪੰਗੇੜਾ, ਵਧੀਕ ਮੈਨੇਜਰ ਸ, ਜਸਪਾਲ ਸਿੰਘ, ਸ, ਬਿਕਰਮਜੀਤ ਸਿੰਘ ਝੰਗੀ, ਮੀਤ ਮੈਨੇਜਰ ਸ, ਰਵਿੰਦਰਜੀਤ ਸਿੰਘ, ਸ, ਸਤਨਾਮ ਸਿੰਘ ਤੇ ਸੰਗਤਾਂ। (11 ਅਗਸਤ)



ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦਾ ਜੀਵਨ ਅਤੇ ਉਨ੍ਹਾਂ ਦੀ ਦੇਣ ਸਬੰਧੀ ਪੰਜਾਬੀ, ਹਿੰਦੀ ਅਤੇ ਅੰਗਰੇਜ਼ੀ ਵਿਚ ਕਿਤਾਬਚੇ ਜਾਰੀ ਕਰਦੇ ਹੋਏ
ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਸ, ਹਰਜਿੰਦਰ ਸਿੰਘ ਧਾਮੀ, ਜੂਨੀਅਰ ਮੀਤ ਪ੍ਰਧਾਨ ਸ, ਬਲਦੇਵ ਸਿੰਘ ਕਲਿਆਣ, ਜਨਰਲ ਸਕੱਤਰ ਸ, ਸ਼ੇਰ ਸਿੰਘ ਮੰਡਵਾਲਾ, ਮੁੱਖ ਸਕੱਤਰ ਸ, ਕੁਲਵੰਤ ਸਿੰਘ ਮੰਨਣ,
ਐਡੀਟਰ ਮੈਂਬਰ ਸ, ਬਲਦੇਵ ਸਿੰਘ ਕਾਣਿਮਪੁਰ, ਮੈਂਬਰ ਭਾਈ ਅਜੈਬ ਸਿੰਘ ਅਭਿਆਸੀ, ਓਐਸਡੀ ਸ, ਸਤਬੀਰ ਸਿੰਘ ਧਾਮੀ, ਸਕੱਤਰ ਸ, ਪ੍ਰਤਾਪ ਸਿੰਘ, ਸ, ਬਲਵਿੰਦਰ ਸਿੰਘ ਕਾਹਲਵਾਂ,
ਵਧੀਕ ਸਕੱਤਰ ਸ, ਗੁਰਿੰਦਰ ਸਿੰਘ ਮਥਰੇਵਾਲ ਤੇ ਜਨਰਲ ਮੈਨੇਜਰ ਸ, ਭਗਵੰਤ ਸਿੰਘ ਪੰਗੇੜਾ। (12 ਅਗਸਤ)



1947 ਦੀ ਭਾਰਤ-ਪਾਕਿਸਤਾਨ ਵੰਡ ਦੌਰਾਨ ਜਾਨਾਂ ਗਵਾਉਣ ਵਾਲੇ ਲੱਖਾਂ ਪੰਜਾਬੀਆਂ ਦੀ ਯਾਦ 'ਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਕਰਵਾਏ ਗਏ ਅਰਦਾਸ ਸਮਾਗਮ ਸਮੇਂ ਅਰਦਾਸ ਵਿਚ ਸ਼ਾਮਲ ਮੈਨੇਜਰ ਸ, ਨਰਿੰਦਰ ਸਿੰਘ, ਸ, ਰਜਿੰਦਰ ਸਿੰਘ ਰੂਬੀ, ਪੰਜ ਪਿਆਰੇ ਭਾਈ ਮੰਗਲ ਸਿੰਘ, ਭਾਈ ਪਰਮਜੀਤ ਸਿੰਘ ਸਮੇਤ ਸੰਗਤਾਂ। (16 ਅਗਸਤ)



ਸ਼੍ਰੋਮਣੀ ਕਮੇਟੀ ਦਫ਼ਤਰ ਵਿਖੇ ਪੁੱਜੇ ਡਾਕਟਰ ਅਨਦੀਪ ਸਿੰਘ ਤੇ ਉਨ੍ਹਾਂ ਦੇ ਪਰਵਾਰਿਕ ਮੈਂਬਰਾਂ ਨੂੰ ਸਨਮਾਨਿਤ ਕਰਦੇ ਹੋਏ ਮੁੱਖ ਸਕੱਤਰ ਸ, ਕੁਲਵੰਤ ਸਿੰਘ ਮੰਨਣ, ਓਐਸਡੀ ਸ, ਸਤਬੀਰ ਸਿੰਘ ਧਾਮੀ ਤੇ ਸਕੱਤਰ ਸ, ਪ੍ਰਤਾਪ ਸਿੰਘ। (16 ਅਗਸਤ)



ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਸਬੰਧੀ ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਧੋਬੜੀ ਸਾਹਿਬ ਤੋਂ ਸ਼ਹੀਦੀ ਨਗਰ ਕੀਰਤਨ ਦੀ ਅਰੰਭਤਾ ਤੋਂ ਪਹਿਲਾਂ ਗੁਰਮਤਿ ਸਮਾਗਮ ਵਿਚ ਸ਼ਾਮਲ ਹੋਣ ਸਮੇਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਬੁੱਢਾ ਦਲ ਦੇ ਮੁੱਖੀ ਜਥੇਦਾਰ ਬਾਬਾ ਬਲਬੀਰ ਸਿੰਘ 96ਵੇਂ ਕਰੋੜੀ, ਪਦਮਸ਼੍ਰੀ ਬਾਬਾ ਸੇਵਾ ਸਿੰਘ ਖਡੂਰ ਸਾਹਿਬ, ਬਾਬਾ ਕਸ਼ਮੀਰ ਸਿੰਘ ਭੂਰੀ ਵਾਲੇ, ਬਾਬਾ ਸੁਖਵਿੰਦਰ ਸਿੰਘ ਭੂਰੀ ਵਾਲੇ, ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਮੈਂਬਰ ਭਾਈ ਰਜਿੰਦਰ ਸਿੰਘ ਮਹਿਤਾ, ਸ. ਸੁਰਜੀਤ ਸਿੰਘ ਭਿੰਟਵਡ, ਭਾਈ ਅਜੈਬ ਸਿੰਘ ਅਭਿਆਸੀ, ਸ. ਜਗਸੀਰ ਸਿੰਘ ਮੰਗੇਆਣਾ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਵਧੀਕ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਬਿਜੈ ਸਿੰਘ, ਮੀਤ ਸਕੱਤਰ ਸ. ਬਲਵਿੰਦਰ ਸਿੰਘ ਖੈਰਾਬਾਦ, ਸ. ਹਰਭਜਨ ਸਿੰਘ ਵਕਤਾ, ਸਮੇਤ ਸਮੂਹ ਪੰਥਕ ਸ਼ਖ਼ਸੀਅਤਾਂ ਤੇ ਸੰਗਤਾਂ। (20 ਅਗਸਤ)



ਗੁਰਦੁਆਰਾ ਪੋਂਵਜ਼ੀ ਸਾਹਿਬ (ਆਸਾਮ) ਤੋਂ ਖ਼ਾਲਸਾਈ ਜਾਹੋ ਜਲਾਲ ਨਾਲ ਸ਼ਹੀਦੀ ਨਗਰ ਕੀਰਤਨ ਆਰੰਭ ਕਰਨ ਸਮੇਂ ਰਾਜ਼ਰ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਦਮਦਮੀ ਟਕਸਾਲ ਦੇ ਮੁੱਖੀ ਗਿਆਨੀ ਹਰਨਾਮ ਸਿੰਘ ਖਾਲਸਾ, ਬੁੱਢਾ ਦਲ ਦੇ ਮੁੱਖੀ ਜਥੇਦਾਰ ਬਾਬਾ ਬਲਬੀਰ ਸਿੰਘ 96ਵੇਂ ਕਰੋੜੀ, ਪਦਮਸ਼੍ਰੀ ਬਾਬਾ ਸੇਵਾ ਸਿੰਘ ਖਡੂਰ ਸਾਹਿਬ, ਬਾਬਾ ਕਸ਼ਮੀਰ ਸਿੰਘ ਭੂਰੀ ਵਾਲੇ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਮੈਂਬਰ ਭਾਈ ਰਜਿੰਦਰ ਸਿੰਘ ਮਹਿਤਾ, ਸ. ਸੁਰਜੀਤ ਸਿੰਘ ਭਿੰਟੇਵਡ, ਭਾਈ ਅਜੈਬ ਸਿੰਘ ਅਭਿਆਸੀ, ਸ. ਜਗਸੀਰ ਸਿੰਘ ਮਾਂਗੇਆਣਾ, ਪਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਬਾਬਾ ਮੇਜਰ ਸਿੰਘ ਜੋਦੀ, ਬਾਬਾ ਸੁਖਵਿੰਦਰ ਸਿੰਘ ਭੂਰੀ ਵਾਲੇ, ਜ਼ਿਲ੍ਹਾ ਪੋਂਵਜ਼ੀ ਦੇ ਡਿਪਟੀ ਕਮਿਸ਼ਨਰ ਸ੍ਰੀ ਦੀਵਾਕਰ ਨਾਥ, ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਕਿਜੇ ਸਿੰਘ, ਮੀਤ ਸਕੱਤਰ ਸ. ਬਲਵਿੰਦਰ ਸਿੰਘ ਝੋਰਾਬਾਦ, ਸ. ਹਰਭਜਨ ਸਿੰਘ ਵਕਤਾ, ਇੰਚਾਰਜ ਸ. ਦਵਿੰਦਰ ਸਿੰਘ ਖੁਸ਼ੀਪੁਰ, ਸ. ਰਾਮ ਸਿੰਘ ਜਰੋੜ ਮੁੰਬਈ, ਸਥਾਨਕ ਸਿੰਘ ਆਗੂ ਸ. ਹਰਚਰਨ ਸਿੰਘ ਬਾਦਾ, ਸ. ਚਰਨਜੀਤ ਸਿੰਘ ਗਾਂਧੀ, ਸ. ਰਵਿੰਦਰ ਸਿੰਘ ਉਬਰਾਣੇ, ਸ. ਤੇਜਪਾਲ ਸਿੰਘ, ਪ੍ਰਬੰਧਕ ਕਮੇਟੀ ਗੁਰਦੁਆਰਾ ਪੋਂਵਜ਼ੀ ਸਾਹਿਬ ਦੇ ਪ੍ਰਧਾਨ ਸ. ਦਲਜੀਤ ਸਿੰਘ ਸੇਠੀ, ਸਕੱਤਰ ਸ. ਭੁਪਿੰਦਰ ਸਿੰਘ ਤੇ ਵੱਡੀ ਗਿਣਤੀ ਸੰਗਤਾਂ। (21 ਅਗਸਤ)



ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਦਿਹਾੜੇ ਮੌਕੇ ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਤੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੱਕ ਸਜਾਏ ਗਏ ਨਗਰ ਕੀਰਤਨ ਦਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀਆਂ ਪਰਿਕਰਮਾ ਵਿਖੇ ਮਨਮੋਹਕ ਦ੍ਰਿਸ਼। (24 ਅਗਸਤ)



ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ ਸਬੰਧੀ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋਣ ਵਾਲੇ ਸਮਾਗਮਾਂ ਵਿੱਚ ਸ਼ਮੂਲੀਅਤ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਉੱਤਰ ਪ੍ਰਦੇਸ਼ ਦੇ ਮੁੱਖ ਮੰਤਰੀ ਸ੍ਰੀ ਆਦਿੱਤਯ ਨਾਥ ਯੋਗੀ ਨੂੰ ਸੱਦਾ-ਪੱਤਰ ਦਿੰਦੇ ਹੋਏ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜੈਬ ਸਿੰਘ ਅਭਿਆਸੀ, ਉੱਤਰ ਪ੍ਰਦੇਸ਼ ਸਿੱਖ ਮਿਸ਼ਨ ਰਾਧੁਜ ਦੇ ਇੰਚਾਰਜ ਸ. ਬ੍ਰਿਜਪਾਲ ਸਿੰਘ, ਗੁਰਦੁਆਰਾ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਯਹਿਆਗੰਜ ਲਖਨਊ ਦੇ ਪ੍ਰਧਾਨ ਡਾ. ਗੁਰਮੀਤ ਸਿੰਘ ਤੇ ਉੱਤਰ ਪ੍ਰਦੇਸ਼ ਘੱਟਗਿਣਤੀ ਕਮਿਸ਼ਨ ਦੇ ਮੈਂਬਰ ਸ, ਪਰਵਿੰਦਰ ਸਿੰਘ। (28 ਅਗਸਤ)



ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਧੋਬੜੀ ਸਾਹਿਬ (ਅਸਾਮ) ਤੋਂ ਆਰੰਭ ਕੀਤਾ ਗਿਆ ਸ਼ਹੀਦੀ ਨਗਰ ਕੀਰਤਨ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ (ਬਿਹਾਰ) ਤੋਂ ਅਗਲੇ ਪੜਾਅ ਲਈ ਰਵਾਨਾ ਹੋਣ ਸਮੇਂ ਹਾਜ਼ਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ, ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ, ਤਖ਼ਤ ਸ੍ਰੀ ਪਟਨਾ ਸਾਹਿਬ ਦੇ ਜਥੇਦਾਰ ਤੇ ਗ੍ਰੰਥੀ ਗਿਆਨੀ ਬਲਦੇਵ ਸਿੰਘ, ਬਾਬਾ ਕਸ਼ਮੀਰ ਸਿੰਘ ਭੂਰੀਵਾਲੇ, ਸ਼੍ਰੋਮਣੀ ਕਮੇਟੀ ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਸ. ਜਗੀਰ ਸਿੰਘ ਮਾਂਗੇਆਣਾ, ਭਾਈ ਅਜੈਬ ਸਿੰਘ ਅਭਿਆਸੀ, ਤਖ਼ਤ ਸ੍ਰੀ ਪਟਨਾ ਸਾਹਿਬ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ. ਜਗਜੋਤ ਸਿੰਘ ਸੋਹੀ, ਸੀਨੀ. ਮੀਤ ਪ੍ਰਧਾਨ ਸ. ਲਖਵਿੰਦਰ ਸਿੰਘ, ਜਨਰਲ ਸਕੱਤਰ ਸ. ਇੰਦਰਜੀਤ ਸਿੰਘ, ਓਐੱਸਡੀ ਸ. ਸਤਬੀਰ ਸਿੰਘ ਧਾਮੀ, ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਨਿੱਜੀ ਸਕੱਤਰ ਸ. ਸ਼ਾਹਬਾਜ਼ ਸਿੰਘ, ਮੀਤ ਸਕੱਤਰ ਸ. ਬਲਵਿੰਦਰ ਸਿੰਘ ਚੋਰਾਬਾਦ, ਸ. ਰਾਮ ਸਿੰਘ ਮੁੰਕਣੀ, ਟਿਊਰਜ ਸ. ਦਵਿੰਦਰ ਸਿੰਘ ਖੁਸ਼ੀਪੁਰ, ਮੈਨੇਜਰ ਤਖ਼ਤ ਸ੍ਰੀ ਪਟਨਾ ਸਾਹਿਬ ਸ. ਹਰਜੀਤ ਸਿੰਘ, ਹੋਰ ਪ੍ਰਚਾਰਕ ਭਾਈ ਜਗਦੇਵ ਸਿੰਘ, ਭਾਈ ਬਲਦੇਵ ਸਿੰਘ ਓਗਰਾ ਤੇ ਸੰਗਤਾਂ। (29 ਅਗਸਤ)











ਹਲਕਾ ਰਮਦਾਸ, ਡੇਰਾ ਬਾਬਾ ਨਾਨਕ ਅਤੇ ਸੁਲਤਾਨਪੁਰ ਲੋਧੀ ਦੇ ਹੜ੍ਹ ਪ੍ਰਭਾਵਿਤ ਪਿੰਡਾਂ ਵਿਚ ਜਾ ਕੇ ਆਟਾ, ਦਾਲਾਂ, ਪਾਣੀ ਦੀਆਂ ਬੋਤਲਾਂ ਅਤੇ ਹੋਰ ਜ਼ਰੂਰੀ ਵਸਤਾਂ ਵੰਡਣ ਅਤੇ ਪੀੜਿਤ ਲੋਕਾਂ ਦੀਆਂ ਮੁਸ਼ਕਿਲਾਂ ਸੁਣਨ ਸਮੇਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ। ਨਾਲ ਹਨ, ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਅਤੇ ਹਲਕਾ ਇੰਚਾਰਜ ਜਥੇਦਾਰ ਸੁੱਚਾ ਸਿੰਘ ਲੰਗਾਹ, ਸ਼੍ਰੋਮਣੀ ਕਮੇਟੀ ਮੈਂਬਰ ਤੇ ਹਲਕਾ ਇੰਚਾਰਜ ਸ. ਜੋਧ ਸਿੰਘ ਸਮਰਾ, ਅੰਤ੍ਰਿਗ ਕਮੇਟੀ ਮੈਂਬਰ ਸ. ਅਮਰੀਕ ਸਿੰਘ ਵਿਛੋਆ, ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਮੈਂਬਰ ਸ. ਜਰਨੈਲ ਸਿੰਘ ਡੱਗਰਾਂਵਾਲਾ, ਸ. ਗੁਰਮੀਤ ਸਿੰਘ ਬੂਹ, ਬੀਬੀ ਗੁਰਪ੍ਰੀਤ ਕੌਰ, ਇੰਜੀ ਸਵਰਨ ਸਿੰਘ, ਬਾਬਾ ਬਲਬੀਰ ਸਿੰਘ ਸੀਚੇਵਾਲ, ਸਕੱਤਰ ਸ. ਪ੍ਰਤਾਪ ਸਿੰਘ, ਮੀਤ ਸਕੱਤਰ ਸ. ਹਰਭਜਨ ਸਿੰਘ ਵਸਤਾ ਤੇ ਹੋਰ ਮੁਲਾਜ਼ਮ। (30 ਅਗਸਤ)

ਐਡਵੋਕੇਟ ਧਾਮੀ ਨੇ ਅਮਰੀਕਾ 'ਚ ਬਜ਼ੁਰਗ ਸਿੱਖ 'ਤੇ ਹੋਏ ਨਸਲੀ ਹਮਲੇ ਦੀ ਕੀਤੀ ਨਿੰਦਾ

ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਅਮਰੀਕਾ ਅੰਦਰ ਕੈਲੀਫੋਰਨੀਆ ਦੇ ਨਾਰਥ ਹਾਲੀਵੁੱਡ ਵਿਚ ਸ. ਹਰਪਾਲ ਸਿੰਘ ਨਾਂ ਦੇ ਇਕ ਬਜ਼ੁਰਗ ਸਿੱਖ 'ਤੇ ਹੋਏ ਨਸਲੀ ਹਮਲੇ ਦੀ ਕਰੜੀ ਨਿੰਦਾ ਕਰਦਿਆਂ ਇਸ ਘਟਨਾ ਦੇ ਦੋਸ਼ੀਆਂ ਖਿਲਾਫ਼ ਕਾਰਵਾਈ ਦੀ ਮੰਗ ਕੀਤੀ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਕੈਲੀਫੋਰਨੀਆ ਵਿਚ ਸਿੱਖ ਬਜ਼ੁਰਗ 'ਤੇ ਹਮਲਾ ਕਰ ਕੇ ਗੰਭੀਰ ਜ਼ਖ਼ਮੀ ਕਰ ਦੇਣ ਦੀ ਖ਼ਬਰ ਬੇਹੱਦ ਮੰਦਭਾਗੀ ਹੈ। ਉਨ੍ਹਾਂ ਕਿਹਾ ਕਿ ਅੱਜ ਵੱਖ-ਵੱਖ ਦੇਸ਼ਾਂ ਅੰਦਰ ਸਿੱਖ ਉੱਚ ਪਦਵੀਆਂ 'ਤੇ ਕਾਰਜ ਕਰ ਰਹੇ ਹਨ ਅਤੇ ਉਹ ਜਿਸ ਵੀ ਖਿੱਤੇ ਵਿਚ ਵੱਸੇ ਹਨ, ਉਨ੍ਹਾਂ ਨੇ ਉਥੋਂ ਦੀ ਤਰੱਕੀ ਵਿਚ ਵੱਡਾ ਯੋਗਦਾਨ ਪਾਇਆ ਹੈ। ਉਨ੍ਹਾਂ ਕਿਹਾ ਕਿ ਸਿੱਖਾਂ ਵਿਰੁੱਧ ਅਜਿਹੀਆਂ ਨਫ਼ਰਤੀ ਘਟਨਾਵਾਂ ਵਾਪਰਣ ਨਾਲ ਕੌਮ ਅੰਦਰ ਰੋਸ ਪੈਦਾ ਹੋਣਾ ਕੁਦਰਤੀ ਹੈ।

ਐਡਵੋਕੇਟ ਧਾਮੀ ਨੇ ਕਿਹਾ ਕਿ ਸਮੁੱਚੀ ਮਨੁੱਖਤਾ ਭਲਾ ਚਾਹੁਣ ਵਾਲੇ ਸਿੱਖਾਂ 'ਤੇ ਵਿਦੇਸ਼ਾਂ 'ਚ ਨਸਲੀ ਹਮਲੇ ਹੋਣਾ ਬੇਹੱਦ ਮੰਦਭਾਗੇ ਹਨ। ਉਨ੍ਹਾਂ ਭਾਰਤ ਸਰਕਾਰ ਦੇ ਵਿਦੇਸ਼ ਮੰਤਰਾਲੇ ਨੂੰ ਅਪੀਲ ਕੀਤੀ ਕਿ ਉਹ ਵਿਦੇਸ਼ਾਂ ਵਿਚ ਸਿੱਖਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਜ਼ਰੂਰੀ ਕਦਮ ਚੁੱਕੇ। ੧੩ ਅਗਸਤ

ਸੁਪਰੀਮ ਕੋਰਟ ਦੇ ਨਿਰਦੇਸ਼ ਦੇ ਅਧਾਰ 'ਤੇ ਬੰਦੀ ਸਿੰਘ ਤੁਰੰਤ ਰਿਹਾਅ ਕੀਤੇ ਜਾਣ- ਐਡਵੋਕੇਟ ਧਾਮੀ

ਕਿਹਾ; ਤਿੰਨ ਤਿੰਨ ਦਹਾਕਿਆਂ ਤੋਂ ਜੇਲ੍ਹਾਂ ਵਿਚ ਬੰਦ ਰੱਖਣਾ ਸੰਵਿਧਾਨ ਦੀ ਉਲੰਘਣਾ

ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸੁਪਰੀਮ ਕੋਰਟ ਵੱਲੋਂ ਕੈਦੀਆਂ ਨੂੰ ਸਜ਼ਾ ਪੂਰੀ ਹੋਣ ਤੋਂ ਬਾਅਦ ਵੀ ਜੇਲ੍ਹਾਂ ਵਿੱਚ ਰੱਖਣ ਵਿਰੁੱਧ ਦਿੱਤੇ ਨਿਰਦੇਸ਼ਾਂ ਦਾ ਸਵਾਗਤ ਕਰਦਿਆਂ ਬੰਦੀ ਸਿੰਘਾਂ ਦੀ ਰਿਹਾਈ ਦੀ ਮੰਗ ਕੀਤੀ ਹੈ। ਉਨ੍ਹਾਂ ਕਿਹਾ ਕਿ ਸੁਪਰੀਮ ਕੋਰਟ ਵੱਲੋਂ ਸਜਾ ਪੂਰੀ ਕਰਨ ਵਾਲੇ ਕੈਦੀਆਂ ਨੂੰ ਰਿਹਾਅ ਕਰਨ ਦੇ ਨਿਰਦੇਸ਼ ਮਾਨਵੀ ਅਧਿਕਾਰਾਂ ਦੀ ਤਰਜਮਾਨੀ ਹਨ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕੇਂਦਰ ਸਰਕਾਰ ਅਤੇ ਸਬੰਧਤ ਰਾਜ ਸਰਕਾਰਾਂ ਨੂੰ ਅਪੀਲ ਕੀਤੀ ਕਿ ਇਸ ਫੈਸਲੇ ਦੀ ਰੌਸ਼ਨੀ ਵਿੱਚ ਬੰਦੀ ਸਿੰਘਾਂ ਨੂੰ ਤੁਰੰਤ ਰਿਹਾਅ ਕੀਤਾ ਜਾਵੇ, ਕਿਉਂਕਿ ਇਨ੍ਹਾਂ ਨੇ ਉਮਰ ਕੈਦ ਤੋਂ ਵੀ ਦੁਗਣੀਆਂ ਸਜ਼ਾਵਾਂ ਭੁਗਤ ਲਈਆਂ ਹਨ।

ਉਨ੍ਹਾਂ ਕਿਹਾ ਕਿ ਭਾਈ ਗੁਰਦੀਪ ਸਿੰਘ ਖੇੜਾ, ਭਾਈ ਬਲਵੰਤ ਸਿੰਘ ਰਾਜੋਆਣਾ, ਭਾਈ ਜਗਤਾਰ ਸਿੰਘ ਹਵਾਰਾ, ਭਾਈ ਦੇਵਿੰਦਰਪਾਲ ਸਿੰਘ ਭੁੱਲਰ, ਭਾਈ ਜਗਤਾਰ ਸਿੰਘ ਤਾਰਾ ਅਤੇ ਹੋਰਨਾਂ ਨੇ ਕਰੀਬ ੩੦ ਸਾਲਾਂ ਤੋਂ ਵੱਧ ਸਮਾਂ ਜੇਲ੍ਹਾਂ ਵਿੱਚ ਬਿਤਾਇਆ ਹੈ, ਪਰ ਸਰਕਾਰੀ ਨੀਤੀਆਂ ਕਾਰਨ ਉਨ੍ਹਾਂ ਨੂੰ ਰਿਹਾਈ ਨਹੀਂ ਮਿਲ ਰਹੀ। ਉਨ੍ਹਾਂ ਕਿਹਾ ਕਿ ਇਹ ਨਾ ਸਿਰਫ਼ ਮਨੁੱਖੀ ਅਧਿਕਾਰਾਂ ਅਤੇ ਸੰਵਿਧਾਨ ਦੀ ਘੋਰ ਉਲੰਘਣਾ ਹੈ, ਬਲਕਿ ਸਿੱਖ ਭਾਵਨਾਵਾਂ ਨਾਲ ਵੀ ਬੇਇਨਸਾਫ਼ੀ ਹੈ, ਜਿਸ ਨਾਲ ਪੰਜਾਬ ਅਤੇ ਸਿੱਖ ਭਾਈਚਾਰੇ ਵਿੱਚ ਰੋਸ ਵਧ ਰਿਹਾ ਹੈ। ਸਰਕਾਰਾਂ ਵੱਲੋਂ ਬੰਦੀ ਸਿੰਘਾਂ ਨਾਲ ਕੀਤੀ ਜਾ ਰਹੀ ਇਹ ਬੇਇਨਸਾਫ਼ੀ ਨਿਆਂ ਦੀ ਭਾਵਨਾ ਨੂੰ ਠੇਸ ਪਹੁੰਚਾਉਂਦੀ ਹੈ।

ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਸੁਪਰੀਮ ਕੋਰਟ ਦਾ ਇਹ ਫੈਸਲਾ ਬੰਦੀ ਸਿੰਘਾਂ ਲਈ ਨਿਆਂ ਦਾ ਰਾਹ ਖੋਲ੍ਹਦਾ ਹੈ ਅਤੇ ਸਰਕਾਰਾਂ ਨੂੰ ਇਸ ਨੂੰ ਲਾਗੂ ਕਰਕੇ ਬੰਦੀ ਸਿੰਘਾਂ ਨੂੰ ਰਿਹਾਅ ਕਰਨਾ ਚਾਹੀਦਾ

ਹੈ। ਉਨ੍ਹਾਂ ਨੇ ਸਿੱਖ ਭਾਈਚਾਰੇ ਨੂੰ ਵੀ ਅਪੀਲ ਕੀਤੀ ਕਿ ਇਸ ਮੁੱਦੇ ਤੇ ਏਕਤਾ ਨਾਲ ਖੜ੍ਹੇ ਰਹਿਣ ਅਤੇ ਨਿਆਂ ਲਈ ਆਵਾਜ਼ ਬੁਲੰਦ ਕਰਨ। ਸ਼੍ਰੋਮਣੀ ਕਮੇਟੀ ਇਸ ਮਾਮਲੇ ਵਿੱਚ ਹਰ ਸੰਭਵ ਕਾਨੂੰਨੀ ਕਦਮ ਚੁੱਕੇਗੀ। ੧੩ ਅਗਸਤ

ਕੁਝ ਜ਼ਿਲ੍ਹਿਆਂ 'ਚ ਹੜ੍ਹਾਂ ਦੀ ਸਥਿਤੀ ਦੇ ਮੱਦੇਨਜ਼ਰ ਸ਼੍ਰੋਮਣੀ ਕਮੇਟੀ ਵੱਲੋਂ ਪੀੜਤਾਂ ਲਈ ਸਹਾਇਤਾ ਕੇਂਦਰ ਸਥਾਪਤ

ਅੰਮ੍ਰਿਤਸਰ-ਪੰਜਾਬ ਦੇ ਕੁਝ ਜ਼ਿਲ੍ਹਿਆਂ ਵਿਚ ਬਣੀ ਹੜ੍ਹਾਂ ਦੀ ਸਥਿਤੀ ਦੇ ਮੱਦੇਨਜ਼ਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਨਿਰਦੇਸ਼ਾਂ ਅਨੁਸਾਰ ਸ਼੍ਰੋਮਣੀ ਕਮੇਟੀ ਵੱਲੋਂ ਪ੍ਰਭਾਵਿਤ ਲੋਕਾਂ ਦੀ ਸਹਾਇਤਾ ਲਈ ਵੱਖ ਵੱਖ ਗੁਰਦੁਆਰਾ ਸਾਹਿਬਾਨ ਅੰਦਰ ਸਹਾਇਤਾ ਕੇਂਦਰ ਸਥਾਪਤ ਕੀਤੇ ਗਏ ਹਨ, ਤਾਂ ਜੋ ਹੜ੍ਹ ਪੀੜਤਾਂ ਦੀ ਹਰ ਸੰਭਵ ਮੱਦਦ ਕੀਤੀ ਜਾ ਸਕੇ।

ਇਸ ਸੰਬੰਧੀ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਪ੍ਰਤਾਪ ਸਿੰਘ ਨੇ ਕਿਹਾ ਕਿ ਮੁਸ਼ਕਲ ਦੇ ਸਮੇਂ ਮਾਨਵਤਾ ਨਾਲ ਖੜ੍ਹਨਾ ਸ਼੍ਰੋਮਣੀ ਕਮੇਟੀ ਆਪਣਾ ਫ਼ਰਜ਼ ਸਮਝਦੀ ਹੈ ਅਤੇ ਗੁਰੂ ਦਰਸਾਏ ਮਾਰਗ ਅਨੁਸਾਰ ਸਿੱਖ ਸੰਸਥਾ ਲੋੜਵੰਦਾਂ ਲਈ ਨਿਰੰਤਰ ਕਾਰਜਸ਼ੀਲ ਹੈ। ਉਨ੍ਹਾਂ ਕਿਹਾ ਕਿ ਬੀਤੇ ਦਿਨਾਂ ਤੋਂ ਦਰਿਆਵਾਂ ਵਿੱਚ ਪਾਣੀ ਦਾ ਪੱਧਰ ਵਧਣ ਕਾਰਨ ਕਈ ਇਲਾਕਿਆਂ ਵਿੱਚ ਹੜ੍ਹਾਂ ਦੀ ਸਥਿਤੀ ਬਣੀ ਹੋਈ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਨਿਰਦੇਸ਼ਾਂ ਅਨੁਸਾਰ ਵੱਖ-ਵੱਖ ਗੁਰਦੁਆਰਾ ਸਾਹਿਬਾਨ ਅੰਦਰ ਰਿਹਾਇਸ਼, ਲੰਗਰ ਅਤੇ ਹੋਰ ਲੋੜੀਂਦੀਆਂ ਵਸਤਾਂ ਦੇ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਹੜ੍ਹ ਪੀੜਤਾਂ ਦੀ ਸਹੂਲਤ ਲਈ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਰੋਪੜ, ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਪਾਤਸ਼ਾਹੀ ਨੌਵੀਂ ਪਟਿਆਲਾ, ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਕਪੂਰਥਲਾ, ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਪਾਤਸ਼ਾਹੀ ਨੌਵੀਂ ਬਾਬਾ ਬਕਾਲਾ ਅੰਮ੍ਰਿਤਸਰ, ਗੁਰਦੁਆਰਾ ਸ੍ਰੀ ਬਾਉਲੀ ਸਾਹਿਬ ਗੋਇੰਦਵਾਲ ਸਾਹਿਬ ਤਰਨ ਤਾਰਨ, ਗੁਰਦੁਆਰਾ ਭੱਠਾ ਸਾਹਿਬ ਪਾਤਸ਼ਾਹੀ ਦਸਵੀਂ ਕੋਟਲਾ ਨਿਹੰਗ ਰੋਪੜ, ਗੁਰਦੁਆਰਾ ਸ੍ਰੀ ਚਮਕੌਰ ਸਾਹਿਬ ਰੂਪਨਗਰ, ਗੁਰਦੁਆਰਾ ਸ੍ਰੀ ਚਰਨਕੰਵਲ ਸਾਹਿਬ ਮਾਛੀਵਾੜਾ ਲੁਧਿਆਣਾ, ਗੁਰਦੁਆਰਾ ਸ੍ਰੀ ਬਾਰਠ ਸਾਹਿਬ ਪਠਾਨਕੋਟ, ਗੁਰਦੁਆਰਾ ਬਾਬਾ ਬੁੱਢਾ ਸਾਹਿਬ ਜੀ ਰਾਮਦਾਸ ਅੰਮ੍ਰਿਤਸਰ, ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਗੁਰਦਾਸਪੁਰ, ਗੁਰਦੁਆਰਾ ਚੋਹਲਾ ਸਾਹਿਬ ਪਾਤਸ਼ਾਹੀ ਪੰਜਵੀਂ ਤਰਨ ਤਾਰਨ, ਗੁਰਦੁਆਰਾ ਗੁਰੂਸਰ ਜਾਮਨੀ ਸਾਹਿਬ ਪਾਤਸ਼ਾਹੀ ਦਸਵੀਂ ਬਜ਼ੀਦਪੁਰ ਫਿਰੋਜ਼ਪੁਰ, ਗੁਰਦੁਆਰਾ ਪ੍ਰਕਾਸ਼ ਅਸਥਾਨ ਭਾਈ ਲਾਲੂ ਜੀ ਡੱਲਾ ਕਪੂਰਥਲਾ, ਗੁਰਦੁਆਰਾ ਭਾਈ ਤਾਰਾ ਸਿੰਘ ਜੀ ਸ਼ਹੀਦ ਪਿੰਡ ਵਾਂ ਤਰਨ ਤਾਰਨ, ਗੁਰਦੁਆਰਾ ਬਾਬਾ ਬੀਰ ਸਿੰਘ ਜੀ ਪਿੰਡ ਰੱਤੋਕੇ ਤਰਨ ਤਾਰਨ ਵਿਖੇ ਕੇਂਦਰ ਸਥਾਪਤ ਕੀਤੇ ਗਏ ਹਨ। ਉਨ੍ਹਾਂ ਸੰਗਤਾਂ ਨੂੰ ਅਪੀਲ ਕੀਤੀ ਕਿ ਹੜ੍ਹ ਪ੍ਰਭਾਵਿਤ ਲੋਕ ਸਬੰਧਤ ਗੁਰਦੁਆਰਾ ਸਾਹਿਬਾਨ ਦੇ ਪ੍ਰਬੰਧਕਾਂ ਨਾਲ ਸਹਾਇਤਾ ਲਈ ਸੰਪਰਕ ਕਰਨ। ੧੪ ਅਗਸਤ

ਦੇਸ਼ ਵੰਡ ਸਮੇਂ ਜਾਨਾਂ ਗਵਾਉਣ ਵਾਲੇ ਲੱਖਾਂ ਪੰਜਾਬੀਆਂ ਦੀ ਯਾਦ 'ਚ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਅਰਦਾਸ ਸਮਾਗਮ

ਅੰਮ੍ਰਿਤਸਰ-੧੯੪੭ ਦੀ ਭਾਰਤ ਪਾਕਿਸਤਾਨ ਵੰਡ ਦੌਰਾਨ ਜਾਨਾਂ ਗਵਾਉਣ ਵਾਲੇ ਲੱਖਾਂ ਪੰਜਾਬੀਆਂ ਦੀ ਯਾਦ 'ਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਅਰਦਾਸ

ਸਮਾਗਮ ਕਰਵਾਇਆ ਗਿਆ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਜਗਰੂਪ ਸਿੰਘ ਦੇ ਜਥੇ ਨੇ ਗੁਰਬਾਣੀ ਕੀਰਤਨ ਕੀਤਾ। ਜਿਸ ਮਗਰੋਂ ਵਿਛੜੀਆਂ ਰੂਹਾਂ ਨਮਿਤ ਅਰਦਾਸ ਭਾਈ ਗੁਰਚਰਨ ਸਿੰਘ ਨੇ ਕੀਤੀ ਅਤੇ ਸੰਗਤ ਨੂੰ ਪਾਵਨ ਹੁਕਮਨਾਮਾ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਗੁਰਮੁੱਖ ਸਿੰਘ ਨੇ ਸਰਵਣ ਕਰਵਾਇਆ।

ਸਮਾਗਮ ਦੌਰਾਨ ਸੰਗਤ ਨਾਲ ਵਿਚਾਰ ਕਰਦਿਆਂ ਗਿਆਨੀ ਗੁਰਮੁੱਖ ਸਿੰਘ ਨੇ ਕਿਹਾ ਕਿ ਸੰਨ ੧੯੪੭ ਵਿਚ ਦੇਸ਼ ਦੀ ਵੰਡ ਸਮੇਂ ਜਿਥੇ ਲੱਖਾਂ ਪੰਜਾਬੀਆਂ ਨੇ ਜਾਨਾਂ ਗੁਆਈਆਂ, ਉਥੇ ਹੀ ਲੋਕਾਂ ਨੂੰ ਆਪਣੀਆਂ ਜ਼ਮੀਨਾਂ ਜਾਇਦਾਦਾਂ ਅਤੇ ਕਾਰੋਬਾਰ ਵੀ ਛੱਡਣੇ ਪਏ। ਇਸ ਦੇਸ਼ ਵੰਡ ਸਮੇਂ ਸਿੱਖ ਕੌਮ ਨੂੰ ਆਪਣੇ ਪਾਵਨ ਗੁਰਧਾਮਾਂ ਤੋਂ ਵਿਛੜਨਾ ਪਿਆ। ਪਾਕਿਸਤਾਨ ਅੰਦਰ ਰਹਿ ਗਏ ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਸਮੇਤ ਅਨੇਕਾਂ ਗੁਰ-ਅਸਥਾਨਾਂ ਦੇ ਦਰਸ਼ਨਾਂ ਦੀ ਤਾਂਘ ਅੱਜ ਵੀ ਹਰ ਸਿੱਖ ਅੰਦਰ ਮੌਜੂਦ ਹੈ। ਉਨ੍ਹਾਂ ਕਿਹਾ ਕਿ ਦੇਸ਼ ਵੰਡ ਸਮੇਂ ਮਾਰੇ ਗਏ ਅਨੇਕਾਂ ਬੇਕਸੂਰ ਲੋਕਾਂ ਦੀ ਯਾਦ ਵਿਚ ਸ਼੍ਰੋਮਣੀ ਕਮੇਟੀ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸਮਾਗਮ ਕਰ ਕੇ ਸ਼ਰਧਾਂਜਲੀ ਭੇਟ ਕਰਨੀ ਸ਼ਲਾਘਾਯੋਗ ਕਦਮ ਹੈ। ਇਸ ਮੌਕੇ ਮੈਨੇਜਰ ਸ. ਨਰਿੰਦਰ ਸਿੰਘ, ਸ. ਰਜਿੰਦਰ ਸਿੰਘ ਰੂਬੀ, ਪੰਜ ਪਿਆਰੇ ਭਾਈ ਮੰਗਲ ਸਿੰਘ, ਭਾਈ ਪਰਮਜੀਤ ਸਿੰਘ ਸਮੇਤ ਸੰਗਤਾਂ ਹਾਜ਼ਰ ਸਨ। ੧੬ ਅਗਸਤ

ਮੁਨੀਸ਼ ਸਿਸੋਦੀਆ ਦਾ ਬਿਆਨ ਪੰਜਾਬ ਦੇ ਇਤਿਹਾਸਕ ਤੇ ਸੱਭਿਆਚਾਰਕ ਖਾਸੇ ਨੂੰ ਪਲੀਤ ਕਰਨ ਵਾਲਾ– ਐਡਵੋਕੇਟ ਧਾਮੀ

ਕਿਹਾ; ਸਿਸੋਦੀਆ ਦੇ ਪ੍ਰਗਟਾਵੇ ਨਾਲ ਆਮ ਆਦਮੀ ਪਾਰਟੀ ਦਾ ਅਸਲ ਚਿਹਰਾ ਨੰਗਾ ਹੋਇਆ

ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਆਮ ਆਦਮੀ ਪਾਰਟੀ ਦੇ ਆਗੂ ਮੁਨੀਸ਼ ਸਿਸੋਦੀਆ ਵੱਲੋਂ ਪੰਜਾਬ ਅੰਦਰ ੨੦੨੨ ਦੀਆਂ ਚੋਣਾਂ ਜਿੱਤਣ ਲਈ ਜ਼ਬਰਦਸਤੀ, ਪੈਸੇ, ਗੁੰਡਾਗਰਦੀ, ਝੂਠ, ਫਰੇਬ ਆਦਿ ਦਾ ਸਹਾਰਾ ਲੈਣ ਲਈ ਵਰਕਰਾਂ ਨੂੰ ਉਕਸਾਉਣ ਦੇ ਦਿੱਤੇ ਬਿਆਨ 'ਤੇ ਪ੍ਰਤੀਕਿਰਿਆ ਦਿੰਦਿਆਂ ਕਿਹਾ ਕਿ ਇਹ ਗੁਰੂ ਸਾਹਿਬਾਨ ਦੀ ਧਰਤੀ ਪੰਜਾਬ ਦੇ ਪਵਿੱਤਰ ਇਤਿਹਾਸ ਤੇ ਵਿਰਾਸਤ ਨੂੰ ਖੰਡਤ ਕਰਨ ਵਾਲੀ ਹਰਕਤ ਹੈ। ਉਨ੍ਹਾਂ ਕਿਹਾ ਕਿ ਸਿਸੋਦੀਆ ਦੇ ਇਸ ਪ੍ਰਗਟਾਵੇ ਨਾਲ ਆਮ ਆਦਮੀ ਪਾਰਟੀ ਦਾ ਅਸਲ ਚਿਹਰਾ ਨੰਗਾ ਹੋ ਗਿਆ ਹੈ।

ਐਡਵੋਕੇਟ ਧਾਮੀ ਨੇ ਕਿਹਾ ਕਿ ਪੰਜਾਬ ਦੀ ਆਪਣੀ ਇਤਿਹਾਸਕ ਮਹੱਤਤਾ ਅਤੇ ਸੱਭਿਆਚਾਰਕ ਤੇ ਧਾਰਮਿਕ ਖਾਸਾ ਹੈ। ਪੰਜਾਬ ਗੁਰੂਆਂ ਦੇ ਨਾਂ 'ਤੇ ਵੱਸਦਾ ਹੈ ਅਤੇ ਇਥੇ ਦਾ ਹਰ ਕੋਨਾ ਗੁਰੂ ਸਾਹਿਬਾਨ ਦੀ ਚਰਨਛੋਹ ਪ੍ਰਾਪਤ ਹੋਣ ਕਰਕੇ ਇਕ ਸ਼ਾਨਾਮੱਤੀ ਵਿਰਾਸਤ ਨਾਲ ਬੱਝਾ ਹੋਇਆ ਹੈ। ਉਨ੍ਹਾਂ ਕਿਹਾ ਕਿ ਗੁਰੂ ਬਖ਼ਸ਼ੀ ਵਿਚਾਰਧਾਰਾ ਪੂਰੀ ਦੁਨੀਆਂ ਨੂੰ ਹੱਕ, ਸੱਚ, ਇਮਾਨਦਾਰੀ, ਭਾਈਚਾਰਕ ਸਾਂਝ, ਕਿਰਤ ਕਰਨ, ਵੰਡ ਛਕਣ ਅਤੇ ਰਿਸ਼ਤਿਆਂ ਦੀ ਪਵਿੱਤਰਤਾ ਜਿਹੇ ਸਮਾਜਿਕ ਗੁਣਾਂ ਨਾਲ ਲਬਰੇਜ਼ ਹੈ।

ਰਾਜਨੀਤੀ ਦੇ ਖੇਤਰ ਅੰਦਰ ਵੀ ਇਹੀ ਕਦਰਾਂ-ਕੀਮਤਾਂ ਪੰਜਾਬ ਦਾ ਹਾਸਲ ਹਨ। ਉਨ੍ਹਾਂ ਆਖਿਆ ਕਿ ਆਮ ਆਦਮ ਪਾਰਟੀ ਇਹ ਕਦੇ ਨਾ ਭੁੱਲੇ ਕਿ ਲੁੱਟ ਖਸੁੱਟ ਕਰਨ ਆਏ ਧਾੜਵੀਆਂ ਨੂੰ ਹਮੇਸ਼ਾ ਪੰਜਾਬ ਤੋਂ ਮੂੰਹ ਦੀ ਖਾਣੀ ਪਈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਪੰਜਾਬ ਦੇ ਲੋਕ ਅਜਿਹੇ ਵਿਚਾਰ ਨੂੰ ਕਦੇ ਵੀ ਪ੍ਰਵਾਨ ਨਹੀਂ ਕਰਨਗੇ, ਜਿਸ ਨਾਲ ਸਮਾਜ ਗੰਧਲਾ ਹੋਵੇ।

ਐਡਵੋਕੇਟ ਧਾਮੀ ਨੇ ਕਿਹਾ ਕਿ ਪੰਜਾਬ ਗੁਰੂਆਂ ਦੀ ਧਰਤੀ ਹੈ, ਜਿਸ ਨੂੰ ਕਲੰਕਤ ਕਰਨ ਵਾਲੀ

ਵਿਚਾਰਧਾਰਾ ਦਾ ਵਿਰੋਧ ਕਰਨਾ ਹਰ ਪੰਜਾਬੀ ਦਾ ਧਰਮ-ਕਰਮ ਹੈ। ਉਨ੍ਹਾਂ ਕਿਹਾ ਕਿ ਸਿੱਖਾਂ ਦੀ ਸਰਵਉੱਚ ਸੰਸਥਾ ਦੇ ਮੁਖੀ ਹੁੰਦਿਆਂ ਉਹ ਅਜਿਹੀ ਬਿਆਨਬਾਜ਼ੀ ਦੀ ਕਰੜੀ ਨਿੰਦਾ ਕਰਦੇ ਹਨ। ਉਨ੍ਹਾਂ ਪੰਜਾਬ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਪੰਜਾਬ ਦੇ ਇਤਿਹਾਸਕ ਖਾਸੇ ਨੂੰ ਪਲੀਤ ਹੋਣ ਤੋਂ ਬਚਾਉਣ ਲਈ ਅਜਿਹੇ ਲੋਕਾਂ ਅਤੇ ਸ਼ਕਤੀਆਂ ਦਾ ਕਰੜਾ ਵਿਰੋਧ ਕਰਨ, ਤਾਂ ਜੋ ਅੱਗੇ ਤੋਂ ਕੋਈ ਅਜਿਹੀ ਹਰਕਤ ਕਰਨ ਤੋਂ ਪਹਿਲਾਂ ਸੌ ਵਾਰ ਸੋਚੇ। ੧੬ ਅਗਸਤ

ਸ੍ਰੀ ਦਰਬਾਰ ਸਾਹਿਬ ਵਿਖੇ ਨਤਸਮਤਕ ਹੋਣ ਪੁੱਜੇ ਡਾਕਟਰ ਮਨਦੀਪ ਸਿੰਘ ਦਾ ਸ਼੍ਰੋਮਣੀ ਕਮੇਟੀ ਦਫ਼ਤਰ ਵਿਖੇ ਸਨਮਾਨ

ਅੰਮ੍ਰਿਤਸਰ-ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਪਰਿਵਾਰ ਸਮੇਤ ਨਤਮਸਤਕ ਹੋਣ ਪੁੱਜੇ ਪ੍ਰਸਿੱਧ ਸਿੱਖ ਡਾਕਟਰ ਮਨਦੀਪ ਸਿੰਘ ਨੂੰ ਸ਼੍ਰੋਮਣੀ ਕਮੇਟੀ ਦਫ਼ਤਰ ਵਿਖੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਓਐਸਡੀ ਸ. ਸਤਬੀਰ ਸਿੰਘ ਧਾਮੀ ਤੇ ਸਕੱਤਰ ਸ. ਪ੍ਰਤਾਪ ਸਿੰਘ ਨੇ ਗੁਰੂ ਬਖ਼ਸ਼ਿਸ਼ ਸਿਰੋਪਾਓ ਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਤਸਵੀਰ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਗੱਲ ਕਰਦਿਆਂ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ ਨੇ ਕਿਹਾ ਕਿ ਆਪਣੀ ਮੁਹਾਰਤ ਕਰਕੇ ਡਾਕਟਰ ਮਨਦੀਪ ਸਿੰਘ ਨੇ ਮੈਡੀਕਲ ਦੇ ਖੇਤਰ ਅੰਦਰ ਦੁਨੀਆਂ ਵਿਚ ਆਪਣਾ ਨਾਂ ਬਣਾਇਆ ਹੈ। ਉਨ੍ਹਾਂ ਕਿਹਾ ਕਿ ਸਿੱਖੀ ਸਰੂਪ ਵਿਚ ਰਹਿ ਕੇ ਸੇਵਾ ਕਰਦੇ ਡਾ. ਮਨਦੀਪ ਸਿੰਘ ਨੌਜੁਆਨਾਂ ਲਈ ਵੀ ਪ੍ਰੇਰਣਾ ਹਨ। ਉਨ੍ਹਾਂ ਅਰਦਾਸ ਕੀਤੀ ਕਿ ਵਾਹਿਗੁਰੂ ਡਾ. ਮਨਦੀਪ ਸਿੰਘ ਨੂੰ ਮਨੁੱਖਤਾ ਦੀ ਸੇਵਾ ਕਰਨ ਦਾ ਬਲ ਬਖ਼ਸ਼ਣ।

ਇਸੇ ਦੌਰਾਨ ਡਾ. ਮਨਦੀਪ ਸਿੰਘ ਨੇ ਕਿਹਾ ਕਿ ਉਹ ਖ਼ੁਸ਼ਕਿਸਮਤ ਹਨ ਕਿ ਉਨ੍ਹਾਂ ਨੂੰ ਸ੍ਰੀ ਦਰਬਾਰ ਸਾਹਿਬ ਵਿਖੇ ਨਤਮਸਤਕ ਹੋਣ ਦਾ ਸੁਭਾਗ ਪ੍ਰਾਪਤ ਹੋਇਆ ਹੈ। ਉਨ੍ਹਾਂ ਸ਼੍ਰੋਮਣੀ ਕਮੇਟੀ ਵੱਲੋਂ ਮਿਲੇ ਸਨਮਾਨ ਲਈ ਧੰਨਵਾਦ ਵੀ ਕੀਤਾ। ਇਸ ਮੌਕੇ ਡਾਕਟਰ ਮਨਦੀਪ ਸਿੰਘ ਨੇ ਪਰਿਵਾਰਕ ਮੈਂਬਰਾਂ ਵਿਚ ਸ. ਗੁਰਬਚਨ ਸਿੰਘ, ਭਾਈ ਤਰਜਿੰਦਰ ਸਿੰਘ, ਬੀਬੀ ਬਲਜੀਤ ਕੌਰ, ਬੀਬੀ ਜਗਜਿੰਦਰ ਕੌਰ, ਸ. ਰਣਜੀਤ ਸਿੰਘ ਜਲੰਧਰ ਤੇ ਹੋਰ ਮੌਜੂਦ ਸਨ। ੧੬ ਅਗਸਤ

ਅੰਮ੍ਰਿਤਧਾਰੀ ਸਰਪੰਚ ਨੂੰ ਕਿਰਪਾਨ ਕਾਰਨ ਲਾਲ ਕਿਲ੍ਹੇ ਤੇ ਜਾਣ ਤੋਂ ਰੋਕਣ ਦੀ ਐਡਵੋਕੇਟ ਧਾਮੀ ਨੇ ਕੀਤੀ ਨਿੰਦਾ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ੧੫ ਅਗਸਤ ਨੂੰ ਲਾਲ ਕਿਲ੍ਹੇ 'ਤੇ ਹੋ ਰਹੇ ਸਮਾਗਮ ਵਿੱਚ ਵਿਸ਼ੇਸ਼ ਸੱਦੇ 'ਤੇ ਗਏ ਨਾਭਾ ਨੇੜਲੇ ਪਿੰਡ ਦੇ ਅੰਮ੍ਰਿਤਧਾਰੀ ਗੁਰਸਿੱਖ ਸਰਪੰਚ ਸ. ਗੁਰਧਿਆਨ ਸਿੰਘ ਨੂੰ ਕਿਰਪਾਨ ਕਾਰਨ ਦਾਖ਼ਲ ਹੋਣ ਤੋਂ ਰੋਕਣ ਦੀ ਕਰੜੀ ਨਿੰਦਾ ਕਰਦਿਆਂ ਇਸ ਨੂੰ ਸਿੱਖ ਵਿਰੋਧੀ ਮਾਨਸਿਕਤਾ ਦਾ ਪ੍ਰਗਟਾਵਾ ਕਰਾਰ ਦਿੱਤਾ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਜਾਰੀ ਇੱਕ ਬਿਆਨ ਵਿੱਚ ਆਖਿਆ ਕਿ ਸ. ਗੁਰਧਿਆਨ ਸਿੰਘ ਵਿਸ਼ੇਸ਼ ਸੱਦੇ 'ਤੇ ਬੁਲਾਇਆ ਹੋਣ ਦੇ ਬਾਵਜੂਦ ਵੀ ਧਾਰਮਿਕ ਚਿੰਨ੍ਹ ਕਿਰਪਾਨ ਕਾਰਨ ਅੰਦਰ ਜਾਣ ਤੋਂ ਰੋਕਣਾ ਆਪਣੇ ਹੀ ਦੇਸ਼ ਅੰਦਰ ਬੇਗਾਨਗੀ ਵਾਲਾ ਵਿਹਾਰ ਹੈ।

ਐਡਵੋਕੇਟ ਧਾਮੀ ਨੇ ਕਿਹਾ ਕਿ ਸਿੱਖਾਂ ਨੇ ਦੇਸ਼ ਦੀ ਅਜ਼ਾਦੀ ਲਈ ਵੱਡੀਆਂ ਕੁਰਬਾਨੀਆਂ ਕੀਤੀਆਂ ਹਨ, ਪ੍ਰੰਤੂ ਦੇਸ਼ ਅਜ਼ਾਦ ਹੋਣ ਤੋਂ ਲੈ ਕੇ ਹੁਣ ਤਕ ਸਿੱਖਾਂ ਨਾਲ ਹਮੇਸ਼ਾ ਵਿਤਕਰੇ ਹੋ ਰਹੇ ਹਨ। ਦੇਸ਼ ਦੇ ਸੰਵਿਧਾਨ ਵਿੱਚ ਮਿਲੇ ਹੱਕਾਂ ਤੋਂ ਵੀ ਸਿੱਖਾਂ ਨੂੰ ਵਾਂਝਿਆਂ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ

ਇਹ ਕਿਹੋ ਜਿਹਾ ਅਜ਼ਾਦੀ ਦਿਹਾੜਾ ਹੈ, ਜਿਸ ਵਿਚ ਦੇਸ਼ ਦੇ ਬਸ਼ਿੰਦਿਆਂ ਨੂੰ ਆਪਣੀਆਂ ਧਾਰਮਿਕ ਪਰੰਪਰਾਵਾਂ ਨਿਭਾਉਣ ਤੋਂ ਵੀ ਰੋਕਿਆ ਜਾਵੇ। ਉਨ੍ਹਾਂ ਕਿਹਾ ਕਿ ਪੰਜ ਕਕਾਰ ਸਿੱਖ ਰਹਿਣੀ ਦਾ ਅਹਿਮ ਹਿੱਸਾ ਹਨ ਜਿਸ ਨੂੰ ਸਿੱਖ ਕਦੇ ਵੀ ਜੁਦਾ ਨਹੀਂ ਕਰ ਸਕਦਾ।

ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਇਸ ਘਟਨਾ ਨੇ ਇੱਕ ਵਾਰ ਫਿਰ ਸਾਬਤ ਕਰ ਦਿੱਤਾ ਹੈ ਕਿ ਸਿੱਖਾਂ ਨੂੰ ਉਨ੍ਹਾਂ ਦੇ ਧਾਰਮਿਕ ਅਧਿਕਾਰਾਂ ਤੋਂ ਵਾਂਝਾ ਰੱਖਿਆ ਜਾ ਰਿਹਾ ਹੈ।

ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ ਇਸ ਮਾਮਲੇ ਦੇ ਦੋਸ਼ੀ ਅਧਿਕਾਰੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ, ਤਾਂ ਜੋ ਅੱਗੇ ਤੋਂ ਕੋਈ ਵੀ ਅਜਿਹੀ ਹਰਕਤ ਨਾ ਕਰੇ। ੧੭ ਅਗਸਤ

ਤਖ਼ਤ ਸ੍ਰੀ ਪਟਨਾ ਸਾਹਿਬ ਪ੍ਰਬੰਧਕ ਕਮੇਟੀ ਅਤੇ ਗਿਆਨੀ ਰਣਜੀਤ ਸਿੰਘ ਗੌਹਰ ਵਿਚਾਲੇ ਸਹਿਮਤੀ 'ਤੇ ਐਡਵੋਕਟ ਧਾਮੀ ਨੇ ਸੰਤੁਸ਼ਟੀ ਪ੍ਰਗਟਾਈ

ਮੁੰਬਈ ਤੋਂ ਸ਼੍ਰੋਮਣੀ ਕਮੇਟੀ ਮੈਂਬਰ ਸ. ਗੁਰਿੰਦਰ ਸਿੰਘ ਬਾਵਾ ਦੇ ਯਤਨਾਂ ਦੀ ਕੀਤੀ ਸ਼ਲਾਘਾ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਪ੍ਰਬੰਧਕ ਕਮੇਟੀ ਅਤੇ ਸਾਬਕਾ ਜਥੇਦਾਰ ਗਿਆਨੀ ਰਣਜੀਤ ਸਿੰਘ ਗੌਹਰ ਵਿਚਾਲੇ ਚੱਲ ਰਹੇ ਵਿਵਾਦ ਦੇ ਹੱਲ ਹੋਣ 'ਤੇ ਸੰਤੁਸ਼ਟੀ ਪ੍ਰਗਟ ਕਰਦਿਆਂ ਇਸ ਨੂੰ ਪੰਥਕ ਸੰਸਥਾਵਾਂ ਲਈ ਚੰਗਾ ਕਦਮ ਕਰਾਰ ਦਿੱਤਾ ਹੈ। ਜਾਰੀ ਪ੍ਰੈੱਸ ਬਿਆਨ ਰਾਹੀਂ ਐਡਵੋਕੇਟ ਧਾਮੀ ਨੇ ਕਿਹਾ ਕਿ ਪਿਛਲੇ ਲੰਮੇ ਸਮੇਂ ਤੋਂ ਇਹ ਵਿਵਾਦ ਚੱਲ ਰਿਹਾ ਸੀ, ਜਿਸ ਨਾਲ ਸਿੱਖ ਸੰਗਤਾਂ ਅੰਦਰ ਵੱਡੀ ਚਿੰਤਾ ਸੀ। ਐਡਵੋਕੇਟ ਧਾਮੀ ਨੇ ਇਸ ਵਿਵਾਦ ਦੇ ਹੱਲ ਲਈ ਮੁੰਬਈ ਤੋਂ ਸ਼੍ਰੋਮਣੀ ਕਮੇਟੀ ਮੈਂਬਰ ਅਤੇ ਤਖਤ ਸ੍ਰੀ ਪਟਨਾ ਸਾਹਿਬ ਪ੍ਰਬੰਧਕ ਕਮੇਟੀ ਦੇ ਮੈਂਬਰ ਸ. ਗੁਰਿੰਦਰ ਸਿੰਘ ਬਾਵਾ ਵੱਲੋਂ ਨਿਭਾਈ ਭੂਮਿਕਾ ਦੀ ਵੀ ਸ਼ਲਾਘਾ ਕੀਤੀ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ ਅਨੁਸਾਰ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਦੀ ਪ੍ਰਬੰਧਕ ਕਮੇਟੀ ਅਤੇ ਸਾਬਕਾ ਜਥੇਦਾਰ ਗਿਆਨੀ ਰਣਜੀਤ ਸਿੰਘ ਵੱਲੋਂ ਲਿਆ ਗਿਆ ਫੈਸਲਾ ਦੂਰਦਰਸ਼ੀ ਕਦਮ ਹੈ।

ਐਡਵੋਕੇਟ ਧਾਮੀ ਨੇ ਕਿਹਾ ਕਿ ਆਪਸੀ ਮਾਮਲਿਆਂ ਨੂੰ ਮਿਲ ਬੈਠ ਕੇ ਹੱਲ ਕਰਨਾ ਸਾਡੀਆਂ ਪ੍ਰੰਪਰਾਵਾਂ ਰਹੀਆਂ ਹਨ ਅਤੇ ਇਸ ਨਾਲ ਪੰਥਕ ਏਕਤਾ ਦੀ ਭਾਵਨਾ ਮਜ਼ਬੂਤ ਹੁੰਦੀ ਹੈ। ਉਨ੍ਹਾਂ ਭਵਿੱਖ ਵਿਚ ਵੀ ਕੌਮੀ ਮਾਮਲਿਆਂ ਦੇ ਹੱਲ ਲਈ ਆਪਸੀ ਸਹਿਯੋਗ ਦੀ ਅਪੀਲ ਕਰਦਿਆਂ ਕਿਹਾ ਕਿ ਜੇਕਰ ਕੌਮ ਦੀਆਂ ਸੰਸਥਾਵਾਂ ਸਿਰ ਜੋੜ ਕੇ ਪੰਥਕ ਮਾਮਲਿਆਂ ਦੇ ਸਰਲੀਕਰਨ ਲਈ ਦ੍ਰਿੜ੍ਹ ਸੰਕਲਪ ਹੋਣਗੀਆਂ ਤਾਂ ਸਿੱਖ ਕੌਮ ਦੀ ਚੜ੍ਹਦੀ ਕਲਾ ਨੂੰ ਕੋਈ ਵੀ ਸ਼ਕਤੀ ਰੋਕ ਨਹੀਂ ਸਕਦੀ।

ਇਸ ਸਬੰਧੀ ਸ਼੍ਰੋਮਣੀ ਕਮੇਟੀ ਦੇ ਮੈਂਬਰ ਸ. ਗੁਰਿੰਦਰ ਸਿੰਘ ਬਾਵਾ ਨੇ ਗੱਲ ਕਰਦਿਆਂ ਕਿਹਾ ਕਿ ਕੌਮੀ ਸੰਸਥਾਵਾਂ ਵਿਚ ਆਪਸੀ ਸਹਿਯੋਗ ਬੇਹੱਦ ਜ਼ਰੂਰੀ ਹੈ ਅਤੇ ਇਸ ਦਿਸ਼ਾ ਵਿਚ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਦੀ ਪ੍ਰਬੰਧਕ ਕਮੇਟੀ ਦਾ ਕਦਮ ਸਲਾਹੁਣਯੋਗ ਹੈ। ਉਨ੍ਹਾਂ ਇਹ ਵੀ ਕਿਹਾ ਕਿ ਇਸ ਮਸਲੇ 'ਤੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਆਰੰਭਕ ਯਤਨ ਵੀ ਵਿਸ਼ੇਸ਼ ਤੌਰ 'ਤੇ ਉਲੇਖਯੋਗ ਹਨ। ੧੮ ਅਗਸਤ

ਨੌਵੇਂ ਪਾਤਸ਼ਾਹ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਗੁਰਦੁਆਰਾ ਧੋਬੜੀ ਸਾਹਿਬ ਅਸਾਮ ਵਿਖੇ ਨਗਰ ਕੀਰਤਨ ਦੀ ਆਰੰਭਤਾ ਮੌਕੇ ਸ਼ਾਮਿਲ ਹੋਣ ਲਈ ਸ਼੍ਰੋਮਣੀ ਕਮੇਟੀ ਪ੍ਰਧਾਨ, ਜਥੇਦਾਰ ਅਕਾਲ ਤਖ਼ਤ ਸਾਹਿਬ ਤੇ ਸਿੱਖ ਜਥੇਬੰਦੀਆਂ ਦੇ ਮੁੱਖੀ ਪੁੱਜੇ ਆਸਾਮ

-ਸਿੱਖ ਸਖਸ਼ੀਅਤਾਂ ਦਾ ਸਥਾਨਕ ਸੰਗਤਾਂ ਵੱਲੋਂ ਭਰਵਾਂ ਸਵਾਗਤ

-21 ਅਗਸਤ ਨੂੰ ਗੁਰਦੁਆਰਾ ਧੋਬੜੀ ਸਾਹਿਬ ਤੋਂ ਆਰੰਭ ਹੋਵੇਗਾ ਵਿਸ਼ਾਲ ਨਗਰ ਕੀਰਤਨ

ਅੰਮ੍ਰਿਤਸਰ-ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੀ ੩੫੦ ਸਾਲਾ ਸ਼ਹੀਦੀ ਸ਼ਤਾਬਦੀ ਦੇ ਸਬੰਧ ਵਿੱਚ ਗੁਰੂ ਸਾਹਿਬ ਦੀ ਚਰਨ ਛੋਹ ਪ੍ਰਾਪਤ ਅਸਥਾਨ ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਧੋਬੜੀ ਸਾਹਿਬ ਤੋਂ ਇਤਿਹਾਸਕ ਸ਼ਹੀਦੀ ਨਗਰ ਕੀਰਤਨ ਦੀ ਅਰੰਭਤਾ ਲਈ ਅਸਾਮ ਪੁੱਜੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਬੁੱਢਾ ਦਲ ਦੇ ਮੁੱਖੀ ਜਥੇਦਾਰ ਬਾਬਾ ਬਲਬੀਰ ਸਿੰਘ ੯੬ਵੇਂ ਕਰੋੜੀ, ਪਦਮਸ਼੍ਰੀ ਬਾਬਾ ਸੇਵਾ ਸਿੰਘ ਖਡੂਰ ਸਾਹਿਬ, ਬਾਬਾ ਕਸ਼ਮੀਰ ਸਿੰਘ ਭੂਰੀ ਵਾਲੇ, ਬਾਬਾ ਸੁਖਵਿੰਦਰ ਸਿੰਘ ਭੂਰੀ ਵਾਲੇ, ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਮੈਂਬਰ ਭਾਈ ਰਜਿੰਦਰ ਸਿੰਘ ਮਹਿਤਾ, ਸ. ਸੁਰਜੀਤ ਸਿੰਘ ਭਿੱਟੇਵਡ, ਭਾਈ ਅਜੈਬ ਸਿੰਘ ਅਭਿਆਸੀ, ਸ. ਜਗਸੀਰ ਸਿੰਘ ਮਾਂਗੇਆਣਾ ਤੇ ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ ਸਮੇਤ ਸਮੂਹ ਪੰਥਕ ਸ਼ਖ਼ਸੀਅਤਾਂ ਦਾ ਸਥਾਨਕ ਸੰਗਤ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ।

ਜ਼ਿਕਰਯੋਗ ਹੈ ਕਿ ਇਹ ਇਤਿਹਾਸਕ ਨਗਰ ਕੀਰਤਨ ੨੧ ਅਗਸਤ ਨੂੰ ਗੁਰਦੁਆਰਾ ਧੋਬੜੀ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਆਰੰਭ ਹੋਵੇਗਾ, ਜੋ ਦੇਸ਼ ਦੇ ਵੱਖ-ਵੱਖ ਸੂਬਿਆਂ ਤੋਂ ਹੁੰਦਾ ਹੋਇਆ ਨਵੰਬਰ ਮਹੀਨੇ ਵਿੱਚ ਸ਼ਤਾਬਦੀ ਸਮਾਗਮਾਂ ਮੌਕੇ ਗੁਰਦੁਆਰਾ ਸੀਸਗੰਜ ਸਾਹਿਬ, ਸ੍ਰੀ ਅਨੰਦਪੁਰ ਸਾਹਿਬ ਵਿਖੇ ਸੰਪੂਰਨ ਹੋਵੇਗਾ। ਨਗਰ ਕੀਰਤਨ ਦੀ ਆਰੰਭਤਾ ਤੋਂ ਪਹਿਲਾਂ ਧਾਰਮਿਕ ਦੀਵਾਨ ਸਜਾਏ ਜਾਣਗੇ, ਜਿਸ ਵਿਚ ਸ਼੍ਰੋਮਣੀ ਕਮੇਟੀ ਪ੍ਰਧਾਨ ਸਮੇਤ ਪੰਥਕ ਸ਼ਖ਼ਸੀਅਤਾਂ ਸੰਗਤਾਂ ਨੂੰ ਸੰਬੋਧਨ ਕਰਨਗੀਆਂ।

ਇਸੇ ਦੌਰਾਨ ਅੱਜ ਸ਼੍ਰੋਮਣੀ ਕਮੇਟੀ ਵੱਲੋਂ ਗੁਰਦੁਆਰਾ ਧੋਬੜੀ ਸਾਹਿਬ ਵਿਖੇ ਸ਼ਹੀਦ ਬਾਬਾ ਜੀਵਨ ਸਿੰਘ ਜੀ ਦੀ ਯਾਦ ਵਿੱਚ ਗੁਰਮਤਿ ਸਮਾਗਮ ਕਰਵਾਏ ਗਏ। ਜਿਸ ਵਿੱਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਜਥਿਆਂ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ ਨੇ ਸੰਗਤਾਂ ਨਾਲ ਇਤਿਹਾਸ ਦੀ ਸਾਂਝ ਪਾਈ। ਉਨ੍ਹਾਂ ਸੰਗਤਾਂ ਨੂੰ ਬਾਬਾ ਜੀਵਨ ਸਿੰਘ ਦੇ ਇਤਿਹਾਸ ਤੋਂ ਪ੍ਰੇਰਨਾ ਲੈ ਕੇ ਗੁਰਮਤਿ ਦੇ ਧਾਰਨੀ ਹੋਣ ਦੀ ਅਪੀਲ ਕੀਤੀ। ਇਸ ਮੌਕੇ ਪ੍ਰਚਾਰਕ ਤੇ ਢਾਡੀ ਜਥਿਆਂ ਨੇ ਵੀ ਹਾਜ਼ਰੀ ਭਰੀ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਬਿਜੈ ਸਿੰਘ, ਮੀਤ ਸਕੱਤਰ ਸ. ਬਲਵਿੰਦਰ ਸਿੰਘ ਖੈਰਾਬਾਦ, ਸ. ਹਰਭਜਨ ਸਿੰਘ ਵਕਤਾ, ਸ. ਰਾਮ ਸਿੰਘ ਰਾਠੌਰ ਮੁੰਬਈ, ਸਥਾਨਕ ਸਿੱਖ ਆਗੂ ਸ. ਹਰਚਰਨ ਸਿੰਘ ਬਾਵਾ, ਸ. ਚਰਨਜੀਤ ਸਿੰਘ ਗਾਂਧੀ, ਸ. ਰਵਿੰਦਰ

ਸਿੰਘ ਉਬਰਾਏ, ਸ. ਤੇਜਪਾਲ ਸਿੰਘ, ਇੰਚਾਰਜ ਸ. ਦਵਿੰਦਰ ਸਿੰਘ ਖੁਸ਼ੀਪੁਰ, ਮੈਨੇਜਰ ਸ. ਸਤਿੰਦਰ ਸਿੰਘ, ਬਾਬਾ ਮੇਜਰ ਸਿੰਘ ਸੋਢੀ, ਬਾਬਾ ਸੁਖਜੀਤ ਸਿੰਘ ਘਨੱਈਆ, ਸ. ਜਸਕਰਨ ਸਿੰਘ, ਹੈੱਡ ਪ੍ਰਚਾਰਕ ਭਾਈ ਜਗਦੇਵ ਸਿੰਘ, ਪ੍ਰਬੰਧਕ ਕਮੇਟੀ ਗੁਰਦੁਆਰਾ ਧੋਬੜੀ ਸਾਹਿਬ ਦੇ ਪ੍ਰਧਾਨ ਸ. ਦਲਜੀਤ ਸਿੰਘ ਸੇਠੀ, ਸਕੱਤਰ ਸ. ਭੁਪਿੰਦਰ ਸਿੰਘ, ਸ. ਰਵਿੰਦਰਪਾਲ ਸਿੰਘ ਤੇ ਸ. ਭੁਪਿੰਦਰਪਾਲ ਸਿੰਘ ਆਦਿ ਹਾਜ਼ਰ ਸਨ।

ਅਸਾਮ ਸਰਕਾਰ ਵੱਲੋਂ ਡਿਪਟੀ ਕਮਿਸ਼ਨਰ ਨੇ ਸਿੱਖ ਸ਼ਖ਼ਸੀਅਤਾਂ ਦਾ ਕੀਤਾ ਸਵਾਗਤ

ਇਸੇ ਦੌਰਾਨ ਸ੍ਰੀ ਦੀਵਾਕਰ ਨਾਥ ਡਿਪਟੀ ਕਮਿਸ਼ਨਰ ਜਿਲ੍ਹਾ ਧੋਬੜੀ ਨੇ ਅਸਾਮ ਦੇ ਮੁੱਖ ਮੰਤਰੀ ਸ੍ਰੀ ਹੇਮੰਤ ਬਿਸਵਾ ਸ਼ਰਮਾ ਦੀ ਤਰਫ਼ੋਂ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਦੀ ਅਗਵਾਈ ਵਿੱਚ ਪੁੱਜੇ ਵਫ਼ਦ ਦਾ ਧੋਬੜੀ ਸਾਹਿਬ ਪੁੱਜਣ ਉੱਤੇ ਨਿੱਘਾ ਸੁਆਗਤ ਕੀਤਾ। ਸ੍ਰੀ ਦੀਵਾਕਰ ਨਾਥ ਨੇ ਕਿਹਾ ਕਿ ਨੌਵੇਂ ਪਾਤਸ਼ਾਹ ਜੀ ਨੇ ਧਰਮ ਦੀ ਰੱਖਿਆ ਲਈ ਸ਼ਹਾਦਤ ਦਿੱਤੀ ਸੀ। ਉਨ੍ਹਾਂ ਕਿਹਾ ਕਿ ਮੇਰੀ ਖੁਸ਼ਕਿਸਮਤੀ ਹੈ ਕਿ ਸਰਕਾਰ ਵੱਲੋਂ ਮੈਨੂੰ ਪ੍ਰਬੰਧਕ ਦੇ ਤੌਰ 'ਤੇ ਇਸ ਸਮਾਗਮ ਵਿੱਚ ਸ਼ਮੂਲੀਅਤ ਦਾ ਸੁਭਾਗ ਪ੍ਰਾਪਤ ਹੋਇਆ ਹੈ।

ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੇ ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਅਸਾਮ ਦੇ ਮੁੱਖ ਮੰਤਰੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਰਕਾਰ ਦੀ ਇਨ੍ਹਾਂ ਇਤਿਹਾਸਕ ਸਮਾਗਮਾਂ ਵਿੱਚ ਸਮੂਲੀਅਤ ਨਾਲ ਆਪਸੀ ਭਾਈਚਾਰਕ ਸਾਂਝ ਮਜ਼ਬੂਤ ਹੋਵੇਗੀ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਨੇ ਧਾਰਮਿਕ ਅਜ਼ਾਦੀ ਤੇ ਸਦਭਾਵਨਾ ਲਈ ਸ਼ਹਾਦਤ ਦਿੱਤੀ ਸੀ। ਉਨ੍ਹਾਂ ਸੰਗਤਾਂ ਨੂੰ ਸ਼ਤਾਬਦੀ ਨੂੰ ਸਮਰਪਿਤ ਹੋ ਰਹੇ ਸਮਾਗਮਾਂ ਵਿੱਚ ਸਮੂਲੀਅਤ ਕਰਨ ਦੀ ਅਪੀਲ ਕੀਤੀ। ੨੦ ਅਗਸਤ

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ:

ਗੁਰਦੁਆਰਾ ਧੋਬੜੀ ਸਾਹਿਬ ਤੋਂ ਖ਼ਾਲਸਾਈ ਜਾਹੋ ਜਲਾਲ ਨਾਲ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ

ਅੰਮ੍ਰਿਤਸਰ-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ ੩੫੦ ਸਾਲਾ ਸ਼ਤਾਬਦੀ ਦੇ ਸਬੰਧ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਅੱਜ ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਧੋਬੜੀ ਸਾਹਿਬ ਤੋਂ ਇਤਿਹਾਸਕ ਸ਼ਹੀਦੀ ਨਗਰ ਕੀਰਤਨ ਖ਼ਾਲਸਾਈ ਪ੍ਰੰਪਰਾਵਾਂ ਅਨੁਸਾਰ ਆਰੰਭ ਹੋਇਆ। ਨੌਵੇਂ ਪਾਤਸ਼ਾਹ ਆਪਣੀ ਆਸਾਮ ਫੇਰੀ ਦੌਰਾਨ ਇਸ ਪਾਵਨ ਅਸਥਾਨ ਤੇ ਪੁੱਜੇ ਸਨ ਜਿਥੇ ਉਨ੍ਹਾਂ ਨੇ ਦੋ ਰਾਜਿਆਂ ਦੀ ਲੜਾਈ ਖ਼ਤਮ ਕਰਵਾਈ ਅਤੇ ਸੰਗਤਾਂ ਨੂੰ ਭਰਮਾਂ ਤੋਂ ਦੂਰ ਰਹਿਣ ਦਾ ਉਪਦੇਸ਼ ਦਿੱਤਾ।

ਨਗਰ ਕੀਰਤਨ ਦੀ ਆਰੰਭਤਾ ਮੌਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਪਾਲਕੀ ਸਾਹਿਬ ਵਿੱਚ ਸ਼ਸ਼ੋਭਿਤ ਕੀਤਾ ਅਤੇ ਚੌਰ ਸਾਹਿਬ ਦੀ ਸੇਵਾ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਨਿਭਾਈ।

ਇਸ ਸਮੇਂ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੋਂ ਇਲਾਵਾ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਦਮਦਮੀ ਟਕਸਾਲ ਦੇ ਮੁੱਖੀ ਗਿਆਨੀ ਹਰਨਾਮ ਸਿੰਘ ਖਾਲਸਾ, ਬੁੱਢਾ ਦਲ ਦੇ ਮੁੱਖੀ

ਜਥੇਦਾਰ ਬਾਬਾ ਬਲਬੀਰ ਸਿੰਘ ੯੬ਵੇਂ ਕਰੋੜੀ, ਪਦਮਸ਼੍ਰੀ ਬਾਬਾ ਸੇਵਾ ਸਿੰਘ ਖਡੂਰ ਸਾਹਿਬ, ਬਾਬਾ ਕਸ਼ਮੀਰ ਸਿੰਘ ਭੂਰੀ ਵਾਲੇ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਮੈਂਬਰ ਭਾਈ ਰਜਿੰਦਰ ਸਿੰਘ ਮਹਿਤਾ, ਸ. ਸੁਰਜੀਤ ਸਿੰਘ ਭਿੱਟੇਵਡ, ਭਾਈ ਅਜੈਬ ਸਿੰਘ ਅਭਿਆਸੀ, ਸ. ਜਗਸੀਰ ਸਿੰਘ ਮਾਂਗੇਆਣਾ, ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਬਾਬਾ ਮੇਜਰ ਸਿੰਘ ਸੋਢੀ ਸਮੇਤ ਪ੍ਰਮੁੱਖ ਸ਼ਖ਼ਸ਼ੀਅਤਾਂ ਹਾਜ਼ਰ ਸਨ।

ਨਗਰ ਕੀਰਤਨ ਦੀ ਆਰੰਭਤਾ ਤੋਂ ਪਹਿਲਾਂ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਅਤੇ ਅਰਦਾਸ ਉਪਰੰਤ ਪਾਵਨ ਹੁਕਮਨਾਮਾ ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ ਨੇ ਸਰਵਣ ਕਰਵਾਇਆ। ਇਸ ਮੌਕੇ ਦਮਦਮੀ ਟਕਸਾਲ ਦੇ ਮੁਖੀ ਬਾਬਾ ਹਰਨਾਮ ਸਿੰਘ ਖਾਲਸਾ ਨੇ ਕਥਾ ਵਿਚਾਰਾਂ ਕੀਤੀਆਂ। ਉਨ੍ਹਾਂ ਨੌਵੇਂ ਪਾਤਸ਼ਾਹ ਜੀ ਦੇ ਧੋਬੜੀ ਸਾਹਿਬ ਆਉਣ ਦੇ ਇਤਿਹਾਸ ਦੀ ਸੰਗਤਾਂ ਨਾਲ ਸਾਂਝ ਪਾਈ।

ਇਸ ਦੌਰਾਨ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਇਸ ਅਸਥਾਨ ਤੇ ਨੌਵੇਂ ਪਾਤਸ਼ਾਹ ਨੇ ਦੋ ਰਾਜਿਆਂ ਦੀ ਆਪਸੀ ਸੁਲਾਹ ਕਰਵਾ ਕੇ ਸ਼ਾਂਤੀ ਤੇ ਸਦਭਾਵਨਾ ਦਾ ਸੰਦੇਸ਼ ਦਿੱਤਾ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਦਾ ਇਹ ਸੰਦੇਸ਼ ਸਾਡੇ ਲਈ ਅੱਜ ਵੀ ਵੱਡੀ ਪ੍ਰੇਰਨਾ ਹੈ, ਜਿਸ ਤੋਂ ਸੇਧ ਲੈ ਕੇ ਪੰਥਕ ਮਾਮਲਿਆਂ ਦੇ ਹੱਲ ਅਤੇ ਕੌਮੀ ਏਕਤਾ ਲਈ ਇਕਜੁੱਟ ਹੋਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਨੇ ਧਰਮ ਨੂੰ ਬਚਾਉਣ ਲਈ ਆਪਣੀ ਸ਼ਹਾਦਤ ਦਿੱਤੀ ਅਤੇ ਇਸੇ ਸ਼ਹਾਦਤ ਕਰਕੇ ਹੀ ਅੱਜ ਹਿੰਦੋਸਤਾਨ ਦੇ ਲੋਕ ਧਾਰਮਿਕ ਅਜ਼ਾਦੀ ਮਾਣ ਰਹੇ ਹਨ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਸਰਕਾਰਾਂ ਨੂੰ ਵੀ ਅਪੀਲ ਕੀਤੀ ਕਿ ਇਸ ਇਤਿਹਾਸਕ ਮੌਕੇ ਤੇ ਸਜ਼ਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਦੀ ਰਿਹਾਈ ਦਾ ਐਲਾਨ ਕਰਨ। ਉਨ੍ਹਾਂ ਸਹਿਯੋਗ ਦੇਣ ਲਈ ਸਿੱਖ ਜੱਥੇਬੰਦੀਆਂ ਦੇ ਆਗੂਆਂ ਦਾ ਧੰਨਵਾਦ ਵੀ ਕੀਤਾ।

ਇਸੇ ਦੌਰਾਨ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਜਦੋਂ ਔਰੰਗਜ਼ੇਬ ਦੀ ਤਲਵਾਰ ਹਿੰਦੂਆਂ ਦੇ ਜ਼ਬਰੀ ਜਨੇਊ ਲੁਹਾ ਰਹੀ ਸੀ ਤਾਂ ਉਸ ਸਮੇਂ ਨੌਵੇਂ ਪਾਤਸ਼ਾਹ ਜੀ ਨੇ ਸ਼ਹਾਦਤ ਦੇ ਕੇ ਇਸ ਜ਼ੁਲਮ ਨੂੰ ਠੱਲ੍ਹ ਪਾਈ। ਉਨ੍ਹਾਂ ਸੰਗਤਾਂ ਨੂੰ ਅਪੀਲ ਕੀਤੀ ਕਿ ਗੁਰੂ ਸਾਹਿਬ ਦੀ ਸ਼ਹਾਦਤ ਨੂੰ ਯਾਦ ਕਰਦਿਆਂ ਆਪਸੀ ਵਖਰੇਵੇਂ ਭੁਲਾ ਕੇ ਏਕੇ ਦਾ ਸੰਦੇਸ਼ ਦਈਏ। ਉਨ੍ਹਾਂ ਸੰਗਤਾਂ ਨੂੰ ਸ਼ਤਾਬਦੀ ਸਮਾਗਮਾਂ ਵਿੱਚ ਪਰਿਵਾਰਾਂ ਸਮੇਤ ਸ਼ਮੂਲੀਅਤ ਦੀ ਪ੍ਰੇਰਨਾ ਵੀ ਕੀਤੀ।

ਇਸ ਮੌਕੇ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮੁਖੀ ਬਾਬਾ ਬਲਬੀਰ ਸਿੰਘ ੯੬ਵੇਂ ਕਰੋੜੀ ਨੇ ਸ਼੍ਰੋਮਣੀ ਕਮੇਟੀ ਵੱਲੋਂ ਕੀਤੇ ਜਾ ਰਹੇ ਕਾਰਜਾਂ ਦੀ ਪ੍ਰਸੰਸਾ ਕਰਦਿਆਂ ਕਿਹਾ ਕਿ ਇਹ ਇਤਿਹਾਸਕ ਨਗਰ ਕੀਰਤਨ ਪੂਰੇ ਦੇਸ਼ ਅੰਦਰ ਗੁਰੂ ਸਾਹਿਬ ਦੀ ਵਿਚਾਰਧਾਰਾ ਨੂੰ ਪ੍ਰਚਾਰਨ ਦਾ ਕੰਮ ਕਰੇਗਾ। ਉਨ੍ਹਾਂ ਨਿਹੰਗ ਜਥੇਬੰਦੀਆਂ ਵੱਲੋਂ ਸ਼ਤਾਬਦੀ ਸਮਾਗਮਾਂ ਸਮੇਂ ਹਰ ਤਰ੍ਹਾਂ ਦੇ ਸਹਿਯੋਗ ਦਾ ਭਰੋਸਾ ਵੀ ਦਿੱਤਾ।

ਨਗਰ ਕੀਰਤਨ ਦੌਰਾਨ ਵਿਸ਼ੇਸ਼ ਬਸ ਰਾਹੀਂ ਗੁਰੂ ਸਾਹਿਬਾਨ ਦੇ ਇਤਿਹਾਸਕ ਸ਼ਸਤਰਾਂ ਦੇ ਦਰਸ਼ਨ ਵੀ ਕਰਵਾਏ ਗਏ। ਇਸ ਦੇ ਨਾਲ ਹੀ ਵਡ ਅਕਾਰੀ ਸਕਰੀਨਾਂ ਤੇ ਗੁਰੂ ਸਾਹਿਬ ਨਾਲ ਸੰਬੰਧਿਤ ਪਾਵਨ ਅਸਥਾਨਾਂ ਅਤੇ ਇਤਿਹਾਸ ਬਾਰੇ ਦਸਤਾਵੇਜ਼ੀ ਵੀਡੀਓ ਵੀ ਦਿਖਾਈਆਂ ਜਾ ਰਹੀਆਂ ਹਨ, ਜਿਸ ਪ੍ਰਤੀ ਸੰਗਤਾਂ ਵਿੱਚ ਵੱਡਾ ਉਤਸ਼ਾਹ ਹੈ।

ਅੱਜ ਇਹ ਨਗਰ ਕੀਰਤਨ ਵੱਖ-ਵੱਖ ਪੜਾਵਾਂ ਤੋਂ ਹੁੰਦਾ ਹੋਇਆ ਗੁਰਦੁਆਰਾ ਸਿੰਘ ਸਭਾ ਸਿਲੀਗੁੜੀ ਪਹੁੰਚ ਕੇ ਰਾਤ ਦਾ ਵਿਸ਼ਰਾਮ ਕਰੇਗਾ, ਜਿਥੋਂ ਭਲਕੇ ਮਾਲਦਾ ਲਈ ਰਵਾਨਾ ਹੋਵੇਗਾ।

ਨਗਰ ਕੀਰਤਨ ਦੀ ਆਰੰਭਤਾ ਮੌਕੇ ਬਾਬਾ ਸੁਖਵਿੰਦਰ ਸਿੰਘ ਭੂਰੀ ਵਾਲੇ, ਜ਼ਿਲ੍ਹਾ ਧੋਬੜੀ ਦੇ ਡਿਪਟੀ ਕਮਿਸ਼ਨਰ ਸ੍ਰੀ ਦੀਵਾਕਰ ਨਾਥ, ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ,

ਸ. ਬਿਜੈ ਸਿੰਘ, ਮੀਤ ਸਕੱਤਰ ਸ. ਬਲਵਿੰਦਰ ਸਿੰਘ ਖੈਰਾਬਾਦ, ਸ. ਹਰਭਜਨ ਸਿੰਘ ਵਕਤਾ, ਸ. ਰਾਮ ਸਿੰਘ ਰਾਠੌਰ ਮੁੰਬਈ, ਸਥਾਨਕ ਸਿੱਖ ਆਗੂ ਸ. ਹਰਚਰਨ ਸਿੰਘ ਬਾਵਾ, ਸ. ਚਰਨਜੀਤ ਸਿੰਘ ਗਾਂਧੀ, ਸ. ਰਵਿੰਦਰ ਸਿੰਘ ਉਬਰਾਏ, ਸ. ਤੇਜਪਾਲ ਸਿੰਘ, ਪ੍ਰਬੰਧਕ ਕਮੇਟੀ ਗੁਰਦੁਆਰਾ ਧੋਬੜੀ ਸਾਹਿਬ ਦੇ ਪ੍ਰਧਾਨ ਸ. ਦਲਜੀਤ ਸਿੰਘ ਸੇਠੀ, ਸਕੱਤਰ ਸ. ਭੁਪਿੰਦਰ ਸਿੰਘ, ਸ. ਰਵਿੰਦਰਪਾਲ ਸਿੰਘ, ਸ. ਭੁਪਿੰਦਰਪਾਲ ਸਿੰਘ, ਇੰਚਾਰਜ ਸ. ਦਵਿੰਦਰ ਸਿੰਘ ਖੁਸ਼ੀਪੁਰ, ਮੈਨੇਜਰ ਸ. ਸਤਿੰਦਰ ਸਿੰਘ, ਬਾਬਾ ਸੁਖਜੀਤ ਸਿੰਘ ਘਨੱਈਆ, ਸ. ਜਸਕਰਨ ਸਿੰਘ, ਹੈੱਡ ਪ੍ਰਚਾਰਕ ਭਾਈ ਜਗਦੇਵ ਸਿੰਘ ਆਦਿ ਹਾਜ਼ਰ ਸਨ। ੨੧ ਅਗਸਤ

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ:

ਗੁਰਦੁਆਰਾ ਧੋਬੜੀ ਸਾਹਿਬ ਤੋਂ ਆਰੰਭ ਹੋਇਆ ਨਗਰ ਕੀਰਤਨ ਦੂਜੇ ਦਿਨ ਸਿਲੀਗੁੜੀ ਤੋਂ ਅਗਲੇ ਪੜਾਅ ਮਾਲਦਾ ਲਈ ਰਵਾਨਾ

ਰਸਤੇ ਵਿਚ ਨਗਰ ਕੀਰਤਨ ਦਾ ਸੰਗਤਾਂ ਵੱਲੋਂ ਭਰਵਾਂ ਸਵਾਗਤ

ਅੰਮ੍ਰਿਤਸਰ-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ ੩੫੦ ਸਾਲਾ ਸ਼ਤਾਬਦੀ ਦੇ ਸਬੰਧ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਧੋਬੜੀ ਸਾਹਿਬ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਅੱਜ ਦੂਸਰੇ ਦਿਨ ਗੁਰਦੁਆਰਾ ਸਿੰਘ ਸਭਾ ਸਿਲੀਗੁੜੀ, ਬੰਗਾਲ ਤੋਂ ਅਗਲੇ ਪੜਾਅ ਮਾਲਦਾ ਲਈ ਰਵਾਨਾ ਹੋਇਆ।

ਨਗਰ ਕੀਰਤਨ ਦੀ ਰਵਾਨਗੀ ਤੋਂ ਪਹਿਲਾਂ ਧਾਰਮਿਕ ਦੀਵਾਨ ਸਜਾਏ ਗਏ ਜਿਸ ਵਿਚ ਰਾਗੀ ਜਥਿਆਂ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ ਨੇ ਸੰਗਤਾਂ ਨਾਲ ਗੁਰੂ ਸਾਹਿਬ ਦੇ ਜੀਵਨ ਇਤਿਹਾਸ ਦੀ ਸਾਂਝ ਪਾਈ। ਨਗਰ ਕੀਰਤਨ ਦੀ ਰਵਾਨਗੀ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਰਜਿੰਦਰ ਸਿੰਘ ਮਹਿਤਾ, ਸ. ਸੁਰਜੀਤ ਸਿੰਘ ਭਿੱਟੇਵਡ, ਭਾਈ ਅਜੈਬ ਸਿੰਘ ਅਭਿਆਸੀ, ਸ. ਜਗਸੀਰ ਸਿੰਘ ਮਾਂਗੇਆਣਾ ਸਮੇਤ ਪ੍ਰਮੁੱਖ ਸਖਸ਼ੀਅਤਾਂ ਅਤੇ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ। ਬੰਗਾਲ ਸਰਕਾਰ ਵੱਲੋਂ ਨਗਰ ਕੀਰਤਨ ਦੇ ਸਵਾਗਤ ਅਤੇ ਪ੍ਰਬੰਧਾਂ ਲਈ ਬੰਗਾਲ ਘੱਟਗਿਣਤੀ ਕਮਿਸ਼ਨ ਦੇ ਮੈਂਬਰ ਡਾ. ਸਤਨਾਮ ਸਿੰਘ ਆਹਲੂਵਾਲੀਆ ਨੇ ਸੇਵਾ ਨਿਭਾਈ, ਜੋਂ ਪੂਰੇ ਬੰਗਾਲ ਵਿਚ ਨਗਰ ਕੀਰਤਨ ਦੇ ਨਾਲ ਰਹੇ।

ਨਗਰ ਕੀਰਤਨ ਨਾਲ ਚੱਲ ਰਹੀ ਗੁਰੂ ਸਾਹਿਬਾਨ ਦੇ ਇਤਿਹਾਸਕ ਸ਼ਸਤਰਾਂ ਵਾਲੀ ਬੱਸ ਅਤੇ ਵੱਡਅਕਾਰੀ ਸਕਰੀਨਾਂ 'ਤੇ ਗੁਰੂ ਸਾਹਿਬ ਨਾਲ ਸੰਬੰਧਿਤ ਪਾਵਨ ਅਸਥਾਨਾਂ ਅਤੇ ਇਤਿਹਾਸ ਬਾਰੇ ਦਿਖਾਈਆਂ ਜਾ ਰਹੀਆਂ ਦਸਤਾਵੇਜ਼ੀ ਵੀਡੀਓ ਸੰਗਤਾਂ ਵਿੱਚ ਵੱਡਾ ਉਤਸ਼ਾਹ ਭਰ ਰਹੀਆਂ ਹਨ। ਰਸਤੇ ਵਿਚ ਵੱਖ-ਵੱਖ ਪੜਾਵਾਂ ਤੇ ਸਿੱਖ ਸੰਗਤਾਂ ਦੇ ਨਾਲ ਨਾਲ ਵੱਖ-ਵੱਖ ਧਰਮਾਂ ਦੇ ਲੋਕਾਂ ਨੇ ਨਗਰ ਕੀਰਤਨ ਦਾ ਭਰਵਾਂ ਸਵਾਗਤ ਕਰਦਿਆਂ ਫੁੱਲਾਂ ਦੀ ਵਰਖਾ ਕੀਤੀ। ਸੰਗਤਾਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਰੁਮਾਲਾ ਸਾਹਿਬ ਭੇਟ ਕਰ ਕੇ ਸਤਿਕਾਰ ਪ੍ਰਗਟਾਇਆ ਅਤੇ ਪੰਜ ਪਿਆਰੇ ਸਾਹਿਬਾਨ ਅਤੇ ਪ੍ਰਮੁੱਖ ਸਖਸ਼ੀਅਤਾਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ।

ਸਿਲੀਗੁੜੀ ਤੋਂ ਚੱਲ ਕੇ ਨਗਰ ਕੀਰਤਨ ਵਿਧਾਨ ਨਗਰ, ਕਿਸ਼ਨਗੰਜ, ਪੂਰਨਿਆਂ, ਲਛਮੀਪੁਰ ਸਮੇਤ ਵੱਖ-ਵੱਖ ਪੜਾਵਾਂ ਤੋਂ ਹੁੰਦੇ ਹੋਏ ਮਾਲਦਾ ਵਿਖੇ ਰਾਤ ਵਿਸ਼ਰਾਮ ਕਰੇਗਾ, ਜਿਥੋਂ ੨੩ ਅਗਸਤ ਨੂੰ ਅਗਲੇ ਪੜਾਅ ਕਲਕੱਤਾ ਲਈ ਰਵਾਨਾ ਹੋਵੇਗਾ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਸ. ਬਿਜੈ ਸਿੰਘ, ਮੀਤ ਸਕੱਤਰ ਸ. ਬਲਵਿੰਦਰ ਸਿੰਘ ਖੈਰਾਬਾਦ, ਸ. ਰਾਮ ਸਿੰਘ ਰਾਠੌਰ ਮੁੰਬਈ, ਇੰਚਾਰਜ ਸ. ਦਵਿੰਦਰ ਸਿੰਘ ਖੁਸ਼ੀਪੁਰ, ਮੈਨੇਜਰ ਸ. ਸਤਿੰਦਰ ਸਿੰਘ, ਹੈੱਡ ਪ੍ਰਚਾਰਕ ਭਾਈ ਜਗਦੇਵ ਸਿੰਘ, ਸ. ਜਗਮੋਹਨ ਸਿੰਘ ਪ੍ਰਧਾਨ, ਸ. ਸੰਦੀਪ ਸਿੰਘ, ਸ. ਭੁਪਿੰਦਰ ਸਿੰਘ, ਸ. ਸਰਬਜੀਤ ਸਿੰਘ, ਸ. ਪਰਮਜੀਤ ਸਿੰਘ ਛਾਬੜਾ, ਭਾਈ ਲਖਵਿੰਦਰ ਸਿੰਘ ਕਿਸ਼ਨਗੰਜ, ਜਥੇਦਾਰ ਪਿਆਰਾ ਸਿੰਘ, ਸ. ਸਤਨਾਮ ਸਿੰਘ ਆਦਿ ਹਾਜ਼ਰ ਸਨ।੨੨ ਅਗਸਤ

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ:

ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਅਸਾਮ ਤੋਂ ਆਰੰਭ ਹੋਇਆ ਨਗਰ ਕੀਰਤਨ ਮਾਲਦਾ ਤੋਂ ਅਗਲੇ ਪੜਾਅ ਕਲਕੱਤਾ ਲਈ ਰਵਾਨਾ

ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ ੩੫੦ ਸਾਲਾ ਸ਼ਤਾਬਦੀ ਨੂੰ ਸਮਰਪਿਤ ਗੁਰਦੁਆਰਾ ਧੋਬੜੀ ਸਾਹਿਬ ਆਸਾਮ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਅੱਜ ਮਾਲਦਾ (ਪੱਛਮੀ ਬੰਗਾਲ) ਤੋਂ ਅਗਲੇ ਪੜਾਅ ਕਲਕੱਤਾ ਲਈ ਰਵਾਨਾ ਹੋਇਆ।

ਨਗਰ ਕੀਰਤਨ ਦੀ ਰਵਾਨਗੀ ਤੋਂ ਪਹਿਲਾਂ ਸਜਾਏ ਧਾਰਮਿਕ ਦੀਵਾਨ ਵਿਚ ਰਾਗੀ ਜਥਿਆਂ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਅਰਦਾਸ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ ਨੇ ਸੰਗਤਾਂ ਨੂੰ ਪਾਵਨ ਹੁਕਮਨਾਮਾ ਸਰਵਣ ਕਰਵਾਇਆ।

ਇਸ ਮੌਕੇ ਬਾਬਾ ਗੁਰਮੇਲ ਸਿੰਘ ਕਾਰ ਸੇਵਾ ਸਰਹਾਲੀ ਸਾਹਿਬ, ਸ਼੍ਰੋਮਣੀ ਕਮੇਟੀ ਮੈਂਬਰ ਭਾਈ ਰਜਿੰਦਰ ਸਿੰਘ ਮਹਿਤਾ, ਸ. ਸੁਰਜੀਤ ਸਿੰਘ ਭਿੱਟੇਵਡ, ਭਾਈ ਅਜੈਬ ਸਿੰਘ ਅਭਿਆਸੀ, ਸ. ਜਗਸੀਰ ਸਿੰਘ ਮਾਂਗੇਆਣਾ, ਡਾ. ਸਤਨਾਮ ਸਿੰਘ ਆਹਲੂਵਾਲੀਆ ਸਮੇਤ ਪ੍ਰਮੁੱਖ ਸ਼ਖ਼ਸੀਅਤਾਂ ਅਤੇ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ। ਰਵਾਨਗੀ ਤੋਂ ਪਹਿਲਾਂ ਬਾਬਾ ਗੁਰਮੇਲ ਸਿੰਘ ਨੇ ਪੰਜ ਪਿਆਰੇ ਸਾਹਿਬਾਨ, ਨਿਸ਼ਾਨਚੀ ਸਿੰਘਾਂ ਅਤੇ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਿਰੋਪਾਓ ਦਿੱਤੇ।

ਸ਼੍ਰੋਮਣੀ ਕਮੇਟੀ ਵੱਲੋਂ ਨਗਰ ਕੀਰਤਨ ਦੌਰਾਨ ਵਿਸ਼ੇਸ ਬੱਸ ਰਾਹੀਂ ਜਿਥੇ ਸੰਗਤਾਂ ਨੂੰ ਗੁਰੂ ਸਾਹਿਬਾਨ ਦੇ ਇਤਿਹਾਸਕ ਸ਼ਸਤਰਾਂ ਦੇ ਦਰਸ਼ਨ ਕਰਵਾਏ ਜਾ ਰਹੇ ਹਨ, ਉਥੇ ਹੀ ਵੱਡਅਕਾਰੀ ਸਕਰੀਨਾਂ 'ਤੇ ਗੁਰੂ ਸਾਹਿਬ ਨਾਲ ਸੰਬੰਧਿਤ ਪਾਵਨ ਅਸਥਾਨਾਂ ਅਤੇ ਇਤਿਹਾਸ ਬਾਰੇ ਦਿਖਾਈਆਂ ਜਾ ਰਹੀਆਂ ਦਸਤਾਵੇਜ਼ੀ ਵੀਡੀਓ ਵੀ ਸੰਗਤਾਂ ਲਈ ਖਿੱਚ ਦਾ ਕੇਂਦਰ ਹਨ। ਦੂਰ ਦੂਰ ਤੋਂ ਸੰਗਤਾਂ ਰਸਤੇ ਵਿਚ ਵੱਖ ਵੱਖ ਪੜਾਵਾਂ 'ਤੇ ਪਹੁੰਚ ਕੇ ਉਤਸ਼ਾਹ ਨਾਲ ਨਗਰ ਕੀਰਤਨ ਦਾ ਭਰਵਾਂ ਸਵਾਗਤ ਕਰ ਰਹੀਆਂ ਹਨ। ਜਿਥੇ ਰਸਤੇ ਵਿਚ ਸੰਗਤਾਂ ਵੱਲੋਂ ਵੱਖ-ਵੱਖ ਪਕਵਾਨਾਂ ਦੇ ਲੰਗਰ ਲਗਾਏ ਗਏ ਸਨ, ਉਥੇ ਜੰਗੀਪੁਰ ਵਿਖੇ ਪੰਜਾਬੀ ਢਾਬੇ ਦੇ ਮਾਲਕ ਭਾਈ ਮਨਜੀਤ ਸਿੰਘ ਅਤੇ ਪਰਿਵਾਰ ਵੱਲੋਂ ਸੰਗਤਾਂ ਲਈ ਲੰਗਰਾਂ ਦੇ ਵੀ ਵਿਸ਼ੇਸ਼ ਪ੍ਰਬੰਧ ਕੀਤਾ ਗਿਆ।

ਇਹ ਨਗਰ ਕੀਰਤਨ ਅੱਜ ਮਾਲਦਾ ਤੋਂ ਚੱਲ ਕੇ ਜੰਗੀਪੁਰ, ਬੈਰਲਪੁਰ ਸਮੇਤ ਵੱਖ-ਵੱਖ ਪੜਾਵਾਂ ਤੋਂ ਹੁੰਦਾ ਹੋਇਆ ਕਲਕੱਤਾ ਪੁੱਜਾ, ਜਿਥੇ ਸੰਗਤਾਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ। ੨੪ ਅਗਸਤ ਨੂੰ ਇਹ ਸ਼ਹੀਦੀ ਨਗਰ ਕੀਰਤਨ ਕਲਕੱਤਾ ਸ਼ਹਿਰ ਦੇ ਵੱਖ-ਵੱਖ ਗੁਰਦੁਆਰਾ ਸਾਹਿਬਾਨ ਵਿਚ ਜਾਵੇਗਾ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਸ. ਬਿਜੈ ਸਿੰਘ, ਮੀਤ ਸਕੱਤਰ ਸ. ਬਲਵਿੰਦਰ

ਸਿੰਘ ਖੈਰਾਬਾਦ, ਸ. ਰਾਮ ਸਿੰਘ ਰਾਠੌਰ ਮੁੰਬਈ, ਇੰਚਾਰਜ ਸ. ਦਵਿੰਦਰ ਸਿੰਘ ਖੁਸ਼ੀਪੁਰ, ਮੈਨੇਜਰ ਸ. ਸਤਿੰਦਰ ਸਿੰਘ, ਭਾਈ ਜਗਦੇਵ ਸਿੰਘ, ਬਾਬਾ ਤਾਰਾ ਸਿੰਘ, ਬਾਬਾ ਭੋਲਾ ਸਿੰਘ, ਬਾਬਾ ਗੁਰਨਾਮ ਸਿੰਘ, ਸ. ਮੁਖਤਿਆਰ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ। ੨੩ ਅਗਸਤ

ਪਹਿਲੇ ਪ੍ਰਕਾਸ਼ ਦਿਹਾੜੇ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਵੱਡੀ ਗਿਣਤੀ ਸੰਗਤਾਂ ਹੋਈਆਂ ਨਤਮਸਤਕ

ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਤੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤਕ ਸਜਾਇਆ ਨਗਰ ਕੀਰਤਨ

ਅੰਮ੍ਰਿਤਸਰ-ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਦਿਹਾੜੇ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਅਤੇ ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਵਿਖੇ ਵੱਡੀ ਗਿਣਤੀ ਸੰਗਤਾਂ ਨੇ ਨਤਮਸਤਕ ਹੋ ਕੇ ਸ਼ਰਧਾ ਦਾ ਪ੍ਰਗਟਾਵਾ ਕੀਤਾ। ਪ੍ਰਕਾਸ਼ ਪੁਰਬ ਸਬੰਧੀ ਸ਼੍ਰੋਮਣੀ ਕਮੇਟੀ ਵੱਲੋਂ ਕਰਵਾਏ ਗਏ ਗੁਰਮਤਿ ਸਮਾਗਮਾਂ ਸਮੇਂ ਸੰਗਤਾਂ ਨੇ ਹਾਜ਼ਰੀਆਂ ਭਰੀਆਂ ਅਤੇ ਗੁਰਬਾਣੀ ਕੀਰਤਨ ਦਾ ਆਨੰਦ ਮਾਣਿਆ।

ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਮਗਰੋਂ ਸਿੱਖ ਪਰੰਪਰਾ ਅਨੁਸਾਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤਕ ਨਗਰ ਕੀਰਤਨ ਸਜਾਇਆ ਗਿਆ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ ਵਿਚ ਸਜਾਏ ਗਏ ਇਸ ਨਗਰ ਕੀਰਤਨ ਦੀ ਰਵਾਨਗੀ ਸਮੇਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਰਘਬੀਰ ਸਿੰਘ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਪੰਜ ਪਿਆਰੇ, ਨਿਸ਼ਾਨਚੀ ਤੇ ਨਗਾਰਚੀ ਸਿੰਘਾਂ ਨੂੰ ਸਿਰੋਪਾਓ ਦੇ ਕੇ ਸਤਿਕਾਰ ਦਿੱਤਾ। ਇਸ ਮੌਕੇ ਵੱਡੀ ਗਿਣਤੀ ਵਿਚ ਪੰਥਕ ਸ਼ਖ਼ਸੀਅਤਾਂ ਅਤੇ ਸੰਗਤਾਂ ਪੁੱਜੀਆਂ ਹੋਈਆਂ ਸਨ।

ਇਸ ਮੌਕੇ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਸੰਗਤਾਂ ਨੂੰ ਪਹਿਲੇ ਪ੍ਰਕਾਸ਼ ਦਿਹਾੜੇ ਦੀ ਵਧਾਈ ਦਿੰਦਿਆਂ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬਾਣੀ ਸਿੱਖ ਦੇ ਜੀਵਨ ਦਾ ਅਧਾਰ ਹੈ। ਹਰ ਸਿੱਖ ਦਾ ਫ਼ਰਜ਼ ਹੈ ਕਿ ਉਹ ਪਾਵਨ ਗੁਰਬਾਣੀ ਵੱਲੋਂ ਦਰਸਾਏ ਮਾਰਗ 'ਤੇ ਚੱਲ ਕੇ ਜੀਵਨ ਬਤੀਤ ਕਰੇ। ਉਨ੍ਹਾਂ ਸੰਗਤਾਂ ਨੂੰ ਪ੍ਰੇਰਣਾ ਕੀਤੀ ਕਿ ਉਹ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਵਨ ਗੁਰਬਾਣੀ ਨੂੰ ਆਪਣੇ ਜੀਵਨ ਵਿਚ ਢਾਲ ਕੇ ਗੁਰਮਤਿ ਰਹਿਣੀ ਅਨੁਸਾਰ ਜੀਵਨ ਬਤੀਤ ਕਰਨ।

ਨਗਰ ਕੀਰਤਨ 'ਚ ਸ਼ਾਮਲ ਹੋਣ ਪੁੱਜੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸੰਗਤਾਂ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਦੀ ਵਧਾਈ ਦਿੰਦਿਆਂ ਗੁਰਮਤਿ ਰਹਿਣੀ ਨੂੰ ਜੀਵਨ ਦਾ ਹਿੱਸਾ ਬਣਾਉਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਗੁਰਬਾਣੀ ਮਨੁੱਖ ਨੂੰ ਜੀਵਨ ਦਾ ਰਾਹ ਦਰਸਾਉਂਦੀ ਹੈ ਅਤੇ ਹਰ ਪ੍ਰਾਣੀ ਮਾਤਰ ਦੇ ਜੀਵਨ ਨੂੰ ਸੁਖਦਾਈ ਬਣਾਉਣ ਲਈ ਇਕ ਅਹਿਮ ਮਾਰਗ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਸੰਗਤਾਂ ਨੂੰ ਗੁਰਬਾਣੀ ਨਿਤਨੇਮ ਨਾਲ ਜੁੜਣ ਅਤੇ ਖੰਡੇ ਬਾਟੇ ਦੀ ਪਹੁਲ ਦੇ ਧਾਰਨੀ ਹੋਣ ਦੀ ਪ੍ਰੇਰਣਾ ਕੀਤੀ।

ਨਗਰ ਕੀਰਤਨ ਸਮੇਂ ਸਿੱਖ ਨੌਜੁਆਨਾਂ ਵੱਲੋਂ ਗਤਕਾ ਪ੍ਰਦਰਸ਼ਨ ਦੇ ਨਾਲ-ਨਾਲ ਸ਼ਬਦੀ ਜਥਿਆਂ ਨੇ ਸ਼ਬਦ ਗਾਇਨ ਕਰਕੇ ਸ਼ਰਧਾ ਦਾ ਪ੍ਰਗਟਾਵਾ ਕੀਤਾ। ਇਸੇ ਦੌਰਾਨ ਰਸਤੇ ਵਿਚ ਸ਼ਰਧਾਲੂਆਂ ਵੱਲੋਂ ਵੱਖ-ਵੱਖ ਪਕਵਾਨਾਂ ਦੇ ਲੰਗਰ ਵੀ ਲਗਾਏ ਗਏ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਸ. ਗੁਰਿੰਦਰਪਾਲ ਸਿੰਘ ਗੋਰਾ, ਸ. ਅਮਰਜੀਤ ਸਿੰਘ ਭਲਾਈਪੁਰ, ਸ. ਰਘੁਬੀਰ ਸਿੰਘ ਸਹਾਰਨਮਾਜਰਾ, ਸ. ਅਮਰਜੀਤ ਸਿੰਘ ਬੰਡਾਲਾ, ਭਾਈ ਮਨਜੀਤ ਸਿੰਘ, ਸ਼੍ਰੋਮਣੀ ਕਮੇਟੀ ਸਕੱਤਰ ਸ. ਪ੍ਰਤਾਪ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ, ਵਧੀਕ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਤੇਜਿੰਦਰ ਸਿੰਘ ਪੱਡਾ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਮੀਤ ਸਕੱਤਰ ਸ. ਜਸਵਿੰਦਰ ਸਿੰਘ ਜੱਸੀ, ਸ. ਗੁਰਨਾਮ ਸਿੰਘ, ਸ. ਕੁਲਦੀਪ ਸਿੰਘ ਰੋਡੇ, ਸ. ਹਰਭਜਨ ਸਿੰਘ ਵਕਤਾ, ਸ. ਮਨਜੀਤ ਸਿੰਘ ਤਲਵੰਡੀ, ਸ. ਸੁਖਬੀਰ ਸਿੰਘ, ਬਾਬਾ ਸਤਨਾਮ ਸਿੰਘ ਕਿਲਾ ਅਨੰਦਗੜ੍ਹ ਸਾਹਿਬ, ਸ. ਅਮਰਬੀਰ ਸਿੰਘ ਢੋਟ, ਸੁਪਰਡੈਂਟ ਸ. ਨਿਸ਼ਾਨ ਸਿੰਘ ਤੇ ਸ. ਮਲਕੀਤ ਸਿੰਘ ਬਹਿੜਵਾਲ, ਮੈਨੇਜਰ ਸ. ਜਤਿੰਦਰਪਾਲ ਸਿੰਘ, ਸ. ਨਰਿੰਦਰ ਸਿੰਘ, ਸ. ਰਜਿੰਦਰ ਸਿੰਘ ਰੂਬੀ, ਵਧੀਕ ਮੈਨੇਜਰ ਸ. ਬਿਕਰਮਜੀਤ ਸਿੰਘ ਝੰਗੀ, ਸ. ਯੁਵਰਾਜ ਸਿੰਘ, ਸ. ਗੁਰਤਿੰਦਰਪਾਲ ਸਿੰਘ ਸਮੇਤ ਵੱਖ-ਵੱਖ ਸਭਾ ਸੁਸਾਇਟੀਆਂ ਦੇ ਨੁਮਾਇੰਦੇ ਅਤੇ ਸੰਗਤਾਂ ਨੇ ਹਾਜ਼ਰੀ ਭਰੀ।

ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸਜੇ ਜਲੌ

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਦਿਹਾੜੇ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਬਾਬਾ ਅਟੱਲ ਰਾਇ ਸਾਹਿਬ ਵਿਖੇ ਅਲੌਕਿਕ ਜਲੌ ਸਜਾਏ ਗਏ। ਇਸ ਦੇ ਨਾਲ ਹੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਰੰਗ-ਬਿਰੰਗੇ ਫੁੱਲਾਂ ਦੀ ਸਜਾਵਟ ਵੀ ਸੰਗਤਾਂ ਲਈ ਖਿੱਚ ਦਾ ਕੇਂਦਰ ਰਹੀ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਅਤੇ ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਸਮੇਤ ਵੱਖ-ਵੱਖ ਧਾਰਮਿਕ ਅਸਥਾਨਾਂ ਨੂੰ ਦੀਪਮਾਲਾ ਨਾਲ ਸਜਾਇਆ ਗਿਆ। ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸਜਾਏ ਗੁਰਮਤਿ ਸਮਾਗਮ ਅੰਦਰ ਰਾਗੀ, ਢਾਡੀ ਅਤੇ ਕਵੀਸ਼ਰ ਜਥਿਆਂ ਨੇ ਸੰਗਤ ਨੂੰ ਗੁਰੂ ਜਸ ਨਾਲ ਜੋੜਿਆ। ੨੪ ਅਗਸਤ

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ:

ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਆਰੰਭ ਹੋਏ ਨਗਰ ਕੀਰਤਨ ਪ੍ਰਤੀ ਕਲਕੱਤੇ ਦੀਆਂ ਸੰਗਤਾਂ ਅੰਦਰ ਵੱਡਾ ਉਤਸ਼ਾਹ

ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ ੩੫੦ ਸਾਲਾ ਸ਼ਤਾਬਦੀ ਨੂੰ ਸਮਰਪਿਤ ਗੁਰਦੁਆਰਾ ਧੋਬੜੀ ਸਾਹਿਬ ਆਸਾਮ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਅੱਜ ਗੁਰਦੁਆਰਾ ਦਮਦਮ ਸਿੱਖ ਸੰਗਤ, ਬੈਰਕਪੁਰ ਕਲਕੱਤਾ ਤੋਂ ਗੁਰਦੁਆਰਾ ਡਨਲੌਪ ਸਿੱਖ ਸੰਗਤ ਕਲਕੱਤਾ ਲਈ ਰਵਾਨਾ ਹੋਇਆ। ਰਵਾਨਗੀ ਤੋਂ ਪਹਿਲਾਂ ਸਜਾਏ ਧਾਰਮਿਕ ਦੀਵਾਨ ਵਿਚ ਰਾਗੀ ਜਥਿਆਂ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਅਰਦਾਸ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ ਨੇ ਸੰਗਤਾਂ ਨੂੰ ਪਾਵਨ ਹੁਕਮਨਾਮਾ ਸਰਵਣ ਕਰਵਾਇਆ।

ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਰਜਿੰਦਰ ਸਿੰਘ ਮਹਿਤਾ, ਸ. ਸੁਰਜੀਤ ਸਿੰਘ ਭਿੱਟੇਵਡ, ਭਾਈ ਅਜੈਬ ਸਿੰਘ ਅਭਿਆਸੀ, ਸ. ਜਗਸੀਰ ਸਿੰਘ ਮਾਂਗੇਆਣਾ ਸਮੇਤ ਪ੍ਰਮੁੱਖ ਸ਼ਖ਼ਸੀਅਤਾਂ ਅਤੇ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ। ਰਵਾਨਗੀ ਤੋਂ ਪਹਿਲਾਂ ਪੰਜ ਪਿਆਰੇ ਸਾਹਿਬਾਨ, ਨਿਸ਼ਾਨਚੀ ਸਿੰਘਾਂ ਅਤੇ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਿਰੋਪਾਓ ਦਿੱਤੇ।

ਸ਼੍ਰੋਮਣੀ ਕਮੇਟੀ ਵੱਲੋਂ ਨਗਰ ਕੀਰਤਨ ਦੌਰਾਨ ਵਿਸ਼ੇਸ ਬੱਸ ਰਾਹੀਂ ਜਿੱਥੇ ਸੰਗਤਾਂ ਨੂੰ ਗੁਰੂ ਸਾਹਿਬਾਨ ਦੇ ਇਤਿਹਾਸਕ ਸ਼ਸਤਰਾਂ ਦੇ ਦਰਸ਼ਨ ਕਰਵਾਏ ਜਾ ਰਹੇ ਹਨ, ਉਥੇ ਹੀ ਵੱਡ ਅਕਾਰੀ ਸਕਰੀਨਾਂ 'ਤੇ ਗੁਰੂ ਸਾਹਿਬ ਨਾਲ ਸੰਬੰਧਿਤ ਪਾਵਨ ਅਸਥਾਨਾਂ ਅਤੇ ਇਤਿਹਾਸ ਬਾਰੇ ਦਿਖਾਈਆਂ ਜਾ ਰਹੀਆਂ ਦਸਤਾਵੇਜ਼ੀ ਵੀਡੀਓ ਵੀ ਸੰਗਤਾਂ ਲਈ ਖਿੱਚ ਦਾ ਕੇਂਦਰ ਸਨ।

ਇਹ ਨਗਰ ਕੀਰਤਨ ਕਲਕੱਤੇ ਦੇ ਵੱਖ-ਵੱਖ ਗੁਰਦੁਆਰਾ ਸਾਹਿਬਾਨ ਵਿਖੇ ਪੁੱਜਾ, ਜਿੱਥੇ ਗੁਰਦੁਆਰਾ ਸੰਤ ਕੁਟੀਆ, ਗੁਰਦੁਆਰਾ ਜਗਤ ਸੁਧਾਰ (ਕਾਲੀਕਾਟ), ਗੁਰਦੁਆਰਾ ਸਾਹਿਬ ਬੇਹਾਲਾ, ਗੁਰਦੁਆਰਾ ਬੜਾ ਸਿੱਖ ਸੰਗਤ ਸਮੇਤ ਹੋਰ ਅਸਥਾਨਾਂ 'ਤੇ ਭਰਵਾਂ ਸਵਾਗਤ ਕੀਤਾ ਗਿਆ। ਕਲਕੱਤੇ ਦੀਆਂ ਸੰਗਤਾਂ ਅੰਦਰ ਨਗਰ ਕੀਰਤਨ ਪ੍ਰਤੀ ਵੱਡਾ ਉਤਸ਼ਾਹ ਸੀ। ਸੰਗਤਾਂ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਤਿਕਾਰ ਵਜੋਂ ਪਾਲਕੀ ਸਾਹਿਬ 'ਤੇ ਫੁੱਲਾਂ ਦੀ ਵਰਖਾ ਕੀਤੀ ਗਈ। ਸੰਗਤਾਂ ਵੱਲੋਂ ਵੱਖ-ਵੱਖ ਪੜਾਵਾਂ 'ਤੇ ਲੰਗਰ ਵੀ ਲਗਾਏ ਗਏ ਸਨ।

ਇਹ ਨਗਰ ਕੀਰਤਨ ਅੱਜ ਰਾਤ ਗੁਰਦੁਆਰਾ ਡਨਲੌਪ ਸਿੱਖ ਸੰਗਤ ਕਲਕੱਤਾ ਰੁਕੇਗਾ, ਜਿਥੋਂ ੨੫ ਅਗਸਤ ਨੂੰ ਅਗਲੇ ਪੜਾਅ ਆਸਨਸੋਲ ਲਈ ਰਵਾਨਾ ਹੋਵੇਗਾ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਸ. ਬਿਜੈ ਸਿੰਘ, ਮੀਤ ਸਕੱਤਰ ਸ. ਬਲਵਿੰਦਰ ਸਿੰਘ ਖੈਰਾਬਾਦ, ਸ. ਰਾਮ ਸਿੰਘ ਰਾਠੌਰ ਮੁੰਬਈ, ਡਾ. ਸਤਨਾਮ ਸਿੰਘ ਆਹਲੂਵਾਲੀਆ, ਇੰਚਾਰਜ ਸ. ਦਵਿੰਦਰ ਸਿੰਘ ਖੁਸ਼ੀਪੁਰ, ਮੈਨੇਜਰ ਸ. ਸਤਿੰਦਰ ਸਿੰਘ, ਭਾਈ ਜਗਦੇਵ ਸਿੰਘ, ਸ੍ਰੀ ਗੁਰੂ ਸਿੰਘ ਸਭਾ ਕਲਕੱਤਾ ਦੇ ਪ੍ਰਬੰਧਕ ਸ. ਰਣਜੀਤ ਸਿੰਘ, ਸ. ਗੁਰਸ਼ਰਨ ਸਿੰਘ, ਸ. ਬੂਟਾ ਸਿੰਘ ਸਮੇਤ ਸੰਗਤਾਂ ਹਾਜ਼ਰ ਸਨ। ੨੪ ਅਗਸਤ

ਐਡਵੋਕੇਟ ਧਾਮੀ ਨੇ ਬਾਬਾ ਬਲਜਿੰਦਰ ਸਿੰਘ ਰਾੜਾ ਸਾਹਿਬ ਵਾਲਿਆਂ ਦੇ ਅਕਾਲ ਚਲਾਣੇ 'ਤੇ ਗਹਿਰੇ ਦੁੱਖ ਦਾ ਕੀਤਾ ਪ੍ਰਗਟਾਵਾ

ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਬਾਬਾ ਬਲਜਿੰਦਰ ਸਿੰਘ ਰਾੜਾ ਸਾਹਿਬ ਵਾਲਿਆਂ ਦੇ ਅਕਾਲ ਚਲਾਣਾ ਕਰ ਜਾਣ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਬਾਬਾ ਬਲਜਿੰਦਰ ਸਿੰਘ ਨੇ ਜਿੱਥੇ ਪ੍ਰੰਪਰਿਕ ਢੰਗ ਨਾਲ ਦੇਸ਼ ਵਿਦੇਸ਼ ਅੰਦਰ ਸਿੱਖੀ ਦਾ ਪ੍ਰਚਾਰ ਪ੍ਰਸਾਰ ਕੀਤਾ, ਉੱਥੇ ਹੀ ਉਨ੍ਹਾਂ ਵੱਲੋਂ ਗੁਰਬਾਣੀ ਨੂੰ ਡਿਜ਼ੀਟਲ ਮਾਧਿਅਮ ਰਾਹੀਂ ਸੰਗਤਾਂ ਤਕ ਪਹੁੰਚਾਉਣ ਲਈ ਤਿਆਰ ਕੀਤਾ ਈਸ਼ਰ ਮਾਈਕਰੋ ਮੀਡੀਆ ਕੌਮ ਲਈ ਵੱਡੀ ਦੇਣ ਹੈ। ਉਨ੍ਹਾਂ ਦੇ ਇਸ ਉਪਰਾਲੇ ਦਾ ਕੇਵਲ ਗੁਰਬਾਣੀ ਅਤੇ ਇਤਿਹਾਸ ਦੇ ਖੋਜੀ ਹੀ ਲਾਹਾ ਨਹੀਂ ਲੈ ਰਹੇ, ਸਗੋਂ ਆਮ ਸਿੱਖ ਸੰਗਤਾਂ ਵੀ ਇਸ ਦੀ ਵਰਤੋਂ ਕਰਕੇ ਗੁਰਬਾਣੀ ਅਤੇ ਗੁਰਮਤਿ ਨਾਲ ਜੁੜ ਰਹੀਆਂ ਹਨ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਅੱਜ ਦੇ ਇੰਟਰਨੈੱਟ ਦੇ ਯੁੱਗ ਅੰਦਰ ਉਨ੍ਹਾਂ ਦੀ ਇਸ ਦੇਣ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ। ਐਡਵੋਕੇਟ ਧਾਮੀ ਨੇ ਬਾਬਾ ਬਲਜਿੰਦਰ ਸਿੰਘ ਨੂੰ ਸ਼ਰਧਾਂਜਲੀ ਦਿੰਦਿਆਂ ਉਨ੍ਹਾਂ ਦੇ ਸਨੇਹੀਆਂ ਨਾਲ ਹਮਦਰਦੀ ਪ੍ਰਗਟ ਕੀਤੀ ਅਤੇ ਕਰਤਾ ਪੁਰਖ਼ ਅੱਗੇ ਵਿਛੜੀ ਰੂਹ ਨਮਿਤ ਅਰਦਾਸ ਕੀਤੀ।

ਇਸੇ ਦੌਰਾਨ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਸ. ਰਘੁਜੀਤ ਸਿੰਘ ਵਿਰਕ, ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਜਰਨਲ ਸਕੱਤਰ ਸ. ਸ਼ੇਰ ਸਿੰਘ ਮੰਡਵਾਲਾ ਤੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ ਨੇ ਵੀ ਬਾਬਾ ਬਲਜਿੰਦਰ ਸਿੰਘ ਰਾੜਾ ਸਾਹਿਬ ਵਾਲਿਆਂ ਦੇ ਅਕਾਲ ਚਲਾਣੇ ਤੇ ਦੁੱਖ ਪ੍ਰਗਟ ਕੀਤਾ।੨੫ ਅਗਸਤ

ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਬੇਟੀ ਦੇ ਅਕਾਲ ਚਲਾਣੇ 'ਤੇ ਐਡਵੋਕੇਟ ਧਾਮੀ ਵੱਲੋਂ ਦੁੱਖ ਪ੍ਰਗਟ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਭਾਈ ਗੋਬਿੰਦ ਸਿੰਘ ਲੌਂਗੋਵਾਲ ਸਾਬਕਾ ਪ੍ਰਧਾਨ ਸ਼੍ਰੋਮਣੀ ਕਮੇਟੀ ਦੀ ਸਪੁੱਤਰੀ ਬੀਬਾ ਗੁਰਮਨ ਕੌਰ ਦੇ ਅਕਾਲ ਚਲਾਣਾ ਕਰ ਜਾਣ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਬੀਬਾ ਗੁਰਮਨ ਕੌਰ ਦਾ ਅਕਾਲ ਚਲਾਣਾ ਲੌਂਗੋਵਾਲ ਪਰਿਵਾਰ ਲਈ ਵੱਡਾ ਘਾਟਾ ਹੈ। ਬੱਚਿਆਂ ਦਾ ਸੰਸਾਰ ਤੋਂ ਚਲੇ ਜਾਣਾ ਮਾਪਿਆਂ ਲਈ ਵੱਡੀ ਪੀੜਾ ਹੈ।

ਐਡਵੋਕੇਟ ਧਾਮੀ ਨੇ ਭਾਈ ਗੋਬਿੰਦ ਸਿੰਘ ਲੌਂਗੋਵਾਲ ਅਤੇ ਪਰਿਵਾਰ ਨਾਲ ਹਮਦਰਦੀ ਪ੍ਰਗਟ ਕਰਦਿਆਂ ਕਰਤਾ ਪੁਰਖ ਅੱਗੇ ਅਰਦਾਸ ਕੀਤੀ ਕਿ ਵਿਛੜੀ ਰੂਹ ਨੂੰ ਚਰਨਾਂ ਵਿਚ ਨਿਵਾਸ ਦੇਣ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ। ੨੫ ਅਗਸਤ

ਐਡਵੋਕੇਟ ਧਾਮੀ ਨੇ ਮੰਡਿਆਲਾ 'ਚ ਟੈਂਕਰ ਹਾਦਸੇ 'ਚ ਜਾਨਾਂ ਗਵਾਉਣ ਵਾਲਿਆਂ ਦੇ ਪਰਿਵਾਰਾਂ ਨਾਲ ਹਮਦਰਦੀ ਪ੍ਰਗਟਾਈ

ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਹੁਸ਼ਿਆਰਪੁਰ ਦੇ ਪਿੰਡ ਮੰਡਿਆਲਾ 'ਚ ਬੀਤੇ ਦਿਨੀਂ ਹੋਏ ਐਲਪੀਜੀ ਟੈਂਕਰ ਹਾਦਸੇ 'ਚ ਜਾਨਾਂ ਗਵਾਉਣ ਵਾਲਿਆਂ ਦੇ ਪਰਿਵਾਰਕ ਮੈਂਬਰਾਂ ਨਾਲ ਹਮਦਰਦੀ ਪ੍ਰਗਟ ਕੀਤੀ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਇਹ ਗੰਭੀਰ ਹਾਦਸਾ ਸੀ, ਜਿਸ ਵਿਚ ਜਿਥੇ ੭ ਜਾਨਾਂ ਗਈਆਂ ਹਨ, ਉੱਥੇ ਬਹੁਤ ਸਾਰੇ ਲੋਕ ਗੰਭੀਰ ਜ਼ਖ਼ਮੀ ਹੋਏ ਹਨ ਅਤੇ ਵੱਡਾ ਵਿੱਤੀ ਨੁਕਸਾਨ ਵੀ ਹੋਇਆ ਹੈ। ਉਨ੍ਹਾਂ ਕਿਹਾ ਕਿ ਇਹ ਪੀੜਤ ਪਰਿਵਾਰਾਂ ਲਈ ਬੇਹੱਦ ਦੁਖਦਾਈ ਸਮਾਂ ਹੈ ਅਤੇ ਸ਼੍ਰੋਮਣੀ ਕਮੇਟੀ ਇਸ ਦੁੱਖ ਦੀ ਘੜੀ ਵਿਚ ਪਰਿਵਾਰਾਂ ਦੇ ਨਾਲ ਹੈ ਅਤੇ ਲੋੜ ਅਨੁਸਾਰ ਹਰ ਸੰਭਵ ਸਹਾਇਤਾ ਕਰੇਗੀ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਅਰਦਾਸ ਕੀਤੀ ਕਿ ਕਰਤਾ ਪੁਰਖ ਅਕਾਲ ਚਲਾਣਾ ਕਰਨ ਵਾਲਿਆਂ ਦੀ ਰੂਹ ਨੂੰ ਚਰਨਾਂ ਵਿਚ ਨਿਵਾਸ ਦੇਣ ਅਤੇ ਪਰਿਵਾਰਾਂ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ। ਉਨ੍ਹਾਂ ਹਾਦਸੇ ਵਿਚ ਜ਼ਖ਼ਮੀਆਂ ਦੀ ਸਿਹਤਯਾਬੀ ਦੀ ਵੀ ਅਰਦਾਸ ਕੀਤੀ। ੨੫ ਅਗਸਤ

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ:

ਆਸਾਮ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਕਲਕੱਤੇ ਤੋਂ ਆਸਨਸੋਲ ਲਈ ਰਵਾਨਾ

ਵੱਖ ਵੱਖ ਪੜਾਵਾਂ 'ਤੇ ਸੰਗਤ ਵੱਲੋਂ ਭਰਵਾਂ ਸਵਾਗਤ

ਅੰਮ੍ਰਿਤਸਰ-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ ੩੫੦ ਸਾਲਾ ਸ਼ਤਾਬਦੀ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਧੋਬੜੀ ਸਾਹਿਬ ਆਸਾਮ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਅੱਜ ਗੁਰਦੁਆਰਾ ਸਾਹਿਬ ਡਨਲੌਪ ਕਲਕੱਤਾ ਤੋਂ ਆਸਨਸੋਲ ਲਈ ਰਵਾਨਾ ਹੋਇਆ। ਰਵਾਨਗੀ ਤੋਂ ਪਹਿਲਾਂ ਸਜਾਏ ਧਾਰਮਿਕ ਦੀਵਾਨ ਵਿਚ ਹਜ਼ੂਰੀ

ਰਾਗੀ ਜਥਿਆਂ ਨੇ ਗੁਰਬਾਣੀ ਕੀਰਤਨ ਕੀਤਾ। ਸਮਾਗਮ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ ਨੇ ਸੰਗਤਾਂ ਨਾਲ ਗੁਰੂ ਸਾਹਿਬ ਦੇ ਜੀਵਨ ਇਤਿਹਾਸ ਦੀ ਸਾਂਝ ਪਾਈ। ਰਵਾਨਗੀ ਤੋਂ ਪਹਿਲਾਂ ਪੰਜ ਪਿਆਰੇ ਸਾਹਿਬਾਨ, ਨਿਸ਼ਾਨਚੀ ਸਿੰਘਾਂ ਅਤੇ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਪ੍ਰਬੰਧਕਾਂ ਵੱਲੋਂ ਸਿਰੋਪਾਓ ਦਿੱਤੇ ਗਏ।

ਅੱਜ ਇਹ ਨਗਰ ਕੀਰਤਨ ਗੁਰਦੁਆਰਾ ਸਾਹਿਬ ਡਨਲੌਪ ਕਲਕੱਤਾ ਤੋਂ ਆਰੰਭ ਹੋ ਕੇ ਵਰਧਮਾਨ, ਅੰਛਾਲ, ਰਾਣੀਗੰਜ, ਦੁਰਗਾਪੁਰ ਤੋਂ ਹੁੰਦਾ ਹੋਇਆ ਆਸਨਸੋਲ ਪੁੱਜਾ। ਰਸਤੇ ਵਿਚ ਵੱਖ-ਵੱਖ ਪੜਾਵਾਂ 'ਤੇ ਸੰਗਤਾਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ।

ਨਗਰ ਕੀਰਤਨ ਦਾ ਵਰਧਮਾਨ ਸ਼ਹਿਰ ਪਹੁੰਚਣ ਤੇ ਸਰਕਾਰ ਵੱਲੋਂ ਵਿਧਾਇਕ ਸ੍ਰੀ ਖੋਕਨਦਾਸ ਨੇ ਸਵਾਗਤ ਕਰਦਿਆਂ ਗੁਰੂ ਸਾਹਿਬ ਪ੍ਰਤੀ ਸਤਿਕਾਰ ਭੇਟ ਕੀਤਾ। ਵੱਖ-ਵੱਖ ਸਕੂਲਾਂ ਕਾਲਜਾਂ ਦੇ ਵਿਦਿਆਰਥੀਆਂ ਵੱਲੋਂ ਵੀ ਨਗਰ ਕੀਰਤਨ ਵਿਚ ਹਾਜ਼ਰੀ ਭਰ ਕੇ ਗੁਰੂ ਸਾਹਿਬ ਪ੍ਰਤੀ ਸ਼ਰਧਾ ਪ੍ਰਗਟਾਈ।

ਸ਼੍ਰੋਮਣੀ ਕਮੇਟੀ ਵੱਲੋਂ ਨਗਰ ਕੀਰਤਨ ਦੌਰਾਨ ਵਿਸ਼ੇਸ ਬੱਸ ਰਾਹੀਂ ਜਿਥੇ ਸੰਗਤਾਂ ਨੂੰ ਗੁਰੂ ਸਾਹਿਬਾਨ ਦੇ ਇਤਿਹਾਸਕ ਸ਼ਸਤਰਾਂ ਦੇ ਦਰਸ਼ਨ ਕਰਵਾਏ ਜਾ ਰਹੇ ਹਨ, ਉਥੇ ਹੀ ਵੱਡਅਕਾਰੀ ਸਕਰੀਨਾਂ 'ਤੇ ਗੁਰੂ ਸਾਹਿਬ ਨਾਲ ਸੰਬੰਧਿਤ ਪਾਵਨ ਅਸਥਾਨਾਂ ਅਤੇ ਇਤਿਹਾਸ ਬਾਰੇ ਦਿਖਾਈਆਂ ਜਾ ਰਹੀਆਂ ਦਸਤਾਵੇਜ਼ੀ ਵੀਡੀਓ ਵੀ ਸੰਗਤਾਂ ਲਈ ਖਿੱਚ ਦਾ ਕੇਂਦਰ ਹਨ।

ਇਹ ਨਗਰ ਕੀਰਤਨ ਅੱਜ ਰਾਤ ਆਸਨਸੋਲ ਰੁਕੇਗਾ, ਜਿਥੋਂ ੨੬ ਅਗਸਤ ਨੂੰ ਅਗਲੇ ਪੜਾਅ ਟਾਟਾ ਨਗਰ ਲਈ ਰਵਾਨਾ ਹੋਵੇਗਾ।

ਇਸ ਮੌਕੇ ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਰਜਿੰਦਰ ਸਿੰਘ ਮਹਿਤਾ, ਸ. ਸੁਰਜੀਤ ਸਿੰਘ ਭਿੱਟੇਵਡ, ਭਾਈ ਅਜੈਬ ਸਿੰਘ ਅਭਿਆਸੀ, ਸ. ਜਗਸੀਰ ਸਿੰਘ ਮਾਂਗੇਆਣਾ, ਵਧੀਕ ਸਕੱਤਰ ਸ. ਬਿਜੈ ਸਿੰਘ, ਮੀਤ ਸਕੱਤਰ ਸ. ਬਲਵਿੰਦਰ ਸਿੰਘ ਖੈਰਾਬਾਦ, ਸ. ਰਾਮ ਸਿੰਘ ਰਾਠੌਰ ਮੁੰਬਈ, ਡਾ. ਸਤਨਾਮ ਸਿੰਘ ਆਹਲੂਵਾਲੀਆ, ਇੰਚਾਰਜ ਸ. ਦਵਿੰਦਰ ਸਿੰਘ ਖੁਸ਼ੀਪੁਰ, ਮੈਨੇਜਰ ਸ. ਸਤਿੰਦਰ ਸਿੰਘ, ਭਾਈ ਜਗਦੇਵ ਸਿੰਘ, ਸਥਾਨਕ ਗੁਰਦੁਆਰਾ ਸਾਹਿਬ ਦੇ ਪ੍ਰਬੰਧਕ ਭਾਈ ਰਣਜੀਤ ਸਿੰਘ, ਭਾਈ ਜਤਿੰਦਰ ਸਿੰਘ ਚਾਹਲ, ਭਾਈ ਇੰਦਰਜੀਤ ਸਿੰਘ ਸੇਖੋਂ, ਭਾਈ ਬਲਵੰਤ ਸਿੰਘ ਸੇਖੋਂ, ਭਾਈ ਇੰਦਰਪ੍ਰੀਤ ਸਿੰਘ, ਭਾਈ ਗੁਰਮੀਤ ਸਿੰਘ ਸਮੇਤ ਸੰਗਤਾਂ ਹਾਜ਼ਰ ਸਨ। ੨੫ ਅਗਸਤ

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ:

ਅਸਾਮ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਆਸਨਸੋਲ ਤੋਂ ਜਮਸ਼ੇਦਪੁਰ ਟਾਟਾ ਨਗਰ ਲਈ ਰਵਾਨਾ

ਅੰਮ੍ਰਿਤਸਰ-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ ੩੫੦ ਸਾਲਾ ਸ਼ਤਾਬਦੀ ਦੇ ਸਬੰਧ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਧੋਬੜੀ ਸਾਹਿਬ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਅੱਜ ਗੁਰਦੁਆਰਾ ਗੁਰੂ ਨਾਨਕ ਆਸਨਸੋਲ ਤੋਂ ਅਗਲੇ ਪੜਾਅ ਜਮਸ਼ੇਦਪੁਰ ਟਾਟਾ ਨਗਰ ਲਈ ਰਵਾਨਾ ਹੋਇਆ।

ਨਗਰ ਕੀਰਤਨ ਦੀ ਰਵਾਨਗੀ ਤੋਂ ਪਹਿਲਾਂ ਧਾਰਮਿਕ ਦੀਵਾਨ ਸਜਾਏ ਗਏ ਜਿਸ ਵਿਚ ਰਾਗੀ ਜਥਿਆਂ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ ਨੇ ਸੰਗਤਾਂ ਨਾਲ ਗੁਰੂ ਸਾਹਿਬ ਦੇ ਜੀਵਨ ਇਤਿਹਾਸ ਦੀ ਸਾਂਝ ਪਾਈ।

ਰਵਾਨਗੀ ਤੋਂ ਪਹਿਲਾਂ ਗੁਰਦੁਆਰਾ ਗੁਰੂ ਨਾਨਕ ਦੇ ਪ੍ਰਬੰਧਕਾਂ ਵੱਲੋਂ ਪੰਜ ਪਿਆਰੇ ਸਾਹਿਬਾਨ, ਨਿਸ਼ਾਨਚੀ ਸਿੰਘਾਂ ਅਤੇ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਿਰੋਪਾਓ ਦਿੱਤੇ ਗਏ।

ਅੱਜ ਇਹ ਨਗਰ ਕੀਰਤਨ ਗੁਰਦੁਆਰਾ ਗੁਰੂ ਨਾਨਕ ਆਸਨਸੋਲ ਤੋਂ ਆਰੰਭ ਹੋ ਕੇ ਕੁਮਾਡੁਬੀ, ਬਰਾਕਰ, ਨਿਰਸਾ, ਧਨਬਾਦ, ਬੋਕਾਰੋ, ਚਾਂਡਿਲ ਤੋਂ ਹੁੰਦਾ ਹੋਇਆ ਜਮਸ਼ੇਦਪੁਰ ਟਾਟਾ ਨਗਰ ਪੁੱਜਾ। ਰਸਤੇ ਵਿਚ ਵੱਖ-ਵੱਖ ਪੜਾਵਾਂ ਤੇ ਸੰਗਤਾਂ ਵੱਲੋਂ ਭਰਵਾਂ ਸਵਾਗਤ ਕਰਦਿਆਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਰੁਮਾਲਾ ਸਾਹਿਬ ਭੇਟ ਕਰਕੇ ਸਤਿਕਾਰ ਦਿੱਤਾ ਗਿਆ। ਨਗਰ ਕੀਰਤਨ ਵਿਚ ਵੱਖ-ਵੱਖ ਸਕੂਲਾਂ ਕਾਲਜਾਂ ਦੇ ਵਿਦਿਆਰਥੀ ਅਤੇ ਗਤਕਾ ਪਾਰਟਰੀਆਂ ਵੱਲੋਂ ਵੀ ਹਾਜ਼ਰੀ ਭਰੀ ਗਈ। ਸੰਗਤਾਂ ਵੱਲੋਂ ਵੱਖ-ਵੱਖ ਪਕਵਾਨਾਂ ਦੇ ਲੰਗਰ ਵੀ ਲਗਾਏ ਗਏ ਸਨ।

ਸ਼੍ਰੋਮਣੀ ਕਮੇਟੀ ਵੱਲੋਂ ਨਗਰ ਕੀਰਤਨ ਨਾਲ ਚੱਲ ਰਹੀ ਗੁਰੂ ਸਾਹਿਬਾਨ ਦੇ ਇਤਿਹਾਸਕ ਸ਼ਸਤਰਾਂ ਵਾਲੀ ਬੱਸ ਅਤੇ ਵੱਡ ਅਕਾਰੀ ਸਕਰੀਨਾਂ 'ਤੇ ਗੁਰੂ ਸਾਹਿਬ ਨਾਲ ਸੰਬੰਧਿਤ ਪਾਵਨ ਅਸਥਾਨਾਂ ਅਤੇ ਇਤਿਹਾਸ ਬਾਰੇ ਦਿਖਾਈਆਂ ਜਾ ਰਹੀਆਂ ਦਸਤਾਵੇਜ਼ੀ ਵੀਡੀਓ ਪ੍ਰਤੀ ਵੀ ਸੰਗਤਾਂ ਵਿਚ ਭਾਰੀ ਉਤਸ਼ਾਹ ਸੀ।

ਇਹ ਨਗਰ ਕੀਰਤਨ ਅੱਜ ਰਾਤ ਜਮਸ਼ੇਦਪੁਰ ਟਾਟਾ ਨਗਰ ਰੁਕੇਗਾ, ਜਿਥੋਂ ੨੭ ਅਗਸਤ ਨੂੰ ਅਗਲੇ ਪੜਾਅ ਰਾਂਚੀ (ਝਾਰਖੰਡ) ਲਈ ਰਵਾਨਾ ਹੋਵੇਗਾ।

ਇਸ ਮੌਕੇ ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਸ. ਜਗਸੀਰ ਸਿੰਘ ਮਾਂਗੇਆਣਾ, ਵਧੀਕ ਸਕੱਤਰ ਸ. ਬਿਜੈ ਸਿੰਘ, ਮੀਤ ਸਕੱਤਰ ਸ. ਬਲਵਿੰਦਰ ਸਿੰਘ ਖੈਰਾਬਾਦ, ਸ. ਰਾਮ ਸਿੰਘ ਰਾਠੌਰ ਮੁੰਬਈ, ਇੰਚਾਰਜ ਸ. ਦਵਿੰਦਰ ਸਿੰਘ ਖੁਸ਼ੀਪੁਰ, ਮੈਨੇਜਰ ਸ. ਸਤਿੰਦਰ ਸਿੰਘ, ਭਾਈ ਜਗਦੇਵ ਸਿੰਘ, ਸਥਾਨਕ ਗੁਰਦੁਆਰਾ ਸਾਹਿਬ ਦੇ ਪ੍ਰਬੰਧਕ ਭਾਈ ਅਮਰਜੀਤ ਸਿੰਘ ਪ੍ਰਧਾਨ, ਭਾਈ ਬਲਵਿੰਦਰ ਸਿੰਘ ਸਕੱਤਰ ਸਮੇਤ ਸੰਗਤਾਂ ਹਾਜ਼ਰ ਸਨ। ੨੬ ਅਗਸਤ

ਸ਼੍ਰੋਮਣੀ ਕਮੇਟੀ ਹੜ੍ਹਾਂ ਦੀ ਸਥਿਤੀ ਦੇ ਮੱਦੇਨਜ਼ਰ ਪੀੜਤਾਂ ਲਈ ਹਰ ਸੰਭਵ ਸਹਾਇਤਾ ਲਈ ਵਚਨਬੱਧ

ਵੱਖ-ਵੱਖ ਗੁਰਦੁਆਰਾ ਸਾਹਿਬਾਨ ਵਿਚ ਸਥਾਪਤ ਕੀਤੇ ਸਹਾਇਤਾ ਕੇਂਦਰ

ਹੜ੍ਹ ਪ੍ਰਭਾਵਿਤ ਇਲਾਕਿਆਂ 'ਚ ਸ਼੍ਰੋਮਣੀ ਕਮੇਟੀ ਦੇ ਮੁਲਾਜ਼ਮ ਸਹਾਇਤਾ ਲਈ ਕੀਤੇ ਕਾਰਜਸ਼ੀਲ

ਅੰਮ੍ਰਿਤਸਰ-ਪੰਜਾਬ ਅੰਦਰ ਬਣੀ ਹੜ੍ਹਾਂ ਦੀ ਗੰਭੀਰ ਸਥਿਤੀ ਦੇ ਮੱਦੇਨਜ਼ਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵੱਖ ਵੱਖ ਗੁਰਦੁਆਰਾ ਸਾਹਿਬਾਨ ਅੰਦਰ ਲੋਕਾਂ ਲਈ ਜਿੱਥੇ ਸਹਾਇਤਾ ਕੇਂਦਰ ਸਥਾਪਤ ਕੀਤੇ ਗਏ ਹਨ, ਉੱਥੇ ਹੀ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਨਿਰਦੇਸ਼ਾਂ ਅਨੁਸਾਰ ਹੜ੍ਹ ਪ੍ਰਭਾਵਿਤ ਲੋਕਾਂ ਦੀ ਮੰਗ ਅਨੁਸਾਰ ਲੋੜੀਂਦੀਆਂ ਜ਼ਰੂਰਤਾਂ ਵਾਸਤੇ ਵੀ ਹਰ ਸੰਭਵ ਯਤਨ ਕੀਤਾ ਜਾ ਰਿਹਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਪ੍ਰਤਾਪ ਸਿੰਘ ਨੇ ਕਿਹਾ ਕਿ ਗੁਰੂ ਸਾਹਿਬਾਨ ਵੱਲੋਂ ਦਰਸਾਏ ਮਾਰਗ 'ਤੇ ਚੱਲਦਿਆਂ ਸ਼੍ਰੋਮਣੀ ਕਮੇਟੀ ਹਰ ਮੁਸ਼ਕਲ ਸਮੇਂ ਮਾਨਵਤਾ ਨਾਲ ਖੜ੍ਹਨਾ ਆਪਣਾ ਫ਼ਰਜ਼ ਸਮਝਦੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਕਈ ਜ਼ਿਲ੍ਹਿਆਂ ਵਿਚ ਬਣੇ ਹੜ੍ਹਾਂ ਦੇ ਹਾਲਾਤਾਂ ਦੇ ਮੱਦੇਨਜ਼ਰ ਬੀਤੇ ਦਿਨਾਂ ਤੋਂ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਨਿਰਦੇਸ਼ਾਂ ਅਨੁਸਾਰਵੱਖ-ਵੱਖ ਗੁਰਦੁਆਰਾ ਸਾਹਿਬਾਨ ਅੰਦਰ ਸਹਾਇਤਾ ਕੇਂਦਰ ਸਥਾਪਤ ਕਰ ਕੇ ਲੋੜਵੰਦਾਂ

ਦੀ ਮੱਦਦ ਲਈ ਮੈਨੇਜਰ ਸਾਹਿਬਾਨ ਨੂੰ ਹਦਾਇਤਾਂ ਜਾਰੀ ਕਰ ਦਿੱਤੀਆਂ ਸਨ। ਉਨ੍ਹਾਂ ਕਿਹਾ ਕਿ ਮੌਜੂਦਾ ਸਮੇਂ ਹੜ੍ਹਾਂ ਦੀ ਸਥਿਤੀ ਹੋਰ ਵੀ ਗੰਭੀਰ ਹੁੰਦੀ ਜਾ ਰਹੀ ਹੈ, ਜਿਸ ਦੇ ਮੱਦੇਨਜ਼ਰ ਸ਼੍ਰੋਮਣੀ ਕਮੇਟੀ ਨੇ ਵੱਖ-ਵੱਖ ਗੁਰਦੁਆਰਾ ਸਾਹਿਬਾਨ ਅੰਦਰ ਰਿਹਾਇਸ਼, ਲੰਗਰ ਅਤੇ ਹੋਰ ਲੋੜੀਂਦੀਆਂ ਵਸਤਾਂ ਦੇ ਪ੍ਰਬੰਧ ਕੀਤੇ ਹਨ।

ਉਨ੍ਹਾਂ ਹੋਰ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਹੜ੍ਹ ਪੀੜਤਾਂ ਦੀ ਸਹੂਲਤ ਲਈ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਰੋਪੜ, ਗੁਰਦੁਆਰਾ ਸ੍ਰੀ ਦੁਖਨਿਵਾਰਨ ਸਾਹਿਬ ਪਾਤਸ਼ਾਹੀ ਨੌਵੀਂ ਪਟਿਆਲਾ, ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਕਪੂਰਥਲਾ, ਗੁਰਦੁਆਰਾ ਸ੍ਰੀ ਤੇਗ ਬਹਾਦਰ ਸਾਹਿਬ ਪਾਤਸ਼ਾਹੀ ਨੌਵੀਂ ਬਾਬਾ ਬਕਾਲਾ ਅੰਮ੍ਰਿਤਸਰ, ਗੁਰਦੁਆਰਾ ਸ੍ਰੀ ਬਾਉਲੀ ਸਾਹਿਬ ਗੋਇੰਦਵਾਲ ਸਾਹਿਬ ਤਰਨ ਤਾਰਨ, ਗੁਰਦੁਆਰਾ ਭੱਠਾ ਸਾਹਿਬ ਪਾਤਸ਼ਾਹੀ ਦਸਵੀਂ ਕੋਟਲਾ ਨਿਹੰਗ ਰੋਪੜ, ਗੁਰਦੁਆਰਾ ਸ੍ਰੀ ਚਮਕੌਰ ਸਾਹਿਬ ਰੂਪਨਗਰ, ਗੁਰਦੁਆਰਾ ਸ੍ਰੀ ਚਰਨਕੰਵਲ ਸਾਹਿਬ ਮਾਛੀਵਾੜਾ ਲੁਧਿਆਣਾ, ਗੁਰਦੁਆਰਾ ਸ੍ਰੀ ਬਾਰਠ ਸਾਹਿਬ ਪਠਾਨਕੋਟ, ਗੁਰਦੁਆਰਾ ਬਾਬਾ ਬੁੱਢਾ ਸਾਹਿਬ ਜੀ ਰਾਮਦਾਸ ਅੰਮ੍ਰਿਤਸਰ, ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਗੁਰਦਾਸਪੁਰ, ਗੁਰਦੁਆਰਾ ਚੋਹਲਾ ਸਾਹਿਬ ਪਾਤਸ਼ਾਹੀ ਪੰਜਵੀਂ ਤਰਨ ਤਾਰਨ, ਗੁਰਦੁਆਰਾ ਗੁਰੂਸਰ ਜਾਮਨੀ ਸਾਹਿਬ ਪਾਤਸ਼ਾਹੀ ਦਸਵੀਂ ਬਜ਼ੀਦਪੁਰ ਫਿਰੋਜ਼ਪੁਰ, ਗੁਰਦੁਆਰਾ ਪ੍ਰਕਾਸ਼ ਅਸਥਾਨ ਭਾਈ ਲਾਲੂ ਜੀ ਡੱਲਾ ਕਪੂਰਥਲਾ, ਗੁਰਦੁਆਰਾ ਭਾਈ ਤਾਰਾ ਸਿੰਘ ਜੀ ਸ਼ਹੀਦ ਪਿੰਡ ਵਾਂ ਤਰਨ ਤਾਰਨ, ਗੁਰਦੁਆਰਾ ਬਾਬਾ ਬੀਰ ਸਿੰਘ ਜੀ ਪਿੰਡ ਰੱਤੋਕੇ ਤਰਨ ਤਾਰਨ ਵਿਖੇ ਕੇਂਦਰ ਸਥਾਪਤ ਕੀਤੇ ਗਏ ਹਨ। ਉਨ੍ਹਾਂ ਸੰਗਤਾਂ ਨੂੰ ਅਪੀਲ ਕੀਤੀ ਕਿ ਹੜ੍ਹ ਪ੍ਰਭਾਵਿਤ ਲੋਕ ਸਬੰਧਤ ਗੁਰਦੁਆਰਾ ਸਾਹਿਬਾਨ ਦੇ ਪ੍ਰਬੰਧਕਾਂ ਨਾਲ ਸਹਾਇਤਾ ਲਈ ਸੰਪਰਕ ਕਰਨ।੨੬ ਅਗਸਤ

ਹੜ੍ਹ ਪ੍ਰਭਾਵਿਤ ਲੋਕ ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਵਾਲੇ ਗੁਰਦੁਆਰਾ ਸਾਹਿਬਾਨ ਨਾਲ ਕਰਨ ਸੰਪਰਕ- ਐਡਵੋਕੇਟ ਧਾਮੀ

ਪਾਕਿਸਤਾਨ ਸਥਿਤ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਵਿਖੇ ਪਾਣੀ ਭਰਨ 'ਤੇ ਪ੍ਰਗਟਾਈ ਚਿੰਤਾ

ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਪੰਜਾਬ ਅੰਦਰ ਹੜ੍ਹਾਂ ਦੇ ਹਾਲਾਤ 'ਤੇ ਗਹਿਰੀ ਚਿੰਤਰ ਪ੍ਰਗਟ ਕਰਦਿਆਂ ਇਸ ਔਖੀ ਘੜੀ ਸੰਗਤ ਨੂੰ ਅਪੀਲ ਕੀਤੀ ਕਿ ਪਿੰਡਾਂ ਅੰਦਰ ਗੁਰਦੁਆਰਾ ਸਾਹਿਬਾਨ ਦੀ ਸਾਂਭ-ਸੰਭਾਲ ਵੱਲ ਉਚੇਚਾ ਧਿਆਨ ਦਿੱਤਾ ਜਾਵੇ ਅਤੇ ਪ੍ਰਭਾਵਿਤ ਇਲਾਕਿਆਂ ਵਿੱਚੋਂ ਪਾਵਨ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਸਰੂਪ ਸੁਰੱਖਿਅਤ ਥਾਵਾਂ 'ਤੇ ਪਹੁੰਚਾਏ ਜਾਣ।

ਜਾਰੀ ਇਕ ਬਿਆਨ ਵਿਚ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸੰਕਟ 'ਚੋਂ ਨਿਕਲਣ ਲਈ ਇਕਜੁੱਟਤਾ ਨਾਲ ਕਾਰਜ ਕੀਤੇ ਜਾਣ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਨੇ ਇਸ ਔਖੇ ਸਮੇਂ ਆਪਣੇ ਪ੍ਰਬੰਧ ਵਾਲੇ ਸਾਰੇ ਗੁਰਦੁਆਰਾ ਸਾਹਿਬਾਨ ਦੇ ਮੈਨੇਜਰਾਂ ਨੂੰ ਸਹਿਯੋਗ ਲਈ ਨਿਰਦੇਸ਼ ਦਿੱਤੇ ਹਨ। ਸੰਗਤ ਲਈ ਸਰਾਵਾਂ ਤੇ ਲੰਗਰ ਦੇ ਪ੍ਰਬੰਧ ਨਿਰੰਤਰ ਜਾਰੀ ਹਨ। ਇਸ ਤੋਂ ਇਲਾਵਾ ਲੋਕਾਂ ਤੀਕ ਪੁੱਜ ਕੇ ਹਾਲਾਤ ਵੀ ਜਾਣੇ ਜਾ ਰਹੇ ਹਨ ਅਤੇ ਮੱਦਦ ਵਾਸਤੇ ਸ਼੍ਰੋਮਣੀ ਕਮੇਟੀ ਹਰ ਤਰ੍ਹਾਂ ਸੰਪਰਕ ਕਰ ਰਹੀ ਹੈ।

ਉਨ੍ਹਾਂ ਕਿਹਾ ਕਿ ਇਸ ਮੁਸ਼ਕਿਲ ਸਮੇਂ ਵਿਚ ਜਿਥੇ ਲੋਕਾਂ ਨੂੰ ਲੋੜੀਂਦੀਆਂ ਸਹੂਲਤਾਂ ਦੀ ਜ਼ਰੂਰਤ

ਹੈ, ਉਥੇ ਹੀ ਗੁਰੂ ਘਰਾਂ ਵਿੱਚੋਂ ਪਾਵਨ ਸਰੂਪਾਂ ਦਾ ਸੁਰੱਖਿਅਤ ਥਾਵਾਂ 'ਤੇ ਪਹੁੰਚਾਉਣਾ ਵੀ ਜ਼ਰੂਰੀ ਹੈ। ਇਸ ਸਬੰਧ ਵਿਚ ਸੰਗਤਾਂ ਨੇੜਲੇ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀਆਂ ਸੇਵਾਵਾਂ ਪ੍ਰਾਪਤ ਕਰਨ। ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਵਾਲੇ ਹਰ ਗੁਰਦੁਆਰਾ ਸਾਹਿਬਾਨ ਇਸ ਸਹਾਇਤਾ ਲਈ ਤਿਆਰ ਹਨ। ਸ਼੍ਰੋਮਣੀ ਕਮੇਟੀ ਨੇ ਪਾਵਨ ਸਰੂਪ ਲੈ ਕੇ ਆਉਣ ਦੇ ਵੀ ਪ੍ਰਬੰਧ ਕੀਤੇ ਹੋਏ ਹਨ ਅਤੇ ਸੰਗਤਾਂ ਲੋੜ ਅਨੁਸਾਰ ਨੇੜਲੇ ਗੁਰਦੁਆਰਾ ਸਾਹਿਬਾਨ ਨਾਲ ਸੰਪਰਕ ਕਰ ਸਕਦੀਆਂ ਹਨ।

ਐਡਵੋਕੇਟ ਧਾਮੀ ਨੇ ਪਾਕਿਸਤਾਨ ਸਥਿਤ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਕਰਤਾਰਪੁਰ ਸਾਹਿਬ ਅੰਦਰ ਭਾਰੀ ਮਾਤਰਾ ਵਿਚ ਪਾਣੀ ਆ ਜਾਣ 'ਤੇ ਵੀ ਚਿੰਤਾ ਜ਼ਾਹਰ ਕੀਤੀ ਹੈ। ਉਨ੍ਹਾਂ ਕਿਹਾ ਕਿ ਇਸ ਇਤਿਹਾਸਕ ਅਸਥਾਨ ਦਾ ਪਾਣੀ ਨਾਲ ਭਰਿਆ ਦ੍ਰਿਸ਼ ਵੇਖ ਕੇ ਮਨ ਨੂੰ ਗਹਿਰੀ ਪੀੜਾ ਪੁੱਜੀ ਹੈ। ਐਡਵੋਕੇਟ ਧਾਮੀ ਨੇ ਮੁੜ ਦੁਹਰਾਇਆ ਕਿ ਪ੍ਰਭਾਵਿਤ ਲੋਕਾਂ ਲਈ ਸ਼੍ਰੋਮਣੀ ਕਮੇਟੀ ਹਰ ਸਮੇਂ ਹਾਜ਼ਰ ਹੈ ਅਤੇ ਲੋੜੀਂਦੀਂਆਂ ਸੇਵਾਵਾਂ ਲਈ ਗੁਰਦੁਆਰਾ ਸਾਹਿਬਾਨ ਨਾਲ ਰਾਬਤਾ ਕੀਤਾ ਜਾ ਸਕਦਾ ਹੈ। ਉਨ੍ਹਾਂ ਸਰਕਾਰਾਂ ਨੂੰ ਅਪੀਲ ਕੀਤੀ ਕਿ ਉਹ ਰਾਹਤ ਕਾਰਜਾਂ ਵੱਲ ਉਚੇਚਾ ਧਿਆਨ ਦੇਣ ਤੇ ਲੋਕਾਂ ਨੂੰ ਲੋੜੀਂਦੀਆਂ ਸੇਵਾਵਾਂ ਲਈ ਵਚਨਬੱਧ ਹੋਣ। ੨੭ ਅਗਸਤ

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ:

ਅਸਾਮ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਜਮਸ਼ੇਦਪੁਰ ਟਾਟਾ ਨਗਰ ਤੋਂ ਰਾਂਚੀ ਲਈ ਰਵਾਨਾ

ਵੱਖ ਵੱਖ ਪੜਾਵਾਂ ਤੇ ਨਗਰ ਕੀਰਤਨ ਪ੍ਰਤੀ ਸੰਗਤਾਂ ਵਿੱਚ ਵੱਡਾ ਉਤਸ਼ਾਹ

ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ ੩੫੦ ਸਾਲਾ ਸ਼ਤਾਬਦੀ ਦੇ ਸਬੰਧ ਵਿੱਚ ਗੁਰਦੁਆਰਾ ਧੋਬੜੀ ਸਾਹਿਬ ਆਸਾਮ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਅੱਜ ਜਮਸ਼ੇਦਪੁਰ ਟਾਟਾ ਨਗਰ ਤੋਂ ਆਪਣੇ ਅਗਲੇ ਪੜਾਅ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਰਾਂਚੀ ਝਾਰਖੰਡ ਲਈ ਰਵਾਨਾ ਹੋਇਆ।

ਨਗਰ ਕੀਰਤਨ ਦੀ ਰਵਾਨਗੀ ਤੋਂ ਪਹਿਲਾਂ ਗੁਰਦੁਆਰਾ ਸਾਹਿਬ ਵਿਖੇ ਧਾਰਮਿਕ ਦੀਵਾਨ ਸਜਾਏ ਗਏ ਜਿਸ ਵਿਚ ਰਾਗੀ ਜਥਿਆਂ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ ਨੇ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਸਾਂਝੀਆਂ ਕੀਤੀਆਂ। ਰਵਾਨਗੀ ਤੋਂ ਪਹਿਲਾਂ ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਵੱਲੋਂ ਪੰਜ ਪਿਆਰੇ ਸਾਹਿਬਾਨ, ਨਿਸ਼ਾਨਚੀ ਸਿੰਘਾਂ ਅਤੇ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਿਰੋਪਾਓ ਦਿੱਤੇ ਗਏ।

ਅੱਜ ਇਹ ਨਗਰ ਕੀਰਤਨ ਗੁਰਦੁਆਰਾ ਨਾਨਕਸਰ ਸਾਹਿਬ ਟੈਲਕੋ ਜਮਸ਼ੇਦਪੁਰ ਤੋਂ ਆਰੰਭ ਹੋ ਕੇ ਵੱਖ ਵੱਖ ਪੜਾਵਾਂ ਤੋਂ ਹੁੰਦਾ ਹੋਇਆ ਰਾਂਚੀ ਪੁੱਜਾ। ਰਸਤੇ ਵਿਚ ਸੰਗਤਾਂ ਨੇ ਭਰਵਾਂ ਸਵਾਗਤ ਕਰਦਿਆਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਰੁਮਾਲਾ ਸਾਹਿਬ ਭੇਟ ਕਰਕੇ ਸਤਿਕਾਰ ਦਿੱਤਾ। ਸਥਾਨਕ ਸੰਗਤਾਂ ਸ਼ਬਦ ਕੀਰਤਨ ਕਰਦਿਆਂ ਅੱਗੇ ਤੋਂ ਨਗਰ ਕੀਰਤਨ ਦੇ ਸਵਾਗਤ ਲਈ ਆਈਆਂ। ਇਸ ਦੌਰਾਨ ਝਾਰਖੰਡ ਦੇ ਸਾਬਕਾ ਮੁੱਖ ਮੰਤਰੀ ਸ੍ਰੀ ਰਘੁਬਰ ਦਾਸ ਨੇ ਵੀ ਵਿਸ਼ੇਸ਼ ਤੌਰ ਤੇ ਪਹੁੰਚ ਕੇ ਨਗਰ ਕੀਰਤਨ ਦਾ ਸਵਾਗਤ ਕਰਦਿਆਂ ਗੁਰੂ ਸਾਹਿਬ ਨੂੰ ਸਤਿਕਾਰ ਭੇਟ ਕੀਤਾ। ਰਸਤੇ ਵਿਚ ਸੰਗਤਾਂ ਵੱਲੋਂ ਵੱਖ-ਵੱਖ ਪਕਵਾਨਾਂ ਦੇ ਲੰਗਰ ਵੀ ਲਗਾਏ ਗਏ ਸਨ।

ਸ਼੍ਰੋਮਣੀ ਕਮੇਟੀ ਵੱਲੋਂ ਨਗਰ ਕੀਰਤਨ ਨਾਲ ਚੱਲ ਰਹੀ ਗੁਰੂ ਸਾਹਿਬਾਨ ਦੇ ਇਤਿਹਾਸਕ ਸ਼ਸਤਰਾਂ

ਵਾਲੀ ਬੱਸ ਅਤੇ ਵੱਡਅਕਾਰੀ ਸਕਰੀਨਾਂ 'ਤੇ ਗੁਰੂ ਸਾਹਿਬ ਨਾਲ ਸੰਬੰਧਿਤ ਪਾਵਨ ਅਸਥਾਨਾਂ ਅਤੇ ਇਤਿਹਾਸ ਬਾਰੇ ਦਿਖਾਈਆਂ ਜਾ ਰਹੀਆਂ ਦਸਤਾਵੇਜ਼ੀ ਵੀਡੀਓ ਪ੍ਰਤੀ ਵੀ ਸੰਗਤਾਂ ਵਿਚ ਭਾਰੀ ਉਤਸ਼ਾਹ ਹੈ।

ਇਹ ਨਗਰ ਕੀਰਤਨ ਅੱਜ ਰਾਤ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਰਾਂਚੀ ਵਿਖੇ ਰੁਕੇਗਾ, ਜਿੱਥੋਂ ੨੯ ਅਗਸਤ ਨੂੰ ਅਗਲੇ ਪੜਾਅ ਤਖਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਲਈ ਰਵਾਨਾ ਹੋਵੇਗਾ।

ਇਸ ਮੌਕੇ ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਸ. ਜਗਸੀਰ ਸਿੰਘ ਮਾਂਗੇਆਣਾ, ਮੀਤ ਸਕੱਤਰ ਸ. ਬਲਵਿੰਦਰ ਸਿੰਘ ਖੈਰਾਬਾਦ, ਸ. ਰਾਮ ਸਿੰਘ ਰਾਠੌਰ ਮੁੰਬਈ, ਇੰਚਾਰਜ ਸ. ਦਵਿੰਦਰ ਸਿੰਘ ਖੁਸ਼ੀਪੁਰ, ਮੈਨੇਜਰ ਸ. ਸਤਿੰਦਰ ਸਿੰਘ, ਭਾਈ ਜਗਦੇਵ ਸਿੰਘ, ਭਾਈ ਅਮਰਜੀਤ ਸਿੰਘ, ਭਾਈ ਬਲਵਿੰਦਰ ਸਿੰਘ ਸਮੇਤ ਸੰਗਤਾਂ ਹਾਜ਼ਰ ਸਨ। ੨੭ ਅਗਸਤ

ਸ਼੍ਰੋਮਣੀ ਕਮੇਟੀ ਨੇ 350 ਸਾਲਾ ਸ਼ਹੀਦੀ ਸ਼ਤਾਬਦੀ ਦੇ ਸਮਾਗਮਾਂ ਲਈ ਉੱਤਰ ਪ੍ਰਦੇਸ਼ ਦੇ ਮੁੱਖ ਮੰਤਰੀ ਨੂੰ ਦਿੱਤਾ ਸੱਦਾ

ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਧਾਮੀ ਦੇ ਨਿਰਦੇਸ਼ਾਂ ਅਨੁਸਾਰ ਵਫ਼ਦ ਨੇ ਮੁੱਖ ਮੰਤਰੀ ਨਾਲ ਕੀਤੀ ਮੁਲਾਕਾਤ

ਅੰਮ੍ਰਿਤਸਰ-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ ੩੫੦ ਸਾਲਾ ਸ਼ਤਾਬਦੀ ਸਬੰਧੀ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋਣ ਵਾਲੇ ਸਮਾਗਮਾਂ ਵਿੱਚ ਸਮੂਲੀਅਤ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਉੱਤਰ ਪ੍ਰਦੇਸ਼ ਦੇ ਮੁੱਖ ਮੰਤਰੀ ਸ੍ਰੀ ਅਦਿੱਤਯ ਨਾਥ ਯੋਗੀ ਨੂੰ ਸੱਦਾ-ਪੱਤਰ ਦਿੱਤਾ ਗਿਆ ਹੈ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਦਿਸ਼ਾ ਨਿਰਦੇਸ਼ ਅਨੁਸਾਰ ਬੀਤੇ ਕੱਲ੍ਹ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜੈਬ ਸਿੰਘ ਅਭਿਆਸੀ ਦੀ ਅਗਵਾਈ ਵਿਚ ਇੱਕ ਵਫਦ ਨੇ ਮੁੱਖ ਮੰਤਰੀ ਸ੍ਰੀ ਅਦਿੱਤਯ ਨਾਥ ਯੋਗੀ ਨਾਲ ਮੁਲਾਕਾਤ ਕੀਤੀ।

ਇਸ ਦੌਰਾਨ ਉੱਤਰ ਪ੍ਰਦੇਸ਼ ਦੇ ਮੁੱਖ ਮੰਤਰੀ ਨੂੰ ਸ੍ਰੀ ਅਨੰਦਪੁਰ ਸਾਹਿਬ ਵਿਖੇ ਕਰਵਾਏ ਜਾ ਰਹੇ ਸ਼ਤਾਬਦੀ ਸਮਾਗਮਾਂ ਵਿਚ ਸ਼ਮੂਲੀਅਤ ਕਰਨ ਲਈ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਪੱਤਰ ਸੌਂਪਿਆ ਗਿਆ। ਇਸ ਦੇ ਨਾਲ ਹੀ ਵਫ਼ਦ ਨੇ ਮੁੱਖ ਮੰਤਰੀ ਨੂੰ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਅਸਾਮ ਤੋਂ ਆਰੰਭ ਹੋਏ ਸ਼ਹੀਦੀ ਨਗਰ ਕੀਰਤਨ ਬਾਰੇ ਜਾਣੂ ਕਰਵਾਇਆ, ਜੋ ਭਾਰਤ ਦੇ ਹੋਰ ਸੂਬਿਆਂ ਸਮੇਤ ਉੱਤਰ ਪ੍ਰਦੇਸ਼ ਤੋਂ ਹੁੰਦਾ ਹੋਇਆ ਸ੍ਰੀ ਅਨੰਦਪੁਰ ਸਾਹਿਬ ਵਿਖੇ ਸੰਪੂਰਨ ਹੋਵੇਗਾ।

ਮੁੱਖ ਮੰਤਰੀ ਨਾਲ ਮੁਲਾਕਾਤ ਕਰਨ ਵਾਲੇ ਵਫ਼ਦ ਵਿਚ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜੈਬ ਸਿੰਘ ਅਭਿਆਸੀ, ਉੱਤਰ ਪ੍ਰਦੇਸ਼ ਸਿੱਖ ਮਿਸ਼ਨ ਹਾਪੁੜ ਦੇ ਇੰਚਾਰਜ ਸ. ਬ੍ਰਿਜਪਾਲ ਸਿੰਘ, ਗੁਰਦੁਆਰਾ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਯਹਿਆਗੰਜ ਲਖਨਊ ਦੇ ਪ੍ਰਧਾਨ ਡਾ. ਗੁਰਮੀਤ ਸਿੰਘ ਤੇ ਉੱਤਰ ਪ੍ਰਦੇਸ਼ ਘੱਟਗਿਣਤੀ ਕਮਿਸ਼ਨ ਦੇ ਮੈਂਬਰ ਸ. ਪਰਵਿੰਦਰ ਸਿੰਘ ਸ਼ਾਮਲ ਸਨ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਭਾਈ ਅਜੈਬ ਸਿੰਘ ਅਭਿਆਸੀ ਨੇ ਦੱਸਿਆ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ, ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਤੇ ਭਾਈ ਦਿਆਲਾ ਜੀ ਦੇ ੩੫੦ ਸਾਲਾ ਸ਼ਹੀਦੀ ਸ਼ਤਾਬਦੀ ਦੇ ਨਵੰਬਰ ਵਿਚ ਹੋ ਰਹੇ ਸਮਾਗਮਾਂ ਵਿਚ ਸਮੂਲੀਅਤ ਲਈ ਦੇਸ਼ ਭਰ ਦੀਆਂ ਪ੍ਰਮੁੱਖ ਸਖਸ਼ੀਅਤਾਂ ਨੂੰ ਸਦਾ ਪੱਤਰ ਦਿੱਤੇ ਜਾ ਰਹੇ ਹਨ। ਇਸੇ ਸਬੰਧ ਵਿਚ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਨਿਰਦੇਸ਼ਾਂ ਅਨੁਸਾਰ ਵਫ਼ਦ ਵੱਲੋਂ ਉੱਤਰ ਪ੍ਰਦੇਸ਼ ਦੇ ਮੁੱਖ ਮੰਤਰੀ ਨਾਲ ਮੁਲਾਕਾਤ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ੍ਰੀ ਅਦਿੱਤਯ ਨਾਥ ਯੋਗੀ

ਨੇ ਜਿਥੇ ਸ਼੍ਰੋਮਣੀ ਕਮੇਟੀ ਵੱਲੋਂ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋ ਰਹੇ ਸਮਾਗਮਾਂ ਵਿਚ ਸ਼ਮੂਲੀਅਤ ਕਰਨ ਦਾ ਭਰੋਸਾ ਦਿੱਤਾ, ਉੱਥੇ ਹੀ ਸ਼ਹੀਦੀ ਨਗਰ ਕੀਰਤਨ ਦੌਰਾਨ ਉੱਤਰ ਪ੍ਰਦੇਸ਼ ਵਿਚ ਉਚਿਤ ਪ੍ਰਬੰਧਾਂ ਲਈ ਵਿਸ਼ਵਾਸ ਦਿਵਾਉਂਦਿਆਂ ਸੂਬੇ ਅੰਦਰ ਨਗਰ ਕੀਰਤਨ ਦਾ ਸਰਕਾਰੀ ਤੌਰ 'ਤੇ ਸਵਾਗਤ ਕਰਨ ਦੀ ਵੀ ਵਚਨਬੱਧਤਾ ਪ੍ਰਗਟਾਈ ਹੈ।

ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਵੱਲੋਂ ਉੱਤਰ ਪ੍ਰਦੇਸ਼ ਵਿਚ ਨਗਰ ਕੀਰਤਨ ਸਬੰਧੀ ਹਰ ਤਰ੍ਹਾਂ ਦੇ ਪ੍ਰਬੰਧਾਂ ਦੀ ਜ਼ੁੰਮੇਵਾਰੀ ਉੱਤਰ ਪ੍ਰਦੇਸ਼ ਸਰਕਾਰ ਦੇ ਰਾਜ ਮੰਤਰੀ ਸ. ਬਲਦੇਵ ਸਿੰਘ ਔਲਖ ਨੂੰ ਦਿੱਤੀ ਗਈ ਹੈ। ਉਨ੍ਹਾਂ ਇਹ ਵੀ ਕਿਹਾ ਕਿ ਨਗਰ ਕੀਰਤਨ ਦਾ ਪੂਰੇ ਉੱਤਰ ਪ੍ਰਦੇਸ਼ ਵਿੱਚ ਭਰਵਾਂ ਸਵਾਗਤ ਤੇ ਸਨਮਾਨ ਹੋਵੇਗਾ। ੨੮ ਅਗਸਤ

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ:

ਗੁਰਦੁਆਰਾ ਧੋਬੜੀ ਸਾਹਿਬ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਰਾਂਚੀ ਤੋਂ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਲਈ ਰਵਾਨਾ

ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ ੩੫੦ ਸਾਲਾ ਸ਼ਤਾਬਦੀ ਦੇ ਸਬੰਧ ਵਿੱਚ ਗੁਰਦੁਆਰਾ ਧੋਬੜੀ ਸਾਹਿਬ ਆਸਾਮ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਰਾਂਚੀ ਝਾਰਖੰਡ ਤੋਂ ਅਗਲੇ ਪੜਾਅ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਬਿਹਾਰ ਲਈ ਰਵਾਨਾ ਹੋਇਆ।

ਨਗਰ ਕੀਰਤਨ ਦੀ ਰਵਾਨਗੀ ਤੋਂ ਪਹਿਲਾਂ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਰਾਂਚੀ ਵਿਖੇ ਸੱਜੇ ਧਾਰਮਿਕ ਦੀਵਾਨ ਵਿਚ ਰਾਗੀ ਜਥਿਆਂ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ ਨੇ ਸੰਗਤਾਂ ਨੂੰ ਗੁਰੂ-ਜਸ ਨਾਲ ਜੋੜਿਆ। ਇਸ ਦੌਰਾਨ ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਵੱਲੋਂ ਪੰਜ ਪਿਆਰੇ ਸਾਹਿਬਾਨ, ਨਿਸ਼ਾਨਚੀ ਸਿੰਘਾਂ ਅਤੇ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਿਰੋਪਾਓ ਦਿੱਤੇ ਗਏ।

ਨਗਰ ਕੀਰਤਨ ਦੀ ਆਰੰਭਤਾ ਮੌਕੇ ਝਾਰਖੰਡ ਦੇ ਚੀਫ ਸੈਕਟਰੀ ਸ੍ਰੀਮਤੀ ਅਲਕਾ ਤਿਵਾੜੀ, ਘੱਟਗਿਣਤੀ ਕਮਿਸ਼ਨ ਦੇ ਵਾਈਸ ਚੇਅਰਮੈਨ ਸ. ਜੋਤੀ ਸਿੰਘ ਮਠਾਰੂ, ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਦੇ ਜਨਰਲ ਸਕੱਤਰ ਸ. ਇੰਦਰਜੀਤ ਸਿੰਘ ਸਮੇਤ ਸੰਗਤਾਂ ਨੇ ਸ਼ਮੂਲੀਅਤ ਕੀਤੀ। ਸਾਰੇ ਰਸਤੇ ਵਿਚ ਨਗਰ ਕੀਰਤਨ ਦਾ ਸੰਗਤਾਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ ਅਤੇ ਵੱਖ-ਵੱਖ ਪੜਾਵਾਂ 'ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਰੁਮਾਲਾ ਸਾਹਿਬ ਭੇਟ ਕਰਕੇ ਸਤਿਕਾਰ ਦਿੱਤਾ। ਨਗਰ ਕੀਰਤਨ ਨਾਲ ਗੁਰੂ ਸਾਹਿਬਾਨ ਦੇ ਇਤਿਹਾਸਕ ਸ਼ਸਤਰਾਂ ਵਾਲੀ ਬੱਸ ਅਤੇ ਵੱਡ ਅਕਾਰੀ ਸਕਰੀਨਾਂ 'ਤੇ ਗੁਰੂ ਸਾਹਿਬ ਨਾਲ ਸੰਬੰਧਿਤ ਪਾਵਨ ਅਸਥਾਨਾਂ ਅਤੇ ਇਤਿਹਾਸ ਬਾਰੇ ਦਿਖਾਈਆਂ ਜਾ ਰਹੀਆਂ ਦਸਤਾਵੇਜ਼ੀ ਵੀਡੀਓ ਪ੍ਰਤੀ ਵੀ ਸੰਗਤਾਂ ਵਿਚ ਭਾਰੀ ਉਤਸ਼ਾਹ ਹੈ।

ਇਹ ਨਗਰ ਕੀਰਤਨ ਅੱਜ ਰਾਤ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਬਿਹਾਰ ਵਿਖੇ ਪੁੱਜੇਗਾ, ਜਿਥੇ ਸ਼੍ਰੋਮਣੀ ਕਮੇਟੀ ਵੱਲੋਂ ਰਾਤ ਨੂੰ ਵਿਸ਼ੇਸ਼ ਤੌਰ 'ਤੇ ਗੁਰਮਤਿ ਸਮਾਗਮ ਹੋਣਗੇ। ੨੯ ਅਗਸਤ ਨੂੰ ਨਗਰ ਕੀਰਤਨ ਆਪਣੇ ਅਗਲੇ ਪੜਾਅ ਗੁਰਦੁਆਰਾ ਚਾਚਾ ਫੱਗੂ ਮੱਲ ਜੀ, ਸਾਸਾਰਾਮ ਲਈ ਰਵਾਨਾ ਹੋਵੇਗਾ।

ਇਸ ਮੌਕੇ ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਸ. ਜਗਸੀਰ ਸਿੰਘ ਮਾਂਗੇਆਣਾ, ਮੀਤ ਸਕੱਤਰ ਸ. ਬਲਵਿੰਦਰ ਸਿੰਘ ਖੈਰਾਬਾਦ, ਸ. ਰਾਮ ਸਿੰਘ ਰਾਠੌਰ ਮੁੰਬਈ, ਇੰਚਾਰਜ ਸ. ਦਵਿੰਦਰ ਸਿੰਘ ਖੁਸ਼ੀਪੁਰ, ਮੈਨੇਜਰ ਸ. ਸਤਿੰਦਰ ਸਿੰਘ, ਭਾਈ ਜਗਦੇਵ ਸਿੰਘ, ਸਥਾਨਕ ਸਿੱਖ ਆਗੂ ਸ. ਗੁਰਦੀਪ ਸਿੰਘ, ਸ. ਇੰਦਰਜੀਤ ਸਿੰਘ ਟਾਟਾ ਨਗਰ, ਸ. ਗਗਨਦੀਪ ਸਿੰਘ, ਸ. ਕੁਲਤਾਰ ਸਿੰਘ, ਸ. ਪਰਮਜੀਤ ਸਿੰਘ, ਸ. ਹੈਪੀ ਸਿੰਘ ਸਮੇਤ ਵੱਡੀ ਗਿਣਤੀ ਸੰਗਤਾਂ ਹਾਜ਼ਰ ਸਨ।੨੮ ਅਗਸਤ

ਸ਼੍ਰੋਮਣੀ ਕਮੇਟੀ ਵੱਲੋਂ ਹੜ੍ਹ ਪ੍ਰਭਾਵਿਤ ਲੋਕਾਂ ਦੀ ਮਦਦ ਲਈ ਸੇਵਾਵਾਂ ਨਿਰੰਤਰ ਜਾਰੀ

ਸ਼੍ਰੋਮਣੀ ਕਮੇਟੀ ਮੁਲਾਜ਼ਮ ਪੀੜਤਾਂ ਤਕ ਪਹੁੰਚ ਕੇ ਕਰ ਰਹੇ ਹਨ ਸੇਵਾ

ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਹੜ੍ਹ ਪ੍ਰਭਾਵਿਤ ਲੋਕਾਂ ਦੀ ਮਦਦ ਲਈ ਸੇਵਾਵਾਂ ਨਿਰੰਤਰ ਜਾਰੀ ਹਨ। ਪ੍ਰਭਾਵਿਤ ਇਲਾਕਿਆਂ ਵਿੱਚ ਸ਼੍ਰੋਮਣੀ ਕਮੇਟੀ ਦੇ ਮੁਲਾਜ਼ਮ ਪੀੜਤਾਂ ਤਕ ਪਹੁੰਚ ਕੇ ਹਰ ਸੰਭਵ ਮਦਦ ਦੇਣ ਲਈ ਕਾਰਜਸ਼ੀਲ ਹਨ।

